ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

International Daily Newspaper & WEB TV

(ਯੂ. ਕੇ. ਤੋਂ ਪ੍ਰਕਾਸ਼ਿਤ)

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਬੁੱਧਵਾਰ, 23 ਜੁਲਾਈ 2025 (ਨਾਨਕਸ਼ਾਹੀ ਸੰਮਤ : ੫੫੭, ੮ ਸਾਵਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਬਿਕਰਮ ਮਜੀਠੀਆ ਨੂੰ ਨਹੀਂ ਮਿਲੀ ਰਾਹਤ, ਅਦਾਲਤ ਦਾ ਵੱਡਾ ਫੈਸਲਾ

ਚੰਡੀਗੜ੍ਹ, 22 ਜੁਲਾਈ (ਆਵਾਜ਼ਿ ਕੌਮ ਬਿਊਰੋ)– ਆਮਦਨ ਤੋਂ ਵੱਧ ਮਾਮਲੇ ਵਿੱਚ ਗ੍ਰਿਫਤਾਰ ਸੀਨੀਅਰ ਅਕਾਲੀ ਆਗੂ ਬਿਕਰਮ ਮਜੀਠੀਆ ਦੀ ਜ਼ਮਾਨਤ ਪਟੀਸ਼ਨ 'ਤੇ ਅੱਜ ਮੁਹਾਲੀ ਕੋਰਟ ਵਿੱਚ ਸੁਣਵਾਈ ਹੋਈ ਹੈ। ਇਸ ਮਾਮਲੇ ਵਿੱਚ ਉਨ੍ਹਾਂ ਨੂੰ ਰਾਹਤ ਨਹੀਂ ਮਿਲੀ ਹੈ। ਹਾਲਾਂਕਿ ਇਸ ਮੁੱਦੇ 'ਤੇ ਦੋ ਘੰਟੇ ਤੱਕ ਬਹਿਸ ਹੋਈ।



ਜੇਲ੍ਹ ਵਿੱਚ ਬੈਰਕਾਂ ਬਦਲਣ ਦੇ ਮਾਮਲੇ ਵਿੱਚ ਅਦਾਲਤ ਨੇ ਡੀਜੀਪੀ ਜੇਲ੍ਹ ਤੋਂ 2 ਦਿਨਾਂ ਵਿੱਚ ਰਿਪੋਰਟ ਮੰਗੀ ਹੈ। ਇਸ ਦੇ ਨਾਲ ਹੀ ਸਰਕਾਰ ਨੇ ਅਦਾਲਤ ਵਿੱਚ ਗ੍ਰਿਫ਼ਤਾਰੀ ਦੇ ਆਧਾਰ ਬਾਰੇ ਜਵਾਬ ਦਾਇਰ ਕੀਤਾ ਹੈ। ਹੁਣ ਇਸ ਮਾਮਲੇ ਦੀ ਅਗਲੀ ਸੁਣਵਾਈ 25 ਜੁਲਾਈ ਨੂੰ ਹੋਵੇਗੀ। ਮਜੀਠੀਆ ਨੂੰ ਵਿਜੀਲੈਂਸ ਬਿਊਰੋ ਨੇ 25 ਜੂਨ ਨੂੰ ਅੰਮ੍ਰਿਤਸਰ ਤੋਂ ਗ੍ਰਿਫ਼ਤਾਰ ਕੀਤਾ ਸੀ। ਮੰਨਿਆ ਜਾ ਰਿਹਾ ਹੈ ਕਿ ਵਿਜੀਲੈਂਸ ਬਿਊਰੋ ਇਸ ਮਾਮਲੇ ਵਿੱਚ ਜਲਦੀ ਹੀ ਚਲਾਨ ਪੇਸ਼ ਕਰਨ ਦੀ ਤਿਆਰੀ ਕਰ ਰਿਹਾ ਹੈ ਤਾਂ ਜੋ ਮਜੀਠੀਆ ਨੂੰ ਕਾਬੂ ਕੀਤਾ ਜਾ ਸਕੇ। ਹਾਲਾਂਕਿ, ਸੀਐਮ ਭਗਵੰਤ ਮਾਨ ਇਸਨੂੰ ਸਰਕਾਰ ਵੱਲੋਂ ਚਲਾਈ ਜਾ ਰਹੀ ਨਸ਼ਿਆਂ ਵਿਰੁੱਧ ਮੁਹਿੰਮ ਦੀ ਵੱਡੀ ਸਫਲਤਾ ਦੱਸ ਰਹੇ ਹਨ।

## ਤਰਨ ਤਾਰਨ ਜ਼ਿਮਨੀ ਚੋਣਾਂ ਤੋਂ ਪਹਿਲਾਂ

# ਅੰਮ੍ਰਿਤਪਾਲ ਸਿੰਘ ਨੂੰ ਬਦਨਾਮ ਕਰਨ ਦੀ ਸਾਜ਼ਿਸ਼ ?

---: ਆਵਾਜ਼ਿ ਕੌਮ ਦੀ ਵਿਸ਼ੇਸ਼ ਰਿਪੋਰਟ :---



ਤਰਨ ਤਾਰਨ ਦੀਆਂ ਜ਼ਿਮਨੀ ਚੋਣਾਂ ਪਹਿਲਾਂ ਪੰਜਾਬ ਵਿੱਚ ਸਿਆਸਤ ਪੂਰੀ ਤਰ੍ਹਾਂ ਨਾਲ ਗਰਮਾਈ ਹੋਈ ਹੈ। ਇਸ ਦਾ ਵੱਡਾ ਕਾਰਨ ਅੰਮ੍ਰਿਤਪਾਲ ਸਿੰਘ ਦੀ ਪਾਰਟੀ ਵੱਲੋਂ ਚੋਣਾਂ ਲੜਨ ਦਾ ਐਲਾਨ ਵੀ ਮੰਨਿਆ ਜਾ ਰਿਹਾ ਹੈ। ਹਾਲਾਂਕਿ ਹੁਣ ਇਸ ਮੌਕੇ ਮੀਡੀਆ ਦੇ ਇੱਕ ਹਿੱਸੇ ਵੱਲੋਂ ਇਸ ਗੱਲ ਨੂੰ ਰੱਜ ਕੇ ਪ੍ਰਚਾਰਿਆ ਜਾ ਰਿਹਾ ਹੈ ਕਿ ਅੰਮ੍ਰਿਤਪਾਲ ਸਿੰਘ ਜੇਲ੍ਹ ਵਿੱਚ ਨਸ਼ੇ ਕਰਦਾ ਹੈ। ਹਾਲਾਂਕਿ ਅੰਮ੍ਰਿਤਪਾਲ ਸਿੰਘ ਦੇ ਵਕੀਲ ਨੇ ਕਿਹਾ ਕਿ ਇਹ ਚੋਣਾਂ ਤੋਂ ਪਹਿਲਾਂ ਬਦਨਾਮ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਮੀਡੀਆ ਵਿੱਚ ਇਹ ਗੱਲ ਚੱਲ ਰਹੀ ਹੈ ਕਿ ਖਡੂਰ ਸਾਹਿਬ ਦੇ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਦੇ ਸਾਥੀਆਂ ਨੇ ਪੁਲਿਸ ਨੂੰ ਬਿਆਨ ਦਿੱਤੇ ਹਨ ਕਿ ਉਹ ਨਸ਼ੀਲੇ ਪਦਾਰਥਾਂ ਦਾ ਸੇਵਨ ਕਰਦਾ ਹੈ। ਸੂਤਰਾਂ ਤੋਂ ਪਤਾ ਲੱਗਾ ਹੈ ਕਿ ਅਜਨਾਲਾ ਅਦਾਲਤ ਵਿੱਚ ਪੁਲਿਸ ਵੱਲੋਂ ਪੇਸ਼ ਕੀਤੇ ਗਏ ਚਲਾਨ ਵਿੱਚ ਇਸ ਗੱਲ ਦਾ ਜ਼ਿਕਰ ਕੀਤਾ ਗਿਆ ਹੈ। ਇਹ ਵੀ ਕਿਹਾ ਗਿਆ ਹੈ ਕਿ ਅੰਮ੍ਰਿਤਪਾਲ ਸਿੰਘ ਦੇ ਸਾਥੀਆਂ ਵਰਿੰਦਰ ਸਿੰਘ ਫੌਜੀ ਤੇ ਭਗਵੰਤ ਸਿੰਘ ਪ੍ਰਧਾਨ ਮੰਤਰੀ ਬਾਜੇਕੇ ਨੇ ਪੁਲਿਸ ਨੂੰ ਬਿਆਨ ਦਿੱਤੇ ਹਨ ਹਾਲਾਂਕਿ, ਉਨ੍ਹਾਂ ਦੇ ਵਕੀਲ ਅਤੇ ਕਾਨੂੰਨੀ ਸਲਾਹਕਾਰ ਇਮਾਨ ਸਿੰਘ ਖਾਰਾ ਦਾ ਕਹਿਣਾ ਹੈ ਕਿ ਤਰਨਤਾਰਨ ਉਪ ਚੋਣ ਦਾ ਐਲਾਨ ਹੋ ਗਿਆ ਹੈ। ਇਸ ਚੋਣ ਵਿੱਚ ਅਕਾਲੀ ਦਲ ਵਾਰਿਸ ਪੰਜਾਬ ਪਾਰਟੀ ਵੀ ਲੜ ਰਹੀ ਹੈ। ਇਸ ਮਾਮਲੇ ਵਿੱਚ ਸਭ ਕੁਝ ਹੋ ਰਿਹਾ ਹੈ। ਵਕੀਲ ਨੇ ਕਿਹਾ ਕਿ ਦਿੱਤੇ ਗਏ ਬਿਆਨਾਂ ਦਾ ਕੋਈ ਮਹੱਤਵ ਨਹੀਂ ਹੈ। ਇਹ ਬਿਆਨ ਧਾਰਾ 27 ਦੇ ਤਹਿਤ ਹੈ। ਉਨ੍ਹਾਂ ਕਿਹਾ ਕਿ ਅਜਿਹੀ ਸਥਿਤੀ ਵਿੱਚ ਉਨ੍ਹਾਂ ਨੂੰ ਚੁਣੌਤੀ ਦੇਣ ਦੀ ਕੋਈ ਲੋੜ ਨਹੀਂ ਹੈ। ਉਨ੍ਹਾਂ ਕਿਹਾ ਕਿ ਪੁਲਿਸ ਵੱਲੋਂ ਇਹ ਮਨਘੜਤ ਬਿਆਨ ਦਰਜ ਕੀਤੇ ਗਏ ਹਨ। ਵਕੀਲ ਨੇ ਕਿਹਾ ਕਿ ਪ੍ਰਧਾਨ ਮੰਤਰੀ ਦੇ ਬਿਆਨਾਂ ਨੂੰ ਡੀਐਸਪੀ ਨੇ ਤਸਦੀਕ ਕੀਤਾ ਹੈ, ਇਸ ਉੱਤੇ ਤਾਰੀਕ 27 ਫਰਵਰੀ 2025 ਪਾਈ ਗਈ ਹੈ ਹਾਲਾਂਕਿ ਉਦੋਂ ਇਹ ਬੰਦੇ ਡਿਬਰੂਗੜ੍ਹ ਜੇਲ੍ਹ ਵਿੱਚ ਸਨ , ਇਨ੍ਹਾਂ ਨੂੰ ਤਾਂ 22 ਮਾਰਚ 2025 ਨੂੰ ਹੀ ਪੰਜਾਬ ਲਿਆਂਦਾ ਗਿਆ ਹੈ। ਇਹ ਸਾਰੀ ਮਨਘੜਤ ਕਹਾਣੀ ਪੰਜਾਬ ਪੁਲਿਸ ਨੇ ਰਚੀ ਹੈ। ਕਈ ਵਾਰੀ ਪੁਲਿਸ ਖਾਲੀ ਕਾਗਜ਼ਾਂ ਉੱਤੇ ਦਸਤਖ਼ਤ ਕਰਵਾ ਲੈਂਦੀ ਹੈ ਪਰ ਇਹੋ ਜਿਹੇ ਬਿਆਨਾਂ ਦੀ ਕੋਰਟ ਵਿੱਚ ਕੋਈ ਅਹਿਮੀਅਤ ਨਹੀਂ ਹੈ। ਜ਼ਿਕਰ ਕਰ ਦਈਏ ਕਿ ਇਸ ਤੋਂ ਪਹਿਲਾਂ ਅੰਮ੍ਰਿਤਪਾਲ ਸਿੰਘ ਦੇ ਭਰਾ ਉੱਤੇ ਨਸ਼ਾ ਕਰਨ ਦੇ ਇਲਜ਼ਾਮ ਲਾਏ ਗਏ ਸਨ ਪਰ ਹਾਲੇ ਤੱਕ ਇਸ ਮਾਮਲੇ ਵਿੱਚ ਕੋਈ ਪਾਰ ਨਿਤਾਰਾ ਨਹੀਂ ਹੋਇਆ ਹੈ। ਹੁਣ ਅੰਮ੍ਰਿਤਪਾਲ ਸਿੰਘ ਉੱਤੇ ਵੀ ਇਸ ਤਰ੍ਹਾਂ ਦੇ ਹੀ ਇਲਜ਼ਾਮ ਲੱਗ ਰਹੇ ਹਨ। ਜਦੋਂ ਕਿ ਅੰਮ੍ਰਿਤਪਾਲ ਸਿੰਘ ਨੇ ਮਾਝੇ ਇਲਾਕੇ ਵਿੱਚ ਨਸ਼ੇ ਦੇ ਖਾਤਮੇ ਲਈ ਵਹੀਰ ਚਲਾਈ ਸੀ। ਇਸ ਤੋਂ ਇਲਾਵਾ ਅੰਮ੍ਰਿਤਪਾਲ ਸਿੰਘ ਦੀ ਇੱਕ ਕਥਿਤ ਅਸ਼ਲੀਲ ਚੈਟ ਨੂੰ ਲੈ ਕੇ ਵੀ ਉਸ ਨੂੰ ਘੇਰਿਆ ਜਾ ਰਿਹਾ ਹੈ ਪਰ ਇਹ ਚਰਚਾਵਾਂ ਕੁਝ ਹੀ ਦਿਨਾਂ ਦੀਆਂ ਹੁੰਦੀਆਂ ਹਨ ਕਿਉਂਕਿ ਇਸ ਨੂੰ ਲੈ ਕੇ ਕੋਈ ਫੈਸਲਾ ਤਾਂ ਸਾਹਮਣੇ ਨਹੀਂ ਆਇਆ ਹੈ। ਇੱਥੇ ਇਹ ਵੀ ਗੌ਼ਰ ਕਰਨ ਵਾਲੀ ਗੱਲ ਹੈ ਕਿ ਜੇ ਅੰਮ੍ਰਿਤਪਾਲ ਸਿੰਘ ਜੇਲ੍ਹ ਵਿੱਚ ਨਸ਼ਾ ਕਰਦਾ ਹੈ ਤਾਂ ਉਸ ਨੂੰ ਉੱਥੇ ਨਸ਼ਾ ਸਪਲਾਈ ਕੌਣ ਕਰਦਾ ਹੈ ? ਉਹ ਇਸ ਵੇਲੇ ਕੇਂਦਰ ਦੀ ਜੇਲ੍ਹ ਵਿੱਚ ਬੰਦ ਹੈ ਤਾਂ ਕਿ ਫਿਰ ਉੱਥੇ ਕੇਂਦਰ ਦੀ ਇਸ਼ਾਰੇ ਉੱਤੇ ਨਸ਼ੇ ਦੀ ਸਪਲਾਈ ਹੁੰਦੀ ਹੈ। ਇਹ ਵੀ ਭੁੱਲਣ ਦੀ ਲੋੜ ਨਹੀਂ ਹੈ ਕਿ ਕੇਂਦਰ ਸਰਕਾਰ ਪੰਜਾਬੀਆਂ ਨੂੰ ਖਾਸ ਕਰਕੇ ਖਾਲਿਸਤਾਨ ਪੱਖੀਆਂ ਨੂੰ ਬਦਨਾਮ ਕਰਨ ਦੀ ਕੋਈ ਕਸਰ ਨਹੀਂ ਛੱਡਦੀ।

### ਚੋਣਾਂ ਨਾਲ ਕਿਉਂ ਜੋੜਿਆ ਜਾ ਰਿਹਾ ਮਾਮਲਾ ?

**ਓਧਰ ਦੂਜੇ ਪਾਸੇ ਰਾਸ਼ਟਰੀ ਸੁਰੱਖਿਆ ਐਕਟ (ਐਨਐਸਏ) ਤਹਿਤ ਅਸਾਮ ਦੀ ਡਿਬਰੂਗੜ੍ਹ** ਜੇਲ੍ਹ ਵਿੱਚ ਬੰਦ ਭਾਈ ਅੰਮ੍ਰਿਤਪਾਲ ਸਿੰਘ ਦੀ ਪਾਰਟੀ ਅਕਾਲੀ ਦਲ–ਵਾਰਿਸ ਪੰਜਾਬ ਦੇ ਨੇ ਤਰਨ ਤਾਰਨ ਜ਼ਿਮਨੀ ਚੋਣ ਲੜਨ ਦਾ ਐਲਾਨ ਕਰ ਦਿੱਤਾ ਹੈ। ਇਸ ਬਾਰੇ ਅੰਮ੍ਰਿਤਪਾਲ ਸਿੰਘ ਦੇ ਪਿਤਾ ਤਰਸੇਮ ਸਿੰਘ ਨੇ ਕਿਹਾ ਕਿ ਇਹ ਸੀਟ ਖਡੂਰ ਸਾਹਿਬ ਲੋਕ ਸਭਾ ਹਲਕੇ ਦੇ ਅਧੀਨ ਆਉਂਦੀ ਹੈ, ਜਿੱਥੋਂ ਅੰਮ੍ਰਿਤਪਾਲ ਸਿੰਘ ਖੁਦ ਸੰਸਦ ਮੈਂਬਰ ਹਨ। ਇਸ ਲਈ ਅਸੀਂ ਚੋਣ ਲੜਾਂਗੇ। ਪਾਰਟੀ ਜਲਦੀ ਹੀ ਉਮੀਦਵਾਰ ਦਾ ਐਲਾਨ ਕਰੇਗੀ। ਸੱਤਾਧਿਰ ਧਿਰ 'ਆਪ' ਲਈ ਚੁਣੌਤੀ ਇਸ ਲਈ ਹੈ ਕਿਉਂਕਿ ਪਿਛਲੇ ਸਾਲ ਹੋਈਆਂ ਲੋਕ ਸਭਾ ਚੋਣਾਂ ਜਿੱਤਣ ਵਾਲੇ ਅੰਮ੍ਰਿਤਪਾਲ ਸਿੰਘ ਨੂੰ ਤਰਨ ਤਾਰਨ ਵਿਧਾਨ ਸਭਾ ਸੀਟ ਤੋਂ 40% ਵੋਟਾਂ ਮਿਲੀਆਂ ਸਨ। ਸੂਬਾ ਸਰਕਾਰ ਵਿੱਚ ਮੰਤਰੀ ਹੋਣ ਦੇ ਬਾਵਜੂਦ ਇੱਥੋਂ 'ਆਪ' ਉਮੀਦਵਾਰ ਲਾਲਜੀਤ ਭੁੱਲਰ ਤੀਜੇ ਸਥਾਨ 'ਤੇ ਰਹੇ ਸੀ। ਦੱਸ ਦਈਏ ਕਿ ਅੰਮ੍ਰਿਤਪਾਲ ਸਿੰਘ ਨੇ ਜੇਲ੍ਹ ਵਿੱਚ ਰਹਿੰਦਿਆਂ ਆਜ਼ਾਦ ਤੌਰ 'ਤੇ ਲੋਕ ਸਭਾ ਚੋਣ ਲੜੀ ਸੀ। ਉਸ ਵੇਲੇ ਨਾ ਕੋਈ ਉਨ੍ਹਾਂ ਦੀ ਪਾਰਟੀ ਸੀ ਤੇ ਨਾ ਹੀ ਕੋਈ ਕੇਡਰ। ਜੇਲ੍ਹ ਵਿੱਚ ਹੋਣ ਕਰਕੇ ਅੰਮ੍ਰਿਤਪਾਲ ਸਿੰਘ ਨੇ ਖੁਦ ਪ੍ਰਚਾਰ ਵੀ ਨਹੀਂ ਕੀਤਾ ਸੀ। ਇਸ ਦੇ ਬਾਵਜੂਦ ਉਨ੍ਹਾਂ ਨੇ 1.79 ਲੱਖ ਵੋਟਾਂ ਨਾਲ ਚੋਣ ਜਿੱਤੀ। ਇਹ ਪੰਜਾਬ ਦੇ 13 ਲੋਕ ਸਭਾ ਹਲਕਿਆਂ ਵਿੱਚੋਂ ਜਿੱਤ ਦਾ ਸਭ ਤੋਂ ਵੱਡਾ ਫਰਕ ਸੀ।

## ਤਹਿਸੀਲਾਂ 'ਚ ਭ੍ਰਿਸ਼ਟਾਚਾਰ ਨੂੰ ਪੱਕਾ ਬੰਨ੍ਹ ! ਰਜਿਸਟਰੀਆਂ ਕਰਵਾਉਣ ਵਾਲਿਆਂ ਨੂੰ ਆਏਗਾ ਡੀ.ਸੀ. ਦਾ ਸਿੱਧਾ ਫੋਨ

ਚੰਡੀਗੜ੍ਹ, 22 ਜੁਲਾਈ (ਆਵਾਜ਼ਿ ਕੌਮ ਬਿਊਰੋ)–ਤਹਿਸੀਲਾਂ ਵਿੱਚ ਭ੍ਰਿਸ਼ਟਾਚਾਰ ਨੂੰ ਪੱਕਾ ਬੰਨ੍ਹ ਲੱਗੇਗਾ। ਭਗਵੰਤ ਮਾਨ ਸਰਕਾਰ ਨੇ ਤਹਿਸੀਲਾਂ ਵਿੱਚੋਂ ਭ੍ਰਿਸ਼ਟਾਚਾਰ ਨੂੰ ਖ਼ਤਮ ਕਰਨ ਲਈ ਹੋਰ ਸਖ਼ਤ ਰੁਖ਼ ਅਖਤਿਆਰ ਕੀਤਾ ਹੈ। ਹੁਣ ਸੂਬੇ ਦੇ ਡਿਪਟੀ ਕਮਿਸ਼ਨਰ ਰੋਜ਼ਾਨਾ ਰਜਿਸਟਰੀਆਂ ਕਰਵਾਉਣ ਵਾਲੇ ਵਿਅਕਤੀਆਂ ਨੂੰ ਸਿੱਧਾ ਫੋਨ ਕਰਕੇ ਉਨ੍ਹਾਂ ਨਾਲ ਗੱਲਬਾਤ ਕਰਨਗੇ। ਇਸ ਦੌਰਾਨ ਉਹ ਰਜਿਸਟਰੀ ਕਰਵਾਉਣ ਸਮੇਂ ਕਿਸੇ ਵੱਲੋਂ ਰਿਸ਼ਵਤ ਦੀ ਮੰਗ ਕਰਨ ਬਾਰੇ ਜਾਣਕਾਰੀ ਹਾਸਲ ਕਰਨਗੇ।



ਦਰਅਸਲ ਇਹ ਆਦੇਸ਼ ਪੰਜਾਬ ਸਰਕਾਰ ਦੇ ਮਾਲ ਵਿਭਾਗ ਦੇ ਵਧੀਕ ਮੁੱਖ ਸਕੱਤਰ ਨੇ ਜਾਰੀ ਕੀਤੇ ਹਨ। ਉਨ੍ਹਾਂ ਸੂਬੇ ਦੇ ਸਾਰੇ ਡਿਪਟੀ ਕਮਿਸ਼ਨਰਾਂ ਦੇ ਨਾਮ ਪੱਤਰ ਜਾਰੀ ਕਰਦਿਆਂ ਕਿਹਾ ਕਿ ਉਹ ਰੋਜ਼ਾਨਾ ਰਜਿਸਟਰੀਆਂ ਕਰਵਾਉਣ ਵਾਲਿਆਂ ਵਿੱਚੋਂ ਘੱਟੋ-ਘੱਟ 5 ਫ਼ੀਸਦ ਲੋਕਾਂ ਨੂੰ ਸਿੱਧਾ ਫੋਨ ਕਰਕੇ ਪਤਾ ਕਰਨ ਕਿ ਉਨ੍ਹਾਂ ਤੋਂ ਰਜਿਸਟਰੀ ਕਰਵਾਉਣ ਸਮੇਂ ਕਿਸੇ ਨੇ ਕੋਈ ਰਿਸ਼ਵਤ ਤਾਂ ਨਹੀਂ ਲਈ ਜਾਂ ਫਿਰ ਉਨ੍ਹਾਂ ਨੂੰ ਕਿਸੇ ਕਿਸਮ ਦੀ ਖੱਜਲ-ਖੁਆਰੀ ਦਾ ਸਾਹਮਣਾ ਤਾਂ ਨਹੀਂ ਕਰਨਾ ਪਿਆ। ਸਰਕਾਰ ਨੇ ਡਿਪਟੀ ਕਮਿਸ਼ਨਰਾਂ ਨੂੰ ਇਲਾਕੇ ਦੇ ਡੀਡ ਲੇਖਕਾਂ ਤੇ ਪ੍ਰਾਪਰਟੀ ਡੀਲਰਾਂ ਨਾਲ ਮੀਟਿੰਗਾਂ ਕਰਨ ਦੇ ਨਿਰਦੇਸ਼ ਦਿੱਤੇ। ਸਰਕਾਰ ਵੱਲੋਂ ਭ੍ਰਿਸ਼ਟਾਚਾਰ ਨੂੰ ਖਤਮ ਕਰਨ ਲਈ ਮੁਹਾਲੀ ਤੋਂ ਆਸਾਨ ਰਜਿਸਟਰੀ ਪ੍ਰਾਜੈਕਟ ਦੀ ਸ਼ੁਰੂਆਤ ਕੀਤੀ ਹੈ। ਭਗਵੰਤ ਮਾਨ ਸਰਕਾਰ ਨੇ ਸੱਤਾ ਸੰਭਾਲਦਿਆਂ ਹੀ ਤਹਿਸੀਲਾਂ ਵਿੱਚ ਭ੍ਰਿਸ਼ਟਾਚਾਰ ਖਤਮ ਕਰਨ ਦੇ ਹੁਕਮ ਦਿੱਤੇ ਸੀ। ਸਾਢੇ ਤਿੰਨ ਸਾਲ ਬੀਤਣ ਮਗਰੋਂ ਵੀ ਤਹਿਸੀਲਾਂ ਵਿੱਚ ਭ੍ਰਿਸ਼ਟਾਚਾਰ ਜਾਰੀ ਹੈ। ਇਸ ਲਈ ਪੰਜਾਬ ਸਰਕਾਰ ਨੇ ਹੁਣ ਡਿਪਟੀ ਕਮਿਸ਼ਨਰਾਂ ਨੂੰ ਕਮਾਨ ਸੌਂਪੀ ਹੈ। ਸਰਕਾਰੀ ਸੂਤਰਾਂ ਦਾ ਕਹਿਣਾ ਹੈ ਕਿ ਅਜਿਹਾ ਕਰਨ ਨਾਲ ਤਹਿਸੀਲ ਦਾ ਕੋਈ ਵੀ ਅਧਿਕਾਰੀ ਰਿਸ਼ਵਤ ਲੈਣ ਦਾ ਰਿਸਕ ਨਹੀਂ ਲਵੇਗਾ। ਉਸ ਨੂੰ ਹਮੇਸ਼ਾਂ ਖੌਫ ਰਹੇਗਾ ਕਿ ਕਿਤੇ ਡਿਪਟੀ ਕਮਿਸ਼ਨਰ ਕੋਲ ਗੱਲ ਨਾ ਪਹੁੰਚ ਜਾਏ। ਇਸ ਤੋਂ ਇਲਾਵਾ ਰਜਿਸਟਰੀ ਹੋਣ ਮਗਰੋਂ ਲੋਕ ਵੀ ਡਿਪਟੀ ਕਮਿਸ਼ਨਰ ਨੂੰ ਸੱਚਾਈ ਦੱਸਣ ਤੋਂ ਨਹੀਂ ਹਿਚਕਚਾਉਣਗੇ। ਹੁਣ ਵੇਖਣਾ ਹੋਏਗਾ ਕਿ ਸਰਕਾਰ ਦਾ ਇਹ ਕਦਮ ਭ੍ਰਿਸ਼ਟਾਚਾਰ ਰੋਕ ਸਕਦਾ ਹੈ ਜਾਂ ਫਿਰ ਨਹੀਂ।



## ਕਿਸਾਨਾਂ 'ਤੇ ਹੁਣ ਨਵੀਂ ਮਾਰ !

# ਝੋਨੇ ਦੀ ਫਸਲ 'ਤੇ ਹੋਇਆ Dwarf ਵਾਇਰਸ ਦਾ ਹਮਲਾ, ਰੁਕ ਗਿਆ ਫਸਲ ਦਾ ਵਿਕਾਸ, ਦਵਾਈਆਂ ਵੀ ਬੇਅਸਰ

■ ਮਾਹਿਰਾਂ ਅਨੁਸਾਰ, ਜੇਕਰ ਵਾਇਰਸ ਨੂੰ ਸਮੇਂ ਸਿਰ ਕਾਬੂ ਨਾ ਕੀਤਾ ਗਿਆ, ਤਾਂ ਫਸਲ ਦਾ 80-90% ਤੱਕ ਨੁਕਸਾਨ ਹੋ ਸਕਦਾ ਹੈ। ਇਸ ਦੇ ਨਾਲ ਹੀ, ਕੀਟਨਾਸ਼ਕਾਂ ਦਾ ਛਿੜਕਾਅ ਕਿਸਾਨਾਂ...

---: ਆਵਾਜ਼ਿ ਕੌਮ ਦੀ ਵਿਸ਼ੇਸ਼ ਰਿਪੋਰਟ :---

ਡਵਾਰਫ ਵਾਇਰਸ ਨੂੰ Southern Rice Black Streaked Dwarf Virus ਕਿਹਾ ਜਾਂਦਾ ਹੈ। ਇਹ ਵਾਇਰਸ ਝੋਨੇ ਦੀ ਫਸਲ ਨੂੰ ਬੁਰੀ ਤਰ੍ਹਾਂ ਪ੍ਰਭਾਵਿਤ ਕਰਦਾ ਹੈ। ਇਸ ਕਾਰਨ ਪੌਦੇ ਦਾ ਵਾਧਾ ਰੁਕ ਜਾਂਦਾ ਹੈ, ਪੌਦਾ ਬੌਣਾ ਰਹਿੰਦਾ ਹੈ ਅਤੇ ਪੌਸ਼ਟਿਕ ਤੱਤਾਂ ਦੀ ਸਹੀ ਵਰਤੋਂ ਕਰਨ ਦੇ ਯੋਗ ਨਹੀਂ ਹੁੰਦਾ। ਇਹ ਸਿੱਧੇ ਤੌਰ 'ਤੇ ਫਸਲ ਦੀ ਪੈਦਾਵਾਰ ਨੂੰ ਪ੍ਰਭਾਵਿਤ ਕਰਦਾ ਹੈ। ਇਹ ਵਾਇਰਸ ਚਿੱਟੇ ਪਿੱਠ ਵਾਲੇ ਕੀੜੇ ਰਾਹੀਂ ਫੈਲਦਾ ਹੈ। ਇਹ ਕੀੜੇ ਪੌਦੇ ਤੋਂ ਰਸ ਚੂਸਦੇ ਹਨ ਤੇ ਵਾਇਰਸ ਨੂੰ ਇੱਕ ਪੌਦੇ ਤੋਂ ਦੂਜੇ ਪੌਦੇ ਵਿੱਚ ਫੈਲਾਉਂਦੇ ਹਨ। ਇਹ ਵਾਇਰਸ ਅੰਬਾਲਾ ਜ਼ਿਲ੍ਹੇ ਦੇ ਮੁਲਾਣਾ, ਸਾਹਾ ਅਤੇ ਨਾਰਾਇਣਗੜ੍ਹ ਖੇਤਰਾਂ ਵਿੱਚ ਲਗਭਗ 400 ਏਕੜ ਵਿੱਚ ਫੈਲਿਆ ਹੈ। ਸਭ ਤੋਂ ਵੱਧ ਪ੍ਰਭਾਵ ਹਾਈਬ੍ਰਿਡ, ਪਰਮਲ ਕਿਸਮਾਂ ਅਤੇ ਅਗੇਤੀਆਂ ਬੀਜੀਆਂ ਫਸਲਾਂ 'ਤੇ ਦੇਖਿਆ ਗਿਆ ਹੈ। ਹਮੀਦਪੁਰ ਪਿੰਡ ਦੇ ਸਾਬਕਾ ਸਰਪੰਚ ਜਸਬੀਰ ਸਿੰਘ ਨੇ ਕਿਹਾ ਕਿ ਉਸਨੇ 54 ਏਕੜ ਵਿੱਚ ਝੋਨਾ ਲਗਾਇਆ ਹੈ, ਜਿਸ ਵਿੱਚੋਂ 14 ਏਕੜ ਵਿੱਚ ਫਸਲ ਇਸ ਵਾਇਰਸ ਤੋਂ ਪ੍ਰਭਾਵਿਤ ਹੈ। ਇਸੇ ਤਰ੍ਹਾਂ ਗਰਨਾਲਾ ਪਿੰਡ ਦੇ ਕਿਸਾਨ ਪਰਮਜੀਤ ਸਿੰਘ ਨੇ ਕਿਹਾ ਕਿ ਉਸਨੇ 18 ਏਕੜ ਵਿੱਚ ਝੋਨਾ ਬੀਜਿਆ ਹੈ ਅਤੇ ਉਸਦੀ ਫਸਲ ਵਿੱਚ ਵੀ ਬੌਣੇਪਣ ਦੇ ਲੱਛਣ ਦਿਖਾਈ ਦੇ ਰਹੇ ਹਨ। ਕਿਸਾਨਾਂ ਦਾ ਕਹਿਣਾ ਹੈ ਕਿ ਕੀਟਨਾਸ਼ਕਾਂ ਦੀ ਵਰਤੋਂ ਤੋਂ ਬਾਅਦ ਵੀ ਕੋਈ ਖਾਸ ਪ੍ਰਭਾਵ ਨਹੀਂ ਪੈਂਦਾ। ਇਸ ਤੋਂ ਇਲਾਵਾ, ਸੰਕਰਮਿਤ ਪੌਦਿਆਂ ਨੂੰ ਪੁੱਟ ਕੇ ਸੁੱਟਣਾ ਵਿਵਹਾਰਕ ਨਹੀਂ ਹੈ, ਇਸ ਲਈ ਉਨ੍ਹਾਂ ਨੇ "ਉਡੀਕ ਕਰੋ ਅਤੇ ਦੇਖੋ" ਦੀ ਨੀਤੀ ਅਪਣਾਈ ਹੈ। ਪ੍ਰਭਾਵਿਤ ਪੌਦਿਆਂ ਨੂੰ ਉਖਾੜ ਕੇ ਜ਼ਮੀਨ ਵਿੱਚ ਦੱਬ ਦਿਓ। ਖੇਤਾਂ ਵਿੱਚ ਸਹੀ ਨਿਕਾਸੀ ਦਾ ਪ੍ਰਬੰਧ ਕਰੋ। ਫ਼ਸਲ ਦੀ ਨਿਯਮਤ ਤੌਰ 'ਤੇ ਨਿਗਰਾਨੀ ਕਰੋ। ਵਿਭਾਗ ਦੁਆਰਾ ਸਿਫ਼ਾਰਸ਼ ਕੀਤੇ ਕੀਟਨਾਸ਼ਕਾਂ ਦੀ ਵਰਤੋਂ ਕਰੋ। ਮਾਹਿਰਾਂ ਅਨੁਸਾਰ, ਜੇਕਰ ਵਾਇਰਸ ਨੂੰ ਸਮੇਂ ਸਿਰ ਕਾਬੂ ਨਾ ਕੀਤਾ ਗਿਆ, ਤਾਂ ਫਸਲ ਦਾ 80-90% ਤੱਕ ਨੁਕਸਾਨ ਹੋ ਸਕਦਾ ਹੈ। ਇਸ ਦੇ ਨਾਲ ਹੀ, ਕੀਟਨਾਸ਼ਕਾਂ ਦਾ ਛਿੜਕਾਅ ਕਿਸਾਨਾਂ 'ਤੇ ਪ੍ਰਤੀ ਏਕੜ ਲਗਭਗ 2000 ਰੁਪਏ ਦਾ ਆਰਥਿਕ ਬੋਝ ਪਾ ਰਿਹਾ ਹੈ। ਬੌਣਾ ਵਾਇਰਸ ਇੱਕ ਗੰਭੀਰ ਸਮੱਸਿਆ ਬਣ ਗਿਆ ਹੈ। ਕਿਸਾਨਾਂ ਨੂੰ ਖੇਤੀਬਾੜੀ ਵਿਭਾਗ ਦੀ ਸਲਾਹ ਦੀ ਪਾਲਣਾ ਕਰਨੀ ਚਾਹੀਦੀ ਹੈ, ਨਿਯਮਤ ਨਿਗਰਾਨੀ ਕਰਨੀ ਚਾਹੀਦੀ ਹੈ ਅਤੇ ਵਾਇਰਸ ਦੇ ਲੱਛਣ ਦਿਖਾਈ ਦਿੰਦੇ ਹੀ ਤੁਰੰਤ ਮਾਹਿਰਾਂ ਨਾਲ ਸੰਪਰਕ ਕਰਨਾ ਚਾਹੀਦਾ ਹੈ। ਸਮੇਂ ਸਿਰ ਰੋਕਥਾਮ ਨਾਲ ਹੀ ਫਸਲ ਨੂੰ ਬਚਾਇਆ ਜਾ ਸਕਦਾ ਹੈ।

## 'ਲੈਂਡ ਪੂਲਿੰਗ ਪਾਲਿਸੀ' ਨੇ ਮੱਚਾਈ ਸਿਆਸੀ ਹਾਹਾਕਾਰ ! 'ਆਪ' ਨੂੰ ਲੱਗ ਸਕਦਾ ਵੱਡਾ ਝਟਕਾ

**'ਲੈਂਡ ਪੂਲਿੰਗ ਪਾਲਿਸੀ' ਭਗਵੰਤ ਮਾਨ ਸਰਕਾਰ ਲਈ** ਮੁਸੀਬਤ ਬਣਦੀ ਜਾ ਰਹੀ ਹੈ। ਪੰਜਾਬ ਸਰਕਾਰ ਵੱਲੋਂ ਅੰਦੋਲਨ 'ਤੇ ਸਖਤੀ ਤੋਂ ਖਫਾ ਕਿਸਾਨ ਹੁਣ 'ਲੈਂਡ ਪੂਲਿੰਗ ਪਾਲਿਸੀ' ਨੂੰ ਲੈ ਕੇ ਆਰ-ਪਾਰ ਦੀ ਲੜਾਈ ਲੜਨ ਲਈ ਤਿਆਰ ਹਨ। ਅਹਿਮ ਗੱਲ ਹੈ ਕਿ ਵਿਰੋਧੀ ਧਿਰਾਂ ਵੀ ਇਸ ਮੁੱਦੇ ਨੂੰ ਲੈ ਕੇ ਮੈਦਾਨ ਵਿੱਚ ਨਿੱਤਰ ਆਈਆਂ ਹਨ। ਅਜਿਹੇ ਵਿੱਚ ਆਮ ਆਦਮੀ ਪਾਰਟੀ ਕਸੂਤੀ ਘਿਰ ਗਈ ਹੈ। ਰਿਪੋਰਟਾਂ ਹਨ ਕਿ ਜੇਕਰ ਸਰਕਾਰ ਕਿਸਾਨਾਂ ਦੀ ਜ਼ਮੀਨ ਲੈਣ ਲਈ ਬਾਜ਼ਿਦ ਰਹੀ ਤਾਂ ਪਾਰਟੀ ਨੂੰ ਵੱਡਾ ਨੁਕਸਾਨ ਹੋ ਸਕਦਾ ਹੈ। ਇਸ ਸਬੰਧੀ ਮੁੱਖ ਮੰਤਰੀ ਭਗਵੰਤ ਮਾਨ ਨੇ ਅੱਜ ਕੈਬਨਿਟ ਦੀ ਮੀਟਿੰਗ ਬੁਲਾਈ ਹੈ। ਇਸ ਮੀਟਿੰਗ ਵਿੱਚ 'ਲੈਂਡ ਪੂਲਿੰਗ ਪਾਲਿਸੀ' ਬਾਰੇ ਅਹਿਮ ਫੈਸਲਾ ਲਿਆ ਜਾ ਸਕਦਾ ਹੈ। ਉਂਝ ਕਿਸਾਨਾਂ ਨੂੰ ਸ਼ਾਂਤ ਕਰਨ ਲਈ ਸਰਕਾਰ ਨੇ ਕੁਝ ਛੋਟਾਂ ਤੇ ਰਿਆਇਤਾਂ ਦੇਣ ਦਾ ਐਲਾਨ ਕੀਤਾ ਹੈ। ਪੰਜਾਬ ਸਰਕਾਰ ਨੇ ਹੁਣ ਫ਼ੈਸਲਾ ਕੀਤਾ ਹੈ ਕਿ 'ਲੈਂਡ ਪੂਲਿੰਗ ਨੀਤੀ' ਤਹਿਤ ਸਵੈ ਇੱਛਾ ਨਾਲ ਜ਼ਮੀਨ ਦੇਣ ਵਾਲੇ ਕਿਸਾਨਾਂ ਨੂੰ ਪ੍ਰਤੀ ਏਕੜ ਪੰਜਾਹ ਹਜ਼ਾਰ ਰੁਪਏ ਸਾਲਾਨਾ ਪੇਸ਼ਗੀ ਰਾਸ਼ੀ ਦਿੱਤੀ ਜਾਵੇਗੀ। ਇਹ ਰਾਸ਼ੀ ਜ਼ਮੀਨ 'ਤੇ ਵਿਕਾਸ ਕਾਰਜ ਸ਼ੁਰੂ ਹੋਣ ਤੱਕ ਦਿੱਤੀ ਜਾਵੇਗੀ। ਪੰਜਾਬ ਸਰਕਾਰ ਨੇ ਇਸ ਤੋਂ ਪਹਿਲਾਂ ਜ਼ਮੀਨ ਪ੍ਰਾਪਤੀ ਤੋਂ ਬਾਅਦ ਪਹਿਲੇ ਤਿੰਨ ਸਾਲਾਂ ਲਈ ਮੁਆਵਜ਼ੇ ਦੀ ਰਾਸ਼ੀ ਵਜੋਂ 30 ਹਜ਼ਾਰ ਰੁਪਏ ਪ੍ਰਤੀ ਏਕੜ ਦਾ ਵਾਅਦਾ ਕੀਤਾ ਸੀ।

ਵਾਹਿਗੁਰੂ ਜੀ ਕਾ ਖਾਲਸਾ।

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਵਾਹਿਗੁਰੂ ਜੀ ਕੀ ਫ਼ਤਹਿ ॥

ਆਵਾਜ਼ਿ ਕੌਮ AWAZE QAUM

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼

**RAGHBIR SINGH (Call : +44 7976 210161)**
**121. Broadway west Walsall, West Midlands, WS1 4DW, England uk**


ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB


ਸ੍ਰੀ ਪਟਨਾ ਸਾਹਿਬ
SRI PATNA SAHIB


ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB


ਸ੍ਰੀ ਦਮਦਮਾ ਸਾਹਿਬ
SRI DAMDAMA SAHIB


ਸ੍ਰੀ ਹਜ਼ੂਰ ਸਾਹਿਬ
SRI HAZUR SAHIB

# ਪੰਜ ਤਖ਼ਤ ਯਾਤਰਾ

ਬੜੇ ਮਾਣ ਅਤੇ ਸਤਿਕਾਰ ਨਾਲ ਆਪ ਜੀ ਨੂੰ ਸੂਚਿਤ ਕੀਤਾ ਜਾ ਰਿਹਾ ਹੈ ਕਿ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਵਾਹਿਗੁਰੂ ਜੀ ਕੀ ਕ੍ਰਿਪਾ ਸਦਕਾ 15 ਫਰਵਰੀ 2026 ਤੋਂ 25 ਫਰਵਰੀ 2026 (10 ਰਾਤ, 11 ਦਿਨ) ਤੱਕ ਪੰਜ ਤਖ਼ਤ ਸਹਿਬਾਨ ਦੀ ਮਹਾਂ ਯਾਤਰਾ ਕਰਵਾਉਣ ਜਾ ਰਿਹਾ ਹੈ। ਆਪ ਸਭ ਨੂੰ ਬੇਨਤੀ ਹੈ ਕਿ ਤੁਸੀ ਵੀ ਇਸ ਯਾਤਰਾ ਦਾ ਹਿੱਸਾ ਬਣੋ ਅਤੇ ਪੰਜ ਤਖ਼ਤ ਸਾਹਿਬਾਨ ਦੀ ਯਾਤਰਾ ਕਰਕੇ ਆਪਣੇ ਜੀਵਨ ਨੂੰ ਸਫਲਾ ਕਰੋ ਜੀ। ਤੁਹਾਡੀ ਇਸ ਯਾਤਰਾ ਨੂੰ ਯਾਦਗਾਰੀ ਤੇ ਬਿਹਤਰੀਨ ਬਨਾਉਣ ਲਈ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਦੀ ਟੀਮ ਹਰ ਸੰਭਵ ਯਤਨ ਕਰਕੇ ਤੁਹਾਨੂੰ ਸ਼ਾਨਦਾਰ ਸਹੂਲਤਾਂ ਪ੍ਰਦਾਨ ਕਰੇਗੀ। ਯਾਤਰਾ ਗੁਰਦਾਵਾਰਾ ਸ਼੍ਰੀ ਦੂਖ ਨਿਵਾਰਨ ਪਾਤਸ਼ਾਹੀ 9ਵੀਂ ਗੁਰੂ ਤੇਗ ਬਹਾਦੁਰ ਨਗਰ, ਜਲੰਧਰ ਤੋਂ ਅਰਦਾਸ ਅਤੇ ਜੈਕਾਰਿਆਂ ਦੀ ਗੂੰਜ 'ਚ 15 ਫਰਵਰੀ, 2026 ਨੂੰ ਸ਼ੁਰੂ ਹੋਵੇਗੀ ਤੇ ਇੱਥੇ ਹੀ 25 ਫਰਵਰੀ, 2026 ਨੂੰ ਸੰਪੰਨ ਹੋਵੇਗੀ।

## ਟੂਰ ਪੈਕੇਜ

ਧਾਰਮਿਕ ਤੇ ਇਤਿਹਾਸਕ ਟੂਰ ਜਲੰਧਰ ਤੋਂ ਸ਼ੁਰੂ ਹੋ ਕੇ ਸ਼੍ਰੀ ਅੰਮ੍ਰਿਤਸਰ ਸਾਹਿਬ, ਹੈਦਰਾਬਾਦ, ਗੁਰਦਵਾਰਾ ਨਾਨਕ ਝੀਰਾ ਬਿਦਰ ਤੋਂ ਬਾਅਦ ਸ਼੍ਰੀ ਹਜ਼ੂਰ ਸਾਹਿਬ ਪਹੁੰਚੇਗਾ, ਜਿਥੇ ਤਖ਼ਤ ਸ਼੍ਰੀ ਹਜ਼ੂਰ ਸਾਹਿਬ ਤੋਂ ਇਲਾਵਾ ਹੋਰ ਵੀ 9 ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਹੈਦਰਾਬਾਦ ਪਹੁੰਚ ਕੇ ਹਵਾਈ ਜਹਾਜ ਦੇ ਰਾਹੀ ਤਖ਼ਤ ਸ੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਤਖ਼ਤ ਸ੍ਰੀ ਪਟਨਾ ਸਾਹਿਬ ਤੋਂ ਚੰਡੀਗੜ ਵਾਪਸੀ ਵੀ ਹਵਾਈ ਸਫ਼ਰ ਰਾਹੀਂ ਹੋਵੇਗੀ। ਉਪਰੰਤ ਸ਼੍ਰੀ ਆਨੰਦਪੁਰ ਸਾਹਿਬ, ਸ਼੍ਰੀ ਦਮਦਮਾ ਸਾਹਿਬ, ਸ਼੍ਰੀ ਅੰਮ੍ਰਿਤਸਰ ਸਾਹਿਬ ਪਹੁੰਚਿਆ ਜਾਵੇਗਾ। ਇਸ ਯਾਤਰਾ ਦੇ ਦੌਰਾਨ ਸਿੱਖ ਗੁਰੂ ਸਾਹਿਬਾਨ ਦੀ ਚਰਨਛੋਹ ਪ੍ਰਾਪਤ 32 ਇਤਿਹਾਸਕ ਗੁਰਦਾਵਾਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਇਸ ਤੋਂ ਇਲਾਵਾ ਕੁਝ ਅਜਾਇਬ ਘਰ, ਜਲ੍ਹਿਆਵਾਲਾ ਬਾਗ, ਵਾਹਗਾ ਬਾਰਡਰ ਦੀ ਰੀਟਰੀਟ ਸੇਰੇਮਨੀ ਤੇ ਹੋਰ ਇਤਿਹਸਕ ਸਥਾਨਾਂ ਦੀ ਯਾਤਰਾ ਵੀ ਕਰਵਾਈ ਜਾਵੇਗੀ।

- ਲਗਜਰੀ ਹੋਟਲਾਂ 'ਚ ਸਟੇਅ
- ਲਗਜ਼ਰੀ ਏ. ਸੀ. ਕੋਚ
- ਡੋਮੈਸਟਿਕ ਫਲਾਈਟਾਂ
- ਗਾਈਡ
- ਯਾਤਰਾਂ ਤੋਂ ਪਹਿਲਾਂ ਅਤੇ ਬਾਅਦ ਵਿੱਚ ਇੰਡੀਆ 'ਚ ਸਟੇਅ ਕੀਤਾ ਜਾ ਸਕਦਾ ਹੈ।
- ਪਹਿਲਾ ਅਤੇ ਅੰਤਿਮ ਪੜਾਅ ਜਲੰਧਰ ਵਿਖੇ।

ਬੁੱਕ ਕਰਨ ਲਈ 600 ਪੌਂਡ ਐਡਵਾਂਸ ਦੇ ਤੌਰ 'ਤੇ ਜਮ੍ਹਾਂ ਕਰਵਾਉਣੇ ਜ਼ਰੂਰੀ ਹਨ। ਬੁਕਿੰਗ ਫੀਸ ਜਮ੍ਹਾ ਕਰਵਾਉਣ ਉਪਰੰਤ ਰੈਫਰੈਂਸ ਨੰਬਰ ਭੇਜਣਾ ਹੋਵੇਗਾ ਅਤੇ ਬਾਕੀ ਰਹਿੰਦੀ ਫੀਸ ਯਾਤਰਾ ਤੋਂ ਦੋ ਹਫ਼ਤਿਆਂ ਦੇ ਅੰਦਰ-ਅੰਦਰ ਜਮ੍ਹਾ ਕਰਵਾਉਣੀ ਹੋਵੇਗੀ।

## ਅਕਾਊਂਟ ਨੰਬਰ ਤੇ ਡਿਟੇਲ

Account Name : RAGHBIR SINGH
Bank Name : HALIFAX
Sort Code : 11-08-07
Account No. : 00516474

ਸੰਪਰਕ ਨੰ. :
+44 7458 381111 +44 7976 210161
email: gnstuk@hotmail.com

To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.

★ ਸਲਾਹ ★
ਸਮੂਹ ਸੰਗਤ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਆਪਣੇ ਤੌਰ 'ਤੇ ਟਰੈਵਲ ਇੰਸ਼ੋਰੈਂਸ ਕਰਵਾ ਲੈਣ

ਬਿਨਾਂ ਕੋਈ ਨੋਟਿਸ ਦਿੱਤੇ ਪ੍ਰੋਗਰਾਮ 'ਚ ਤਬਦੀਲੀ ਕੀਤੀ ਜਾ ਸਕਦੀ ਹੈ।

ਆਵਾਜ਼ਿ ਕੌਮ AWAZE QAUM

## ਜ਼ਿੰਦਗੀ ਭਰ ਦੀ ਯਾਦ ਬਣਨ ਵਾਲੀ
# ਪੰਜ ਤਖ਼ਤ ਯਾਤਰਾ

10 ਰਾਤਾਂ ਤੇ 11 ਦਿਨ ਦੀ ਯਾਤਰਾ ਦਾ ਵੇਰਵਾ ਵਿਸਥਾਰ ਸਹਿਤ ਹੇਠ ਲਿਖੇ ਅਨੁਸਾਰ ਹੈ :

ਆਵਾਜ਼ਿ ਕੌਮ AWAZE QAUM

### 15 ਫਰਵਰੀ (ਦਿਨ 1)


ਸਾਰੀ ਸੰਗਤ ਗੁਰਦਵਾਰਾ ਦੂਖ ਨਿਵਾਰਨ ਸਾਹਿਬ ਪਾਤਸ਼ਾਹੀ 9ਵੀਂ ਗੁਰੂ ਤੇਗ ਬਹਾਦੁਰ ਨਗਰ ਵਿਖੇ ਇਕੱਤਰ ਹੋਵੇਗੀ ਤੇ ਇਥੋਂ ਜੈਕਾਰਿਆਂ ਦੀ ਗੂੰਜ 'ਚ ਸ਼੍ਰੀ ਅੰਮ੍ਰਿਤਸਰ ਸਾਹਿਬ ਲਈ ਚਾਲੇ ਪਾਏ ਜਾਣਗੇ। ਕਰਤਾਰਪੁਰ ਵਿਖੇ ਜੰਗ-ਏ-ਆਜਦੀ ਅਜਾਇਬ ਘਰ ਵਿਖਾਇਆ ਜਾਵੇਗਾ। ਹੋਟਲ ਵਿਚ ਪਹੁੰਚ ਕੇ ਚੈਕ ਇਨ ਹੋਵੇਗਾ। ਉਸ ਤੋਂ ਬਾਅਦ ਸਾਰੀ ਸੰਗਤ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਨਤਮਸਤਕ ਹੋਵੇਗੀ। ਦੁਬਾਰਾ ਵਾਪਸ ਹੋਟਲ ਵਿਚ ਪਹੁੰਚ ਕੇ ਡਿਨਰ ਹੋਟਲ ਕੀਤਾ ਜਾਵੇਗਾ।

### 16 ਫਰਵਰੀ (ਦਿਨ 2)


ਤੜਕੇ ਸਵੇਰੇ 5 ਵਜੇ ਹੈਦਰਾਬਾਦ ਨੂੰ ਜਾਣ ਵਾਸਤੇ ਹਵਾਈ ਅੱਡੇ 'ਤੇ ਪਹੁੰਚਿਆ ਜਾਵੇਗਾ। ਫਲਾਇਟ ਦਾ ਸਮਾਂ 7.30 ਵਜੇ ਸਵੇਰੇ ਹੋਵੇਗਾ। ਹੈਦਰਾਬਾਦ ਤੱਕ ਫਲਾਈ ਸਮਾਂ ਦੋ ਘੰਟੇ ਦਾ ਹੋਵੇਗਾ। ਹੈਦਰਾਬਾਦ ਪਹੁੰਚ ਕੇ ਬੱਸ ਵਿਚ ਬੈਠ ਕੇ ਹੈਦਰਾਬਾਦ ਦਾ ਬਹੁਤ ਹੀ ਮਸ਼ਹੂਰ ਮਿਊਜੀਅਮ ਦਿਖਾਇਆ ਜਾਵੇਗਾ। ਉਸ ਤੋਂ ਬਾਅਦ ਹੋਟਲ ਵਿਚ ਜਾ ਕੇ ਚੈਕ ਇਨ ਤੇ ਲੰਚ ਹੋਵੇਗਾ। ਸ਼ਾਮ 4 ਵਜੇ ਹੈਦਰਾਬਾਦ ਦਾ ਦੁਨੀਆਂ ਭਰ 'ਚ ਮਸ਼ਹੂਰ ਚਾਰਮਿਨਾਰ ਦਿਖਾਇਆ ਜਾਵੇਗਾ। ਡਿਨਰ ਦੱਖਣ-ਭਾਰਤੀ ਸ਼ਾਕਾਹਾਰੀ ਰੈਸਟੋਰੈਂਟ ਵਿਚ (ਖ਼ੁਦ ਦੇ ਖਰਚੇ 'ਤੇ) ਕਰਵਾਇਆ ਜਾਵੇਗਾ। ਵਾਪਸ ਹੋਟਲ ਵਿਚ ਆ ਕੇ ਅਰਾਮ ਕੀਤਾ ਜਾਵੇਗਾ।

### 17 ਫਰਵਰੀ (ਦਿਨ 3)


ਸਵੇਰੇ ਨਾਸ਼ਤੇ ਤੋਂ ਬਾਅਦ ਟਰੇਲ ਰਾਹੀਂ ਬਿਦਰ ਨੂੰ ਚਾਲੇ ਪਾਏ ਜਾਣਗੇ। 3 ਘੰਟੇ ਦੀ ਯਾਤਰਾ ਹੋਵੇਗੀ। ਇੱਥੇ ਪਹੁੰਚ ਕੇ ਗੁਰਦਵਾਰਾ ਨਾਨਕ ਝੀਰਾ ਸਾਹਿਬ ਦੇ ਦਰਸ਼ਨ ਕਰਵਾਏ ਜਾਣਗੇ ਤੇ ਦੁਪਹਿਰ ਨੂੰ ਲੰਗਰ ਦਾ ਅਨੰਦ ਮਾਣਿਆ ਜਾਵੇਗਾ। ਇਸ ਤੋਂ ਬਾਅਦ ਨੰਦੇੜ ਸਾਹਿਬ ਵੱਲ ਚਾਲੇ ਪਾਏ ਜਾਣਗੇ। ਸ਼ਾਮ ਨੂੰ ਨੰਦੇੜ ਸਾਹਿਬ ਪਹੁੰਚ ਕੇ ਸਰਾਂ ਵਿਚ ਰੈਣ ਵਸੈਰਾ ਹੋਵੇਗਾ। ਰਾਤ ਦਾ ਭੋਜਨ ਕੰਪਨੀ ਵਲੋ ਫਿਕਸਡ ਮੈਨਿਊ 'ਤੇ ਅਧਾਰਤ ਰੈਟੋਰੈਂਟ ਵਿਚ ਹੋਵੇਗਾ ਜਿਸ ਦਾ ਖਰਚਾ ਕੰਪਨੀ ਕਰੇਗੀ। ਰਾਤ ਦਾ ਵਿਸ਼ਰਾਮ ਸਰਾਂ ਵਿੱਚ ਹੋਵੇਗਾ।

### 18 ਫਰਵਰੀ (ਦਿਨ 4)


ਸੰਗਤ ਤੜਕੇ ਸਚਖੰਡ ਸ੍ਰੀ ਨੰਦੇੜ ਸਾਹਿਬ ਦੀ ਹਾਜਰੀ ਭਰੇਗੀ। ਨਾਸ਼ਤਾ ਲੰਗਰ ਹਾਲ ਵਿਚ ਹੋਵੇਗਾ। ਠੀਕ 10 ਵਜੇ ਗੁਰਦਵਾਰਾ ਸਹਿਬ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਬਾਬਾ ਬੰਦਾ ਬਾਹੁਦਰ, ਗੁਰਦਵਾਰਾ ਮਾਲ ਟੇਕੜੀ, ਗੁਰਦਵਾਰਾ ਹੀਰਾ ਘਾਟ, ਗੁਰਦਵਾਰਾ ਮਾਤਾ ਸਾਹਿਬ ਦੇਵਾ ਜੀ ਦੇ ਦਰਸ਼ਨ ਕਰਨ ਉਪਰੰਤ ਇਥੇ ਹੀ ਲੰਗਰ ਛਕਿਆ ਜਾਵੇਗਾ। ਇਸ ਤੋਂ ਬਾਅਦ ਗੁਰਦਵਾਰਾ ਸ਼ਿਕਾਰ ਘਾਟ ਦੇ ਦਰਸ਼ਨ ਉਪਰੰਤ ਚਾਹ ਦਾ ਲੰਗਰ ਛਕਿਆ ਜਾਵੇਗਾ। ਇਸ ਉਪਰੰਤ ਗੁਰਦਵਾਰਾ ਸੰਗਤ ਸਾਹਿਬ ਤੇ ਅਸਤਬਲ ਦੇ ਦਰਸ਼ਨ ਕੀਤੇ ਜਾਣਗੇ। ਗੁਰਦਵਾਰਾ ਨਗੀਨਾ ਘਾਟ ਦੇ ਦਰਸ਼ਨਾ ਤੋਂ ਬਾਅਦ ਗੁਰਦਵਾਰਾ ਬਾਬਾ ਨਿਧਾਨ ਸਿੰਘ ਜੀ ਵਿਖੇ ਰਾਤ ਦਾ ਲੰਗਰ ਹੋਵੇਗਾ। ਰਾਤ ਦਾ ਵਿਸ਼ਰਾਮ ਇੱਥੇ ਸਰਾਂ ਵਿੱਚ ਹੋਵੇਗਾ।

### 19 ਫਰਵਰੀ (ਦਿਨ 5)


ਤੜਕੇ 6 ਵਜੇ ਹੈਦਰਾਬਾਦ ਲਈ ਰਵਾਨਗੀ ਪਾਈ ਜਾਵੇਗੀ ਅਤੇ ਕਿੰਗਸ ਰੈਸਟੋਰੈਂਟ ਵਿੱਚ ਸੰਗਤ ਨੂੰ ਚਾਹ ਪਿਲਾਈ ਜਾਵੇਗੀ। ਹੈਦਰਾਬਾਦ ਪਹੁੰਚ ਕੇ ਇੱਥੋਂ ਦੀ ਮਸ਼ਹੂਰ ਸ਼ਾਕਾਹਾਰੀ ਹੈਦਰਾਬਾਦੀ ਬਰਿਆਨੀ ਦਾ ਅਨੰਦ ਮਾਣਿਆ ਜਾਵੇਗਾ। ਇਸ ਤੋਂ ਬਾਅਦ ਹਵਾਈ ਯਾਤਰਾ ਰਾਹੀਂ ਤਖ਼ਤ ਸ੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਹਵਾਈ ਯਾਤਰਾ ਦਾ ਸਮਾਂ 2 ਘੰਟੇ ਦਾ ਹੋਵੇਗਾ। ਹੋਟਲ ਵਿਚ ਚੈਕ ਇਨ ਕਰਨ ਉਪਰੰਤ ਡਿਨਰ ਤਿਆਰ ਮਿਲੇਗਾ।

### 20 ਫਰਵਰੀ (ਦਿਨ 6)


ਸਵੇਰੇ ਨਾਸ਼ਤੇ ਤੋਂ ਬਾਅਦ ਜਨਮ ਅਸਥਾਨ ਸਚਖੰਡ ਸ਼੍ਰੀ ਪਟਨਾ ਸਾਹਿਬ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਕੰਗਣ ਘਾਟ ਤੇ ਗੁਰਦਵਾਰਾ ਬਾਲ ਲੀਲਾ ਸਾਹਿਬ ਦੇ ਧਰਸ਼ਨ ਕੀਤੇ ਜਾਣਗੇ। ਦੁਪਹਿਰ ਦਾ ਲੰਗਰ ਗੁਰਦਵਾਰਾ ਬਾਲ ਲੀਲਾ ਸਾਹਿਬ ਵਿੱਚ ਹੋਵੇਗਾ। ਇਸ ਉਪਰੰਤ ਗੁਰਦਵਾਰਾ ਗਊ ਘਾਟ, ਗੁਰਦਵਾਰਾ ਗੁਰੂ ਕਾ ਬਾਗ, ਗੁਰਦਵਾਰਾ ਹਾਂਡੀ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਵਾਪਸ ਹੋਟਲ 'ਚ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 21 ਫਰਵਰੀ (ਦਿਨ 7)


ਨਾਸ਼ਤਰਾ ਕਰਨ ਉਪਰੰਤ ਸ੍ਰੀ ਪਟਨਾ ਸਾਹਿਬ ਤੋਂ ਹਵਾਈ ਅੱਡੇ ਲਈ ਚਾਲੇ ਪਾਏ ਜਾਣਗੇ ਤੇ ਹਵਾਈ ਯਾਤਰਾ ਰਾਹੀਂ ਚੰਡੀਗੜ੍ਹ ਪਹੁੰਚਿਆ ਜਾਵੇਗਾ। ਇੱਥੇ ਵਿਸ਼ਵ ਪ੍ਰਸਿੱਧ ਸੁਖਨਾ ਲੇਕ ਘੁੰਮਣ ਉਪਰੰਤ ਹੋਟਲ ਚੈੱਕ ਇਨ ਕੀਤਾ ਜਾਵੇਗਾ ਤੇ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 22 ਫਰਵਰੀ (ਦਿਨ 8)


ਨਾਸ਼ਤੇ ਕਰਨ ਉਪਰੰਤ ਟਰੇਨ ਰਾਹੀਂ ਤਖ਼ਤ ਸ੍ਰੀ ਆਨੰਦਪੁਰ ਸਾਹਿਬ ਨੂੰ ਚਾਲੇ ਪਾਏ ਜਾਣਗੇ। ਜਿਥੇ ਗੁਰਦਵਾਰਾ ਸ੍ਰੀ ਕੇਸਗੜ ਸਾਹਿਬ, ਗੁਰਦਾਵਾਰਾ ਸੀਸ ਗੰਜ ਸਾਹਿਬ, ਗੁਰਦਵਾਰਾ ਭੌਰਾ ਸਾਹਿਬ ਤੇ ਕਿਲਾ ਆਨੰਦਗੜ੍ਹ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਬਠਿੰਡਾ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 23 ਫਰਵਰੀ (ਦਿਨ 9)


ਸਵੇਰੇ ਨਾਸ਼ਤੇ ਉਪਰੰਤ ਤਖਤ ਸ੍ਰੀ ਦਮਦਮਾ ਸਾਹਿਬ ਦੇ ਦਰਸ਼ਨਾ ਲਈ ਚਾਲੇ ਪਾਏ ਜਾਣਗੇ। ਬੁਰਜ ਬਾਬਾ ਦੀਪ ਸਿੰਘ ਜੀ ਦੇ ਦਰਸ਼ਨਾ ਤੋਂ ਬਾਅਦ ਲੰਗਰ ਦਾ ਅਨੰਦ ਮਾਣਿਆ ਜਾਵੇਗਾ। ਉਪਰੰਤ ਸ੍ਰੀ ਅੰਮ੍ਰਿਤਸਰ ਸਾਹਿਬ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 24 ਫਰਵਰੀ (ਦਿਨ 10)


ਸਵੇਰੇ ਨਾਸ਼ਤੇ ਉਪਰੰਤ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਜਲ੍ਹਿਆਵਾਲਾ ਬਾਗ ਵੇਖਿਆ ਜਾਵੇਗਾ। ਦੁਪਹਿਰ ਦਾ ਲੰਗਰ ਸ੍ਰੀ ਹਰਿਮੰਦਰ ਸਾਹਿਬ ਵਿਖੇ ਛਕਿਆ ਜਾਵੇਗਾ। ਇਸ ਤੋਂ ਬਾਅਦ ਭਾਰਤ-ਪਾਕਿਸਤਾਨ ਦੀ ਵੰਡ ਨੂੰ ਦਰਸਾਉਂਦਾ ਪਾਰਟੀਸ਼ਨ ਮਿਉਜੀਅਮ ਵਿਖਾਇਆ ਜਾਵੇਗਾ। ਸ਼ਾਮ ਨੂੰ ਵਾਹਗਾ ਬਾਰਡਰ ਪਹੁੰਚ ਕੇ ਰੀਟਰੀਟ ਸੇਰੇਮਨੀ ਦਿਖਾਈ ਜਾਵੇਗੀ। ਡਿਨਰ ਅਤੇ ਰਾਤਰੀ ਵਿਸ਼ਰਾਮ ਹੋਟਲ ਵਿੱਚ ਹੋਵੇਗਾ।

### 25 ਫਰਵਰੀ (ਦਿਨ 11)

ਨਾਸ਼ਤੇ ਕਰਨ ਉਪਰੰਤ ਸੰਗਤ ਜਲੰਧਰ ਲਈ ਚਾਲੇ ਪਾਵੇਗੀ ਅਤੇ ਗੁਰਦਵਾਰਾ ਦੂਖ ਨਿਵਾਰਨ ਪਾਤਸ਼ਾਹੀ 9ਵੀਂ ਪਹੁੰਚ ਕੇ ਅਮਿੱਟ ਧਾਰਮਿਕ ਤੇ ਇਤਹਾਸਕ ਯਾਦਾਂ ਸਮੇਟਦਿਆਂ, ਫਿਰ ਮਿਲਣ ਦੇ ਵਾਅਦੇ ਅਤੇ ਵਾਹਿਗੁਰੂ ਦਾ ਸ਼ੁਕਰਾਨਾ ਕਰਦਿਆਂ ਟੂਰ ਦੀ ਸਮਾਪਤੀ ਹੋਵੇਗੀ।

ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼ ਨਾਲ ਯਾਤਰਾ ਕਰਨ ਲਈ ਧੰਨਵਾਦ ਅਤੇ ਵਾਹਿਗੁਰੂ ਜੀ ਦਾ ਕੋਟਿਨ-ਕੋਟਿ ਧੰਨਵਾਦ। ਤੁਹਾਨੂੰ ਹੋਰ ਧਾਰਮਿਕ ਤੇ ਇਤਿਹਾਸਕ ਯਾਤਰਾ 'ਤੇ ਜਲਦ ਲੈ ਕੇ ਜਾਣ ਦਾ ਵਾਅਦਾ ਕਰਦੇ ਹਾਂ।

--★ ਯਾਤਰਾ ਵਿੱਚ ਸ਼ਾਮਲ ਹੋਣ ਅਤੇ ਹੋਰ ਵਧੇਰੇ ਜਾਣਕਾਰੀ ਲਈ ਦਿੱਤੇ ਗਏ ਨੰਬਰਾਂ 'ਤੇ ਸੰਪਰਕ ਕਰੋ ★--

| | | | |
|---|---|---|---|
| **RAGHBIR SINGH** | **PARAMJIT SHERGILL** | **INDERJIT KAUR** | **KULWINDER MANN** |
| +44 7458 381111, +44 7976 210161 | +44 7858 198159 | +44 7883 635835 | +44 7900 982906 |

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਵਾਹਿਗੁਰੂ ਜੀ ਕਾ ਖਾਲਸਾ ।

ਆਵਾਜ਼ਿ ਕੌਮ AWAZE QAUM

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼

ਵਾਹਿਗੁਰੂ ਜੀ ਕੀ ਫ਼ਤਹਿ ॥


**RAGHBIR SINGH (Call : +44 7976 210161)**
**121. Broadway west Walsall, West Midlands, WS1 4DW, England uk**



ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB


ਸ੍ਰੀ ਪਟਨਾ ਸਾਹਿਬ
SRI PATNA SAHIB


ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB


ਸ੍ਰੀ ਦਮਦਮਾ ਸਾਹਿਬ
SRI DAMDAMA SAHIB


ਸ੍ਰੀ ਹਜ਼ੂਰ ਸਾਹਿਬ
SRI HAZUR SAHIB

# PANJ TAKHAT YATRA

**Thank you for choosing us to go to PANJ TAKHAT YATRA in February 2026 (15th Feb – 25thFeb 2026). During the stay we will try to provide you with all the possible facilities to make this trip a memorable one.**

## Tour Package

Akal Takhat Sahib & 5 Other Places
Hydrabad & 5 Other Places
Hazur Sahib & 8 Other Gurudwaras
Patna Sahib & 5 Other Gurudwaras
Chandigarh & Sukhna Lake
Anandpur Sahib & 4 Other Gurudwaras
Damdama Sahib & 3 Other Gurudwaras

- Luxury Hotel With Breakfast & Dinner
- Luxury Air-Conditioned Coaches
- Domestic Flights
- Guided
- Flexibility to stay in India before & after the trip
- Starting and Ending Point at Jalandhar

**Note :** To Book Deposit £600 as an advance into the mendioned bank account balance amout need to be deposited 2 weeks before the travel date.

Account Name : RAGHBIR SINGH
Bank Name : HALIFAX
Sort Code : 11-08-07
Account No. :00516474

Contact Detail :
+44 7458 381111 +44 7976 210161
email: gnstuk@hotmail.com

To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.

--ADVICE--
**Request to all Sangat to have own travel Insurance individualy!**

Program is subject to change without Prior Notice.

ਆਵਾਜ਼ਿ ਕੌਮ AWAZE QAUM

## JOURNEY OF A LIFE TIME
# PANJ TAKHAT YATRA
## 5 TAKHAT YATRA - 10 NIGHTS / 11 DAYS

ਆਵਾਜ਼ਿ ਕੌਮ AWAZE QAUM

### 15th FEB. Day 1st.



**Meeting** at Gurdwara Sri Dukh Niwaran sahib patshahi 9 Guru Teg Bahadur Nagar Jalandhar and start the journey on ward drive to Amritsar sahib stop at Kartar pur to see Jung e Ajadi museum (if it is open) later drive to Amritsar check in hotel and later visit to Sri Akal Takhat sahib back to hotel and dinner in the hotel.

### 16th Feb. Day 2nd.



Early morning check out to drive to airport to take flight at 730 am to Hyderabad after arrival and proceed to see the museum than back to the hotel check in and lunch in the hotel later at 4 pm proceed to visit char minar dinner will be paid by the people directly.

### 17th Feb Day 3rd



After break fast drive to Bidar it is 3 hrs journey on arrival Darshan and lunch at the Langar than drive to Nanded again 3 hrs journey reach there check in sran and do darshan dinner at the langar.

### 18th Feb Day4th



Morning Darshan and break fast in the Langar After breakfast start for the tour of Gurdwaras, Visit to Gurdwara Nagina Ghat, Gurdwara Baba Banda Bahadur ji, Gurdwara Mal Tekri sahib, Gurdwara Heera Ghat later Gurdwara Mata Sahib Deva ji- Lunch in the langar, later to gurdwara Shikar Ghat here you have tea with pakoras later to gurdwara Sangat sahib back to city of Nanded and visit to Gurdwara Baba Nidhan singh ji, dinner at the Langar of Baba Nidhan singh ji

### 19th Feb Day5th



Leave at 6 am and drive to Hyderabaad we will stop at kings restaurant for quick tea and to use of wash rooms than to Hyderabad at paradise restaurant to have quick hyderabaadi veg biryani paid by the AWAJE QUAM TOURS from here we proceed to airport for the flight to Patna sahib arrival and we proceed to our hotel check in and dinner in the hotel

### 20th Feb. Day 6th



After break fast proceed to visit to Gurdwara Sach Khand Sri Patna sahib later Gurdwara Bal Leela sahib and Langar here later visit to Gurdwara Kangan Ghat sahib, Gurdwara Gau Ghat sahib Gurdwara Guru Ka Bagh and gurdwara Handi sahib back to our hotel and do dinner

### 21st Feb Day 7th



After Break fast proceed to the airport for the flight to chandigarh arrival and from here we go to visit to Sukhna lake later check in the hotel dinner at the hotel and relax.

### 22th Feb Day 8th



After breakfast proceed to visit to Anandpur sahib lunch at the langar later drive to Bathinda check in hotel and dinner at the hotel and relax.

### 23rd Feb Day 9th



After break fast proceed at 9 am to visit Takhat sri Damdama Sahib lunch at the Langar after that we proceed to Sri Amritsar sahib check in hotel dinner at the hotel.

### 24th Feb Day 10th



After break fast proceed at 9 am to visit Sri Harimander sahib, jallianwala bagh Parition Musuem and lunch at the Bharawan da dhabha by the AWAJE QAUM TOURS than drive to Wagah Border, See the ceremony then back to the hotel. Dinner at the hotel.

### 25th Feb Day 11th

**After breakfast proceed to Jalandhar to end the tour with happy memories and with promise to travel again together at Gurdwara Sri Dukh Niwaran sahib Patshahi 9th Guru Teg Bahdur ji Nagar.**

**THANKS FOR TRAVELLING WITH US & STAY BLESSED! LOOKING FORWARD TO TAKE YOU TO ON ANOTHER GREAT JOURNEY**


**FOR MORE INFORMATION PLS. CONTACT**

| RAGHBIR SINGH | PARAMJIT SHERGILL | INDERJIT KAUR | KULVINDER MANN |
|---|---|---|---|
| +44 7458 381111, +44 7976 210161 | +44 7858 198159 | +44 7883 635835 | +44 7900 982906 |

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਆਵਾਜ਼ਿ ਕੌਮ AWAZE QAUM TV

# AWAZE QAUM TOURS & TRAVELS

ORGANISE

# PANJ TAKHAT YATRA

## ਪੰਜ ਤਖ਼ਤ ਦਰਸ਼ਨ ਯਾਤਰਾ

## ( FROM 15th FEB 2026 TO 25th FEB 2026 )

10 Nights 11 Days Tour From 15th Feb 2026 to 25th Feb 2026

AKAL TAKHAT SAHIB & 5 OTHER PLACES | HYDRABAD & 2 OTHER PLACES
HAZUR SAHIB & 8 OTHER GURUDWARAS | PATNA SAHIB & 5 OTHER GURUDWARA
CHANDIGARH & SUKHNA LAKE | ANANDPUR SAHIB & 4 OTHER GURUDWARAS
DAMDAMA SAHIB & 3 OTHER GURUDWARAS

- Luxury Hotel with Breakfast & Dinner
- Luxury Air-conditioned Coaches
- Domestic Flights
- Guide
- Flexibility to stay in India before & after the trip*
- Starting and Ending Point at Jalandhar

NOTE: TO BOOK DEPOSIT £600 AS AN ADVANCE INTO THE MENTIONED BANK ACCOUNT
BALANCE AMOUNT NEED TO BE DEPOSITED 2 WEEKS BEFORE THE TRAVEL DATE

Account Name
RAGHBIR SINGH
Bank Name
HALIFAX
Sort Code 11-08-07
Account Number
00516474

ADVICE

REQUEST TO ALL SANGAT TO HAVE YOUR OWN TRAVEL INSURANCE INDIVIDUALLY !

FOR MORE INFO CONTACT

**RAGHBIR SINGH**
(CALL +44 7458 381111, +44 7976 210161)

PARAMJIT SHERGILL +44 7858 198159

INDERJIT KAUR +44 7883 635835

KULVINDER MANN +44 7900 982906

121, BROADWAY WEST WALSALL, WEST MIDLANDS, WS1 4DW, ENGLAND UK

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
ਨਾਮ ਜਪੋ ਕਿਰਤ ਕਰੋ ਵੰਡ ਛਕੋ
Naam Japo Kirat Karo Vand Shako
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਨੌਵੇ ਪਾਤਸ਼ਾਹ ਧੰਨ-ਧੰਨ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ
350 ਸਾਲਾਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ
ਅਤੇ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਤੇ
ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ
ਮਾਤਾ ਸਾਹਿਬ ਕੌਰ ਜੀ

ਗੁਰਮਤਿ ਸਮਾਗਮ



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

1 ਨਵੰਬਰ 2025, ਦਿਨ ਸ਼ਨੀਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।
ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ – 20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ –1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ
ਨੋਟ : ਇਹ ਸਮਾਗਮ 13 ਦਿਨ ਚੱਲੇਗਾ ਦੇਸ਼-ਵਿਦੇਸ਼ ਤੋਂ ਸੰਗਤਾਂ ਪਹੁੰਚ ਰਹੀਆ।
ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਵਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404
ਸੰਪਰਕ ਨੰਬਰ
98141-27470
84278-66404
73408-35137


ਆਵਾਜ਼ਿ ਕੌਮ AWAZE QAUM
International Newspaper & WEB TV


ੴ ਸਤਿਗੁਰ ਪ੍ਰਸਾਦਿ
ਸਿਖਹੁ ਸੁਣਹੁ ਸੀਖ ਇਹ ਮੇਰੀ ॥ ਬਾਣੀ ਪੜਹੁ ਸੁਧ ਗੁਰ ਕੇਰੀ ॥ ਪੜੈ ਮਹਾਤਮ ਲਹੈ ਬਿਸਾਲਾ ॥ ਹਲਤ ਪਲਤ ਮਹਿ ਹੋਇ ਨਿਹਾਲਾ ॥
ਗੁਰਦੁਆਰਾ ਸਾਹਿਬ ਰਿਵਰਸਾਈਡ
ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ,
ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੀ 350 ਸਾਲਾ ਗੁਰਤਾਗੱਦੀ ਸ਼ਤਾਬਦੀ ਅਤੇ ਭਾਈ ਮਤੀ ਦਾਸ ਜੀ,
ਭਾਈ ਸਤੀ ਦਾਸ ਜੀ, ਭਾਈ ਦਿਆਲਾ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ
ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਵੱਲੋਂ
ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸੰਗਤਾਂ ਦੇ ਸਹਿਯੋਗ ਨਾਲ
ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ਼ੁੱਧ ਪਾਠ ਬੋਧ (ਸੰਥਿਆ) ਸਮਾਗਮ
ਜੂਨ 29, 2025 ਤੋਂ ਅਗਸਤ 3, 2025 ਤੱਕ
ਸ਼ਨੀਵਾਰ ਅਤੇ ਐਤਵਾਰ ਦੁਪਹਿਰ 2:00 ਤੋਂ 5:00 ਵਜੇ ਤੱਕ
ਸੋਮਵਾਰ ਤੋਂ ਸ਼ੁੱਕਰਵਾਰ ਸ਼ਾਮ 5:00 ਤੋਂ 8:00 ਵਜੇ ਤੱਕ
ਸੰਗਤਾਂ ਨੂੰ ਬੇਨਤੀ ਹੈ ਕਿ ਗੁਰਬਾਣੀ ਦੇ ਸ਼ੁੱਧ ਉਚਾਰਨ ਸਿੱਖਣ ਲਈ ਸਮਾਗਮਾਂ ਵਿੱਚ ਸ਼ਾਮਿਲ ਹੋ ਕੇ ਲਾਹਾ ਪ੍ਰਾਪਤ ਕਰੋ ਜੀ
YouTube LIVE STREAM @gurdwarasahibriverside
951-201-7034, 832-541-9136, 951-685-9701
7940 Mission Blvd Jurupa Valley 92509
ਆਵਾਜ਼ਿ ਕੌਮ AWAZE QAUM
International Newspaper & WEB TV


--✶ ਗੁਰੂ ਪੰਥ ਦਾ ਸੇਵਾਦਾਰ ✶--
ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ
ਮੁਖੀ ਦਮਦਮੀ ਟਕਸਾਲ,
ਜਥਾ ਭਿੰਡਰਾਂ, ਮਹਿਤਾ
ਅਤੇ ਪ੍ਰਧਾਨ ਸੰਤ ਸਮਾਜ

# ਇੱਕ ਨਜ਼ਰ...



## ਹੁਣ ਪਿੰਡ ਨਥੇਹਾ ਦੇ ਸਕੂਲ ਦਾ ਨਵਾਂ ਨਾਮ ਹੋਵੇਗਾ ਸ਼ਹੀਦ ਸਿਪਾਹੀ ਗੁਰਤੇਜ ਸਿੰਘ ਸਰਕਾਰੀ ਹਾਈ ਸਕੂਲ ਨਥੇਹਾ

ਤਲਵੰਡੀ ਸਾਬੋ, 22 ਜੁਲਾਈ (ਗੁਰਜੰਟ ਸਿੰਘ ਨਥੇਹਾ)- ਅੱਜ ਜਿਵੇਂ ਹੀ ਪੰਜਾਬ ਪੰਜਾਬ ਸਰਕਾਰ ਤੇ ਸਿੱਖਿਆ ਵਿਭਾਗ ਵੱਲੋਂ ਪਿੰਡ ਨਥੇਹਾ ਦੇ ਸਰਕਾਰੀ ਹਾਈ ਸਕੂਲ ਦਾ ਨਾਮ ਪਿੰਡ ਦੇ ਸ਼ਹੀਦ ਸਿਪਾਹੀ ਗੁਰਤੇਜ ਸਿੰਘ ਸਰਕਾਰੀ ਹਾਈ ਸਕੂਲ ਨਥੇਹਾ ਦੇ ਨਾਮ 'ਤੇ ਰੱਖਣ ਦੇ ਹੁਕਮ ਜਾਰੀ ਕੀਤੇ ਤਾਂ ਸ਼ਹੀਦ ਦੇ ਮਾਪਿਆਂ ਤੇ ਪਿੰਡ ਵਾਸੀਆਂ ਨੇ ਇਸ ਦਾ ਭਰਵਾ ਸਵਾਗਤ ਕੀਤਾ ਹੈ ਭਾਵੇਂਕਿ ਸ਼ਹੀਦ ਦੇ ਪਿਤਾ ਜੰਗੀਰ ਸਿੰਘ ਇਸ ਦੁਨੀਆ ਤੋਂ ਚੱਲ ਵਸੇ ਹਨ ਪਰ ਉਨਾਂ ਦੀ ਮਾਤਾ ਬਲਦੇਵ ਕੌਰ ਅਤੇ ਵੱਡਾ ਭਰਾ ਗੁਰਲਾਭ ਸਿੰਘ ਨੇ ਇਸ ਦਾ ਸਵਾਗਤ ਕਰਦਿਆਂ ਸਿੱਖਿਆ ਵਿਭਾਗ ਅਤੇ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ ਹੈ। ਇਸ ਸਬੰਧੀ ਗੁਰਲਾਭ ਸਿੰਘ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਮੇਰਾ ਭਰਾ ਸ਼ਹੀਦ ਸਿਪਾਹੀ ਗੁਰਤੇਜ ਸਿੰਘ 20 ਦਸੰਬਰ 1994 ਨੂੰ ਫੌਜ ਦੀ 16 ਸਿੱਖ ਰੈਜਮੈਂਟ ਵਿੱਚ ਭਰਤੀ ਹੋਇਆ ਸੀ ਜਿਹੜਾ ਕਿ 11 ਮਈ 1998 ਨੂੰ ਦੇਸ਼ ਦੀ ਸੇਵਾ ਕਰਦੇ ਹੋਏ ਸ਼ਹੀਦ ਹੋ ਗਿਆ ਸੀ। ਜਿਸ ਲਈ ਅਸੀਂ ਸੰਨ ਦੋ ਹਜ਼ਾਰ ਤੋਂ ਹੀ ਪਿੰਡ ਦੇ ਸਰਕਾਰੀ ਸਕੂਲ ਦਾ ਨਾਮ ਮੇਰੇ ਭਰਾ ਦੇ ਰੱਖਣ ਲਈ ਅਰਜੀ ਪੱਤਰ ਦੇ ਰਹੇ ਸੀ ਪਰ ਕਿਸੇ ਨੇ ਵੀ ਸਾਡੀ ਗੱਲ ਨਹੀਂ ਸੀ ਸੁਣੀ ਜਿਸ ਲਈ ਉਹਨਾਂ ਪੰਜਾਬ ਸਰਕਾਰ ਵੱਲੋਂ ਪਰਿਵਾਰ ਨੂੰ ਹੋਰ ਸਹੂਲਤਾਂ ਨਾ ਦੇਣ 'ਤੇ ਵੀ ਸਵਾਲ ਚੁੱਕੇ। ਉਨਾਂ ਦੱਸਿਆ ਕਿ ਭਾਵੇਂ ਪਿੰਡ ਦੇ ਜੰਮਪਲ ਸਾਬਕਾ ਡੀਆਈਜੀ ਹਰਿੰਦਰ ਸਿੰਘ ਚਾਹਲ ਨੇ ਆਪਣੇ ਖਰਚੇ 'ਤੇ ਪਿੰਡ ਦੇ ਬੱਸ ਸਟੈਂਡ 'ਤੇ ਸ਼ਹੀਦ ਦਾ ਬੁੱਤ ਅਤੇ ਉਸ ਦੇ ਨਾਮ 'ਤੇ ਇੱਕ ਵੱਡਾ ਗੇਟ ਬਣਵਾਇਆ ਹੋਇਆ ਹੈ ਪਰ ਪੰਜਾਬ ਸਰਕਾਰ ਨੇ ਸਾਨੂੰ ਅਜੇ ਤੱਕ ਕੋਈ ਵੀ ਸਹੂਲਤ ਨਹੀਂ ਦਿੱਤੀ ਤੇ ਜੋ ਹੁਣ ਸ਼ਹੀਦ ਦੇ ਨਾਮ ਤੇ ਸਰਕਾਰੀ ਸਕੂਲ ਦਾ ਨਾਮ ਰੱਖਿਆ ਹੈ ਜਿਸ ਦਾ ਅਸੀਂ ਧੰਨਵਾਦ ਕਰਦੇ ਹਾਂ। ਸ਼ਹੀਦ ਗੁਰਤੇਜ ਸਿੰਘ ਦੀ ਮਾਤਾ ਬਲਦੇਵ ਕੌਰ ਦਾ ਕਹਿਣਾ ਹੈ ਕਿ ਚਾਹੇ ਮਾਪੇ ਆਪਣੇ ਵਿਛੜੇ ਪੁੱਤਰਾਂ ਨੂੰ ਜਿਉਂਦੇ ਜੀਅ ਕਦੇ ਵੀ ਨਹੀਂ ਭੁਲਾ ਸਕਦੇ ਪਰ ਮੈਨੂੰ ਮੇਰੇ ਪੁੱਤਰ ਵੱਲੋਂ ਦੇਸ਼ ਲਈ ਕੀਤੀ ਕੁਰਬਾਨੀ 'ਤੇ ਮਾਣ ਹੈ। ਉਨ੍ਹਾਂ ਆਪਣੇ ਪੁੱਤਰ ਨੂੰ ਮਾਣ ਸਤਿਕਾਰ ਦੇਣ 'ਤੇ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ। ਪਿੰਡ ਦੀ ਸਰਪੰਚ ਸ੍ਰੀਮਤੀ ਰਾਜ ਰਾਣੀ, ਸਾਬਕਾ ਡੀਆਈਜੀ ਹਰਿੰਦਰ ਸਿੰਘ ਚਾਹਲ, ਆਪ ਬਲਾਕ ਪ੍ਰਧਾਨ ਬਿੱਕਰ ਸਿੰਘ ਖਾਲਸਾ, ਸੁਖਪਾਲ ਸਿੰਘ ਚਾਹਲ, ਚਰਨਜੀਤ ਸਿੰਘ ਗੱਗੂ ਸਮੇਤ ਪਿੰਡ ਵਾਸੀਆਂ ਨੇ ਪਿੰਡ ਦੇ ਸਰਕਾਰੀ ਸਕੂਲ ਦਾ ਨਾਮ ਸ਼ਹੀਦ ਦੇ ਨਾਮ ਰੱਖਣ 'ਤੇ ਖੁਸ਼ੀ ਪ੍ਰਗਟ ਕਰਦਿਆਂ ਕਿਹਾ ਕਿ ਪਿੰਡ ਵਾਸੀਆਂ ਦੀ ਇਹ ਮੰਗ ਚਿਰਾਂ ਤੋਂ ਚੱਲੀ ਆ ਰਹੀ ਸੀ ਜੋ ਮੌਜੂਦਾ ਸਰਕਾਰ ਨੇ ਪੂਰੀ ਕੀਤੀ ਹੈ।

## ਕਾਂਗਰਸ ਹਾਈ ਕਮਾਂਡ ਨੇ ਜਗਦੀਪ ਮਾਨ ਨੂੰ ਮਾਝਾ ਜੋਨ ਸੋਸ਼ਲ ਮੀਡੀਆ ਵਿਭਾਗ ਦਾ ਕੁਆਡੀਨੇਟਰ ਕੀਤਾ ਨਿਯੁਕਤ



ਜੰਡਿਆਲਾ ਗੁਰੂ, 22 ਜੁਲਾਈ ( ਕੁਲਵੰਤ ਸਿੰਘ ਵਿਰਦੀ )- ਕਾਂਗਰਸ ਹਾਈ ਕਮਾਂਡ ਨੇ ਨੌਜਵਾਨ ਨੂੰ ਅੱਗੇ ਲਿਆਉਣ ਹਿੱਤ ਬਾਬਾ ਬਕਾਲੇ ਹਲਕੇ ਨਾਲ ਸੰਬੰਧਿਤ ਯੂਥ ਕਾਂਗਰਸੀ ਆਗੂ ਸ ?. ਜਗਦੀਪ ਸਿੰਘ ਮਾਨ ਨੂੰ ਮਾਝਾ ਜੋ.ਨ ਦਾ ਕੋਆਰਡੀਨੇਟਰ ਲਗਾ ਕੇ ਨੌਜਵਾਨਾ ਨੂੰ ਕਾਂਗਰਸ ਵਿੱਚ ਆਉਣ ਲਈ ਉਤਸ਼ਾਹਤ ਕੀਤਾ ਹੈ, ਜਾਣਕਾਰੀ ਅਨੁਸਾਰ ਸਾਬਕਾ ਵਿਧਾਇਕ ਸੰਤੋਖ ਸਿੰਘ ਭਲਾਈਪੁਰ ਦੀ ਸਿਫਾਰਸ਼ ਤੇ ਹਾਈ ਕਮਾਂਡ ਨੇ ਸ. ਮਾਨ ਨੂੰ ਇਹ ਅਹੁਦਾ ਦੇ ਕੇ ਨਿਵਾਜਿਆ,ਜਗਦੀਪ ਮਾਨ ਨੇ ਇਸ ਖੁਸ਼ੀ ਦੇ ਮੌਕੇ ਤੇ ਹਾਈ ਕਮਾਂਡ ਕਾਂਗਰਸ ਕੌਮੀ ਪ੍ਰਧਾਨ ਸ੍ਰੀ ਰਾਹੁਲ ਗਾਂਧੀ ਜੀ, ਅਮਰਿੰਦਰ ਸਿੰਘ ਰਾਜਾ ਵੜਿੰਗ, ਸ. ਪ੍ਰਤਾਪ ਸਿੰਘ ਬਾਜਵਾ. ਸੁਖਵਿੰਦਰ ਸਿੰਘ ਡੈਨੀ ਸਾਬਕਾ ਵਿਧਾਇਕ ਜੰਡਿਆਲਾ ਹਲਕਾ ਤੇ ਸਾਬਕਾ ਵਿਧਾਇਕ ਸੰਤੋਖ ਸਿੰਘ ਭਲਾਈਪੁਰ ਜੀ ਤੇ ਸਮੁੱਚੀ ਹਾਈ ਕਮਾਂਡ ਤੇ ਵਰਕਰਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਜਿਨਾਂ ਨੇ ਮੈਨੂੰ ਇਹ ਮਾਣ ਬਖਸ਼ਿਆ ਮੈਂ ਸਮੂਹ ਕਾਂਗਰਸ ਹਾਈ ਕਮਾਂਡ ਨੂੰ ਵਿਸ਼ਵਾਸ ਦਵਾਉਂਦਾ ਹਾਂ ਕਿ ਕਾਂਗਰਸ ਪਾਰਟੀ ਦੀ ਚੜ੍ਹਦੀ ਕਲ੍ਹਾ ਲਈ ਦਿਨ ਰਾਤ ਇੱਕ ਕਰਕੇ ਪਾਰਟੀ ਦੀ ਗੱਲ ਘਰ ਘਰ ਤੱਕ ਪਹੁੰਚਾਉਣ ਦਾ ਯਤਨ ਕਰਾਂਗਾ!

# ਜਨਮ ਦਿਨ ਮੁਬਾਰਕ



ਸੰਤ ਬਾਬਾ ਪ੍ਰੇਮਾਨੰਦ ਜੀ ਉਦਾਸੀਨ ਡੇਰਾ ਉਪਲ ਵਾਲਿਆਂ ਨੂੰ ਜਨਮ ਦਿਨ ਦੀਆਂ ਸਮੂਹ ਸੰਗਤਾਂ ਅਤੇ ਆਵਾਜ਼ਿ ਕੌਮ ਵੱਲੋਂ ਲੱਖ ਲੱਖ ਵਧਾਈਆਂ।



ਕੁਦਰਤ ਕੌਰ ਸਹੋਤਾ ਪੁੱਤਰੀ ਸ਼ਹਿਜਪਾਲ ਸਿੰਘ ਅਤੇ ਮਾਤਾ ਨੀਸ਼ਾ ਨਿਵਾਸੀ ਪਿੰਡ: ਚੁੰਗ ਨੂੰ ਜਨਮਦਿਣ ਦੀਆਂ ਆਵਾਜ਼ਿ ਕੌਮ ਵੱਲੋਂ ਵਧਾਈਆਂ।

### ਜਥੇਦਾਰ ਗੜਗੱਜ ਵੱਲੋਂ ਚੀਫ਼ ਖ਼ਾਲਸਾ ਦੀਵਾਨ ਨੂੰ ਕਈ ਅਹਿਮ ਹਦਾਇਤਾਂ ਜਾਰੀ

# ਚੀਫ਼ ਖ਼ਾਲਸਾ ਦੀਵਾਨ ਦੇ ਸਮੂਹ ਮੈਂਬਰ 41 ਦਿਨਾਂ ਵਿੱਚ ਅੰਮ੍ਰਿਤਧਾਰੀ ਹੋਣ: ਜਥੇਦਾਰ ਗੜਗੱਜ





ਸ੍ਰੀ ਅੰਮ੍ਰਿਤਸਰ, 22 ਜੁਲਾਈ (ਆਵਾਜ਼ਿ ਕੌਮ ਬਿਊਰੋ)-ਬੀਤੇ ਸਮੇਂ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਚੀਫ਼ ਖ਼ਾਲਸਾ ਦੀਵਾਨ ਚੈਰੀਟੇਬਲ ਸੁਸਾਇਟੀ ਦੇ ਪ੍ਰਬੰਧ, ਮੈਂਬਰਾਂ ਅਤੇ ਅਹੁਦੇਦਾਰਾਂ ਦੇ ਵਿਰੁੱਧ ਕੁਝ ਸ਼ਿਕਾਇਤਾਂ ਪੁੱਜੀਆਂ ਸਨ, ਜਿਸ ਸਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਅੱਜ ਸੰਸਥਾ ਦੇ ਪ੍ਰਧਾਨ ਸਮੇਤ ਸਮੁੱਚੀ ਕਾਰਜਕਾਰੀ ਨੂੰ ਆਪਣਾ ਪੱਖ ਰੱਖਣ ਲਈ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸੱਦਿਆ ਸੀ। ਇਸੇ ਤਹਿਤ ਅੱਜ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਸ. ਇੰਦਰਬੀਰ ਸਿੰਘ ਸਮੇਤ ਕਾਰਜਕਾਰਨੀ ਕਮੇਟੀ ਦੇ ਕੁੱਲ 20 ਮੈਂਬਰ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੁੱਜੇ, ਜਿੱਥੇ ਉਨ੍ਹਾਂ ਨੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨਾਲ ਮੁਲਾਕਾਤ ਕੀਤੀ। ਇਸ ਦੌਰਾਨ ਜਥੇਦਾਰ ਗੜਗੱਜ ਨੇ ਚੀਫ਼ ਖ਼ਾਲਸਾ ਦੀਵਾਨ ਦੇ ਵਿਰੁੱਧ ਪੁੱਜੀਆਂ ਸ਼ਿਕਾਇਤਾਂ ਬਾਰੇ ਸਮੂਹ ਮੈਂਬਰਾਂ ਨਾਲ ਵਿਚਾਰ ਕਰਦਿਆਂ ਕੁਝ ਸਵਾਲ ਕੀਤੇ ਅਤੇ ਉਨ੍ਹਾਂ ਦਾ ਪੱਖ ਸੁਣਿਆ। ਇਸ ਉਪਰੰਤ ਜਥੇਦਾਰ ਗੜਗੱਜ ਨੇ ਚੀਫ਼ ਖ਼ਾਲਸਾ ਦੀਵਾਨ ਦੇ ਵਿਧਾਨ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਪ੍ਰਵਾਣਿਤ ਸਿੱਖ ਰਹਿਤ ਮਰਯਾਦਾ ਦੀ ਰੋਸ਼ਨੀ ਵਿੱਚ ਮੌਕੇ ਉੱਤੇ ਹੀ ਕੁਝ ਅਹਿਮ ਫ਼ੈਸਲੇ ਕਰਦਿਆਂ ਸੰਸਥਾ ਦੇ ਨੁਮਾਇੰਦਿਆਂ ਨੂੰ ਹਦਾਇਤਾਂ ਜਾਰੀ ਕੀਤੀਆਂ। ਇਕੱਤਰਤਾ ਤੋਂ ਬਾਅਦ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਚੀਫ਼ ਖ਼ਾਲਸਾ ਦੀਵਾਨ ਨਾਲ ਸਬੰਧਤ ਕੀਤੇ ਗਏ ਫ਼ੈਸਲਿਆਂ ਬਾਰੇ ਕਿਹਾ ਕਿ ਜੇਕਰ ਸੰਸਥਾ ਦਾ ਕੋਈ ਮੈਂਬਰ ਅੰਮ੍ਰਿਤਧਾਰੀ ਨਹੀਂ ਹੈ ਜਾਂ ਕਿਸੇ ਤੋਂ ਕੋਈ ਕੁਤਾਹੀ ਹੋਈ ਹੈ ਤਾਂ ਇਸ ਦੀ ਸੁਧਾਈ ਕਰਨ ਲਈ ਚੀਫ਼ ਖ਼ਾਲਸਾ ਦੀਵਾਨ ਨੂੰ 41 ਦਿਨਾਂ ਦਾ ਸਮਾਂ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸਮੂਹ ਮੈਂਬਰ 41 ਦਿਨਾਂ ਦੇ ਅੰਦਰ 1 ਸਤੰਬਰ ਤੱਕ ਅੰਮ੍ਰਿਤਧਾਰੀ ਹੋ ਕੇ ਗੁਰਮਤਿ ਅਨੁਸਾਰ ਕੰਮ ਕਰਨਗੇ। ਚੀਫ਼ ਖ਼ਾਲਸਾ ਦੀਵਾਨ ਦਾ ਕੋਈ ਵੀ ਮੈਂਬਰ ਦਾੜ੍ਹੀ ਨਾ ਰੰਗਦਾ ਹੋਵੇ ਅਤੇ ਨਾ ਹੀ ਦਾੜ੍ਹੀ ਵਿੱਚ ਕੁੰਡਲ ਪਾਉਂਦਾ ਹੋਵੇ, ਕਿਉਂਕਿ ਇਹ ਗੁਰਮਤਿ ਅਤੇ ਸਿੱਖ ਰਹਿਤ ਮਰਯਾਦਾ ਦੀ ਉਲੰਘਣਾ ਹੈ। ਇਸ ਦੇ ਨਾਲ ਹੀ ਚੀਫ਼ ਖ਼ਾਲਸਾ ਦੀਵਾਨ ਦੇ ਜਿਹੜੇ ਕਾਰਜਕਾਰੀ ਮੈਂਬਰ ਅੱਜ ਇਕੱਤਰਤਾ ਵਿੱਚ ਨਹੀਂ ਪਹੁੰਚੇ ਉਨ੍ਹਾਂ ਨੂੰ 1 ਅਗਸਤ ਨੂੰ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੁੱਜ ਕੇ ਆਪਣਾ ਪੱਖ ਰੱਖਣ ਲਈ ਆਦੇਸ਼ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਜੇਕਰ ਚੀਫ਼ ਖ਼ਾਲਸਾ ਦੀਵਾਨ ਦਾ ਕੋਈ ਮੈਂਬਰ 1 ਸਤੰਬਰ ਤੱਕ ਅੰਮ੍ਰਿਤਧਾਰੀ ਨਹੀਂ ਹੁੰਦਾ ਤਾਂ ਸੰਸਥਾ ਉਸਦੀ ਮੈਂਬਰਸ਼ਿਪ ਖਤਮ ਕਰੇਗੀ। ਉਨ੍ਹਾਂ ਕਿਹਾ ਕਿ ਸੰਸਥਾ ਦੇ ਮੈਂਬਰਾਂ ਦੀ ਸੁਧਾਈ ਕਰਨ ਅਤੇ ਉਨ੍ਹਾਂ ਨੂੰ ਅੰਮ੍ਰਿਤ ਛਕਾਉਣ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਪੰਜ ਪਿਆਰੇ ਸਾਹਿਬਾਨ ਭੇਜੇ ਜਾਣਗੇ। ਉਨ੍ਹਾਂ ਕਿਹਾ ਕਿ ਸਮੂਹ ਮੈਂਬਰਾਂ ਨੂੰ ਇਹ ਆਦੇਸ਼ ਕੀਤਾ ਗਿਆ ਹੈ ਕਿ ਚੀਫ਼ ਖ਼ਾਲਸਾ ਦੀਵਾਨ ਦੇ ਵਿਧਾਨ ਅਤੇ ਸਿੱਖ ਰਹਿਤ ਮਰਯਾਦਾ ਦੀ ਰੋਸ਼ਨੀ ਵਿੱਚ ਕੋਈ ਵੀ ਗੁਰਮਤਿ ਦੇ ਉਲਟ ਕਾਰਜ ਨਹੀਂ ਕਰਨਗੇ ਅਤੇ ਖ਼ਾਲਸਾ ਪੰਥ ਦੀ ਚੜ੍ਹਦੀ ਕਲਾ ਲਈ ਸੇਵਾ ਕਰਨ ਦਾ ਉਦਮ ਕਰਨਗੇ। ਉਨ੍ਹਾਂ ਚੀਫ਼ ਖ਼ਾਲਸਾ ਦੀਵਾਨ ਨੂੰ ਆਦੇਸ਼ ਕੀਤਾ ਕਿ ਜੋ ਮਦ ਸੰਸਥਾ ਦੇ ਵਿਧਾਨ ਵਿੱਚ ਅੰਮ੍ਰਿਤਧਾਰੀ ਮੈਂਬਰ ਹੋਣ ਦੀ ਸੁਹਿਰਦ ਸਿੱਖਾਂ ਵੱਲੋਂ ਨਿਯਮ ਬਣਾਉਣ ਸਮੇਂ ਦਰਜ ਕੀਤੀ ਗਈ ਹੈ, ਉਹ ਕਦੇ ਵੀ ਖਤਮ ਨਹੀਂ ਕੀਤੀ ਜਾ ਸਕਦੀ। ਜਥੇਦਾਰ ਗੜਗੱਜ ਨੇ ਕਿਹਾ ਕਿ ਚੀਫ਼ ਖ਼ਾਲਸਾ ਦੀਵਾਨ ਨੂੰ ਇਹ ਹਦਾਇਤ ਵੀ ਕੀਤੀ ਗਈ ਹੈ ਕਿ ਧਰਮ ਪਰਿਵਰਤਨ, ਸਿੱਖੀ ਪ੍ਰਚਾਰ ਪ੍ਰਸਾਰ ਨੂੰ ਮੁੱਖ ਰੱਖਦਿਆਂ ਪੰਜਾਬ ਦੀ ਬਾਰਡਰ ਬੈਲਟ ਵਿੱਚ ਸਕੂਲ ਖੋਲ੍ਹੇ ਜਾਣ, ਜਿਨ੍ਹਾਂ ਵਿੱਚ ਸਿੱਖ ਪਰਿਵਾਰਾਂ ਦੇ ਬੱਚਿਆਂ ਨੂੰ ਰਿਆਇਤ ਦਿੱਤੀ ਜਾਵੇ। ਉਨ੍ਹਾਂ ਕਿਹਾ ਕਿ ਚੀਫ਼ ਖ਼ਾਲਸਾ ਦੀਵਾਨ ਵੱਲੋਂ ਲੰਮੇ ਸਮੇਂ ਤੋਂ ਖ਼ਾਲਸਾ ਐਡਵੋਕੇਟ ਨਾਮ ਦਾ ਰਸਾਲਾ ਜਾਰੀ ਕੀਤਾ ਜਾਂਦਾ ਹੈ, ਜਿਸ ਦਾ ਸਿੱਖੀ ਪ੍ਰਚਾਰ ਪ੍ਰਸਾਰ ਅਤੇ ਸਿੱਖ ਬਿਰਤਾਂਤ ਨੂੰ ਤਕੜੇ ਕਰਨ ਵਿੱਚ ਵੱਡਾ ਯੋਗਦਾਨ ਹੈ, ਇਸ ਸਬੰਧੀ ਹਦਾਇਤ ਕੀਤੀ ਗਈ ਹੈ ਕਿ ਸੰਸਥਾ ਇਸ ਰਸਾਲੇ ਨੂੰ ਮੌਜੂਦਾ ਦੌਰ ਦੀ ਸੂਚਨਾ ਤਕਨਾਲੋਜੀ ਨਾਲ ਜੋੜੇ ਅਤੇ ਇਸ ਨੂੰ ਹੋਰ ਪ੍ਰਫੁੱਲਤ ਕਰਨ ਦੇ ਉਪਰਾਲੇ ਕਰੇ। ਇਸ ਮੌਕੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਸਬੰਧੀ ਪੰਜਾਬ ਸਰਕਾਰ ਵੱਲੋਂ ਐਲਾਨੇ ਗਏ ਸਮਾਗਮਾਂ ਬਾਰੇ ਇੱਕ ਸਵਾਲ ਦੇ ਜਵਾਬ ਵਿੱਚ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸ਼ਤਾਬਦੀਆਂ ਮਨਾਉਣਾ ਖ਼ਾਲਸਾ ਪੰਥ ਦਾ ਕਾਰਜ ਹੈ ਅਤੇ ਸਰਕਾਰਾਂ ਨੂੰ ਆਪਣੀ ਬਣਦੀ ਜ਼ਿੰਮੇਵਾਰੀ ਨਿਭਾਉਂਦਿਆਂ ਸੰਗਤ ਲਈ ਸਹੂਲਤਾਂ ਅਤੇ ਲੋੜੀਂਦੇ ਪ੍ਰਬੰਧ ਕਰਨ ਵਿੱਚ ਸਹਿਯੋਗੀ ਹੋਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਪੰਜਾਬ ਸਰਕਾਰ ਵੱਲੋਂ ਉਲੀਕੇ ਗਏ ਸਮਾਗਮਾਂ ਉੱਤੇ ਵਾਜਬ ਇਤਰਾਜ਼ ਪ੍ਰਗਟ ਕੀਤਾ ਹੈ। ਇਨ੍ਹਾਂ ਸਮਾਗਮਾਂ ਲਈ ਸਰਕਾਰ ਨੂੰ ਸ਼੍ਰੋਮਣੀ ਕਮੇਟੀ ਦੇ ਨਾਲ ਸਹਿਯੋਗ ਕਾਰਜ ਕਰਨਾ ਚਾਹੀਦਾ ਹੈ ਅਤੇ ਜਿਹੜੀਆਂ ਤਰੀਕਾਂ ਵਿੱਚ ਸਿੱਖ ਸੰਸਥਾ ਵੱਲੋਂ ਸਮਾਗਮ ਉਲੀਕੇ ਜਾ ਚੁੱਕੇ ਹਨ, ਉਨ੍ਹਾਂ ਤਰੀਕਾਂ ਉੱਤੇ ਬਰਾਬਰ ਵੱਖਰੇ ਸਮਾਗਮ ਅਤੇ ਨਗਰ ਕੀਰਤਨ ਨਹੀਂ ਰੱਖਣੇ ਚਾਹੀਦੇ। ਉਨ੍ਹਾਂ ਕਿਹਾ ਕਿ ਬੀਤੇ ਸਮੇਂ ਵੀ ਸ਼ਤਾਬਦੀਆਂ ਸਿੱਖ ਸੰਸਥਾਵਾਂ ਤੇ ਖ਼ਾਲਸਾ ਪੰਥ ਵੱਲੋਂ ਮਨਾਈਆਂ ਜਾਂਦੀਆਂ ਰਹੀਆਂ ਹਨ ਅਤੇ ਸਰਕਾਰਾਂ ਨੇ ਹਮੇਸ਼ਾ ਸਹਿਯੋਗ ਦਿੱਤਾ ਹੈ। ਉਨ੍ਹਾਂ ਕਿਹਾ ਕਿ ਸਿੱਖ ਇਸ ਗੱਲ ਦਾ ਸਵਾਗਤ ਕਰਨਗੇ ਜੇਕਰ ਸਰਕਾਰ ਸਹਿਯੋਗੀ ਬਣਕੇ ਕਾਰਜ ਕਰੇ ਅਤੇ ਸਰਕਾਰ ਦੇ ਆਗੂਆਂ ਨੂੰ ਵੀ ਸਮਾਗਮਾਂ ਲਈ ਸੱਦਿਆ ਗਿਆ ਹੈ, ਉਨ੍ਹਾਂ ਦਾ ਵੀ ਸੁਆਗਤ ਹੈ। ਇਸ ਮੌਕੇ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਸ. ਇੰਦਰਬੀਰ ਸਿੰਘ ਦੇ ਨਾਲ ਮੀਤ ਪ੍ਰਧਾਨ ਸ. ਸੰਤੋਖ ਸਿੰਘ, ਆਨਰੇਰੀ ਸਕੱਤਰ ਸ. ਰਮਣੀਕ ਸਿੰਘ, ਸਥਾਨਕ ਪ੍ਰਧਾਨ ਸ. ਕੁਲਜੀਤ ਸਿੰਘ, ਕਾਰਜਕਾਰਨੀ ਮੈਂਬਰ ਸ. ਅਦਰਸ਼ ਪਿੰਦਰ ਸਿੰਘ, ਸ. ਜਸਪਾਲ ਸਿੰਘ, ਸ. ਹਰਵਿੰਦਰ ਪਾਲ ਸਿੰਘ, ਸ. ਸੁਖਬੀਰ ਸਿੰਘ, ਸ. ਭੁਪਿੰਦਰ ਸਿੰਘ, ਸ. ਆਤਮਜੀਤ ਸਿੰਘ, ਸ. ਹਰਿੰਦਰਪਾਲ ਸਿੰਘ, ਸ. ਜਸਪਾਲ ਸਿੰਘ, ਸ. ਗੁਰਿੰਦਰ ਸਿੰਘ, ਸ. ਮਨਮੋਹਣ ਸਿੰਘ, ਸ. ਕੁਲਦੀਪ ਸਿੰਘ, ਸ. ਸਰਜੋਤ ਸਿੰਘ, ਸ. ਕਮਲਜੀਤ ਸਿੰਘ, ਸ. ਵਰਿਆਮ ਸਿੰਘ, ਸ. ਮਹਿੰਦਰ ਸਿੰਘ, ਸ. ਹਰਜੀਤ ਸਿੰਘ, ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਇੰਚਾਰਜ ਸ. ਬਗੀਚਾ ਸਿੰਘ ਆਦਿ ਹਾਜ਼ਰ ਸਨ।

### ਐੱਸ.ਆਰ.ਕਲੇਰ ਦੀ ਅਗਵਾਈ ਹੇਠ ਹਲਕਾ ਜਗਰਾਉਂ ਤੋਂ ਵੱਡੇ ਕਾਫ਼ਲੇ ਚ ਲੁਧਿਆਣਾ ਧਰਨੇ ਤੇ ਗਏ ਹਜ਼ਾਰਾਂ ਲੋਕੀਂ

# ਕਿਸਾਨ ਭਰਾਵਾਂ ਦੀਆ ਜਮੀਨਾਂ ਸਰਕਾਰ ਵੱਲੋਂ ਧੱਕੇ ਨਾਲ ਐਕੁਵਾਇਰ ਕਰਨ ਖਿਲਾਫ਼ ਹਰ ਲੜਾਈ ਲੜਾਂਗੇ: ਕਲੇਰ



ਜਗਰਾਉਂ, 22 ਜੁਲਾਈ (ਵਰਿਆਮ ਹਠੂਰ)- ਸਰਕਾਰ ਦੀ ਲੈਂਡ ਪੂਲਿੰਗ ਸਕੀਮ ਵਿਰੁੱਧ ਪਿੰਡਾਂ ਦੇ ਕਿਸਾਨ ਭਰਾਵਾਂ ਦੀਆ ਜਮੀਨਾਂ ਨੂੰ ਸਰਕਾਰ ਵੱਲੋਂ ਧੱਕੇ ਨਾਲ ਐਕੁਵਾਇਰ ਕਰਨ ਖਿਲਾਫ਼ ਸ੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਲੁਧਿਆਣਾ ਡੀ ਸੀ ਦਫ਼ਤਰ ਅੱਗੇ ਅੱਜ ਲਗਾਏ ਜਾ ਰਹੇ ਧਰਨੇ ਤੇ ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਐੱਸ ਆਰ ਕਲੇਰ ਸਾਬਕਾ ਵਿਧਾਇਕ ਜਗਰਾਉਂ ਦੀ ਅਗਵਾਈ ਹੇਠ ਹਲਕਾ ਜਗਰਾਓਂ ਤੋਂ ਵੱਡੀ ਗਿਣਤੀ ਵਿੱਚ ਬੱਸਾਂ ਤੇ ਕਾਰਾਂ ਦਾ ਕਾਫ਼ਲਾ ਪਸ਼ੂ ਮੰਡੀ ਜਗਰਾਉਂ ਤੋਂ ਰਵਾਨਾ ਹੋਇਆ। ਇਸ ਮੌਕੇ ਸ੍ਰੀ ਕਲੇਰ ਨੇ ਕਿਹਾ ਕਿ ਕਿਸਾਨ ਭਰਾਵਾਂ ਦੀ ਜਮੀਨ ਕਿਸੇ ਵੀ ਹਾਲਤ ਵਿੱਚ ਸਰਕਾਰ ਨੂੰ ਐਕੁਵਾਇਰ ਨਹੀਂ ਕਰਨ ਦਿੱਤੀ ਜਾਵੇਗੀ ਜਿਸ ਲਈ ਸ਼੍ਰੋਮਣੀ ਅਕਾਲੀ ਦਲ ਨੂੰ ਜੋ ਵੀ ਲੜਾਈ ਲੜਨੀ ਪਵੇ ਤਾ ਵੱਡੇ ਪੱਧਰ ਤੇ ਲੜੇਗਾ। ਇਸ ਮੌਕੇ **SGPC** ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਸਾਬਕਾ ਚੇਅਰਮੈਨ ਕੰਵਲਜੀਤ ਸਿੰਘ ਮੱਲ੍ਹਾ, ਜ਼ਿਲ੍ਹਾ ਪ੍ਰਧਾਨ ਚੰਦ ਸਿੰਘ ਡੱਲਾ, ਸਾਬਕਾ ਚੇਅਰਮੈਨ ਦੀਦਾਰ ਸਿੰਘ ਮਲਕ, ਸਰਕਲ ਪ੍ਰਧਾਨ ਪਰਮਿੰਦਰ ਸਿੰਘ ਚੀਮਾ, ਸਰਕਲ ਪ੍ਰਧਾਨ ਸ਼ਿਵਰਾਜ ਸਿੰਘ ਸਰਪੰਚ, ਸਰਕਲ ਪ੍ਰਧਾਨ ਸਰਪ੍ਰੀਤ ਸਿੰਘ ਕਾਉਂਕੇ, ਸਰਕਲ ਪ੍ਰਧਾਨ ਮਨਦੀਪ ਸਿੰਘ ਬਿੱਟੂ, ਸਰਕਲ ਪ੍ਰਧਾਨ ਤੇਜਿੰਦਰਪਾਲ ਸਿੰਘ ਕੰਨੀਆ, ਸਾਬਕਾ ਮੀਤ ਪ੍ਰਧਾਨ ਨਗਰ ਕੌਂਸਲ ਦਵਿੰਦਰਜੀਤ ਸਿੰਘ ਸਿੱਧੂ, ਆਈ ਟੀ ਵਿੰਗ ਹਲਕਾ ਇੰਚਾਰਜ ਸੁਖਦੇਵ ਸਿੰਘ ਜੱਗਾ ਸੇਖੋਂ, ਪ੍ਰਧਾਨ ਗੁਰਪ੍ਰੀਤ ਸਿੰਘ ਬੱਸੂਵਾਲ, ਆਤਮਾ ਸਿੰਘ ਬੱਸੂਵਾਲ, ਯੂਥ ਪ੍ਰਧਾਨ ਰਿੰਕੂ ਕਲੇਰਾ, ਪ੍ਰਧਾਨ ਗੁਰਬਚਨ ਸਿੰਘ ਬਾਗੀਆਂ, ਭਾਵਖੰਡਨ ਸਿੰਘ ਗਿੱਦੜਵਿੰਡੀ, ਪ੍ਰਧਾਨ ਅਮਰਜੀਤ ਸਿੰਘ ਰਸੂਲਪੁਰ, ਸਰਪੰਚ ਜਸਵੀਰ ਸਿੰਘ ਦੇਹੜਕਾ,ਸਰਪੰਚ ਰਾਜੂ ਪੋਨਾ, ਸਾਬਕਾ ਸਰਪੰਚ ਨਿਰਭੈ ਸਿੰਘ ਅਲੀਗੜ੍ਹ, ਸਾਬਕਾ ਸਰਪੰਚ ਰੇਸ਼ਮ ਸਿੰਘ ਮਾਣੂੰਕੇ, ਪ੍ਰਧਾਨ ਹਰਦੀਪ ਸਿੰਘ ਮਾਣੂੰਕੇ, ਪ੍ਰਧਾਨ ਸੰਦੀਪ ਸਿੰਘ ਮੱਲ੍ਹਾ, ਪ੍ਰਧਾਨ ਸੁਰਗਨ ਸਿੰਘ ਰਸੂਲਪੁਰ, ਸਾਬਕਾ ਸਰਪੰਚ ਸ਼ੇਰ ਸਿੰਘ ਰਸੂਲਪੁਰ, ਸਾਬਕਾ ਸਰਪੰਚ ਬੂਟਾ ਸਿੰਘ ਬੁਰਜ਼ ਕੁਲਾਰ, ਜਸਵੰਤ ਸਿੰਘ ਪੱਤੀ ਮੁਲਤਾਨੀ, ਕੁਲਦੀਪ ਸਿੰਘ ਗਿੱਦਰਵਿੰਡੀ, ਸਾਬਕਾ ਸਰਪੰਚ ਕਰਨੈਲ ਸਿੰਘ ਜਨੇਤਪੁਰਾ, ਮੁਹਿੰਦਰਜੀਤ ਸਿੰਘ ਵਿਕੀ, ਗੁਰਦੀਪ ਬੁਜਰਗ, ਸਾਬਕਾ ਸਰਪੰਚ ਗੁਰਬਖਸ਼ ਸਿੰਘ ਬਰਸਾਲ, ਸਾਬਕਾ ਸਰਪੰਚ ਬਲਜਿੰਦਰ ਸਿੰਘ ਗੁਰੂਸਰ,ਬਲਵੰਤ ਸਿੰਘ ਬਾਦਲ ਹਠੂਰ,ਪ੍ਰਧਾਨ ਜਸਵੰਤ ਸਿੰਘ ਕੋਠੇ ਖਜੂਰਾਂ, ਯੂਥ ਆਗੂ ਹਰਮੀਤ ਸਿੰਘ ਰਾਏ, ਬਿੱਟੂ ਡੱਲਾ, ਸਾਬਕਾ ਸਰਪੰਚ ਰਣਧੀਰ ਸਿੰਘ ਚਕਰ, ਪ੍ਰਧਾਨ ਗੁਰਬਚਨ ਸਿੰਘ ਬਾਗੀਆਂ, ਸਾਬਕਾ ਸਰਪੰਚ ਸੁਰਿੰਦਰ ਸਿੰਘ ਪਰਜੀਆਂ ਬਿਹਾਰੀਪੁਰ, ਪ੍ਰਧਾਨ ਗੁਰਪ੍ਰੀਤ ਸਿੰਘ ਕਾਉਂਕੇ, ਬਿੱਟੂ ਲੱਖਾਂ, ਮਨਦੀਪ ਸਿੰਘ ਸਿੱਧਵਾਂ,ਸਰਪੰਚ ਗੁਰਚਰਨ ਸਿੰਘ ਖਹਿਰਾ, ਪ੍ਰਦੀਪ ਸਿੰਘ ਅਖਾੜਾ, ਪ੍ਰਧਾਨ ਸੁਖਮੰਦਰ ਸਿੰਘ ਮਾਣੂੰਕੇ, ਜਗਜੀਤ ਸਿੰਘ ਡੱਲਾ, ਜਸਵੀਰ ਸਿੰਘ ਜੱਸੀ ਜਗਰਾਓਂ,ਹਰਜੋਤ ਸਿੰਘ ਉੱਪਲ ਮਲਕ,ਧਾਮੀ ਰਸੂਲਪੁਰ, ਜਸਦੇਵ ਸਿੰਘ ਲੀਲਾ ਸਾਬਕਾ ਸਰਪੰਚ, ਮਨਜੀਤ ਸਿੰਘ ਫੌਜੀ, ਜੋਨਸਨ, ਤੇਜਿੰਦਰ ਸਿੰਘ ਜੱਸਲ, ਜੱਸੀ ਢਿਲੋਂ, ਸਰਪੰਚ ਟੋਨੀ ਕਲੇਰ, ਸਰਪੰਚ ਪਰਮਿੰਦਰ ਕੋਠੇ ਫਤਿਹਦੀਨ, ਬਲਜੀਤ ਸਿੰਘ ਡਾਇਰੈਕਟ ਹਠੂਰ, ਸੁਖਵਿੰਦਰ ਸਿੰਘ ਹਠੂਰ, ਪ੍ਰਧਾਨ ਪਰਮਿੰਦਰ ਸਿੰਘ ਕੰਬੋ, ਬਲਰਾਜ ਸਿੰਘ ਲੀਲਾ, ਪੰਚ ਸ਼ਿੰਦਾ ਚਕਰ, ਪੰਚ ਗੁਰਮੀਤ ਦਾਸ ਚਕਰ, ਰੂਪ ਸਿੰਘ ਬਾਠ ਚਕਰ, ਅਵਤਾਰ ਸਿੰਘ ਦੇਹੜਕਾ, ਸਰਪੰਚ ਗੁਰਦੀਪ ਸਿੰਘ ਨਵਾਂ ਡੱਲਾ, ਪੰਚ ਭਗਵਾਨ ਸਿੰਘ ਕੰਨੀਆ, ਤੇਜਿੰਦਰ ਸਿੰਘ ਲੋਧੀਵਾਲ, ਸਾਬਕਾ ਸਰਪੰਚ ਜ਼ੋਰਾਂ ਸਿੰਘ ਸਵੱਦੀ, ਯੂਥ ਆਗੂ ਮਿੱਟੂ ਸਵੱਦੀ, ਗੋਪੀ ਕਮਾਲਪੁਰਾ, ਕਾਕਾ ਨੰਬਰਦਾਰ ਲੰਮੇ, ਬਲਾਕ ਸੰਮਤੀ ਮੈਂਬਰ ਭਵਨਪ੍ਰੀਤ ਸਿੰਘ ਕਮਾਲਪੁਰਾ, ਅਵਤਾਰ ਸਿੰਘ ਦੇਹੜਕਾ, ਗੁਰਮੀਤ ਸਿੰਘ ਦੇਹੜਕਾ, ਸਾਬਕਾ ਸਰਪੰਚ ਭਜਨ ਸਿੰਘ, ਰਿਸ਼ੂ ਮਾਣੂੰਕੇ, ਰਾਣਾ ਸਿੱਧਵਾਂ, ਵਿਕੀ ਹਠੂਰ, ਸੰਨੀ ਸੇਖਦੌਲਤ, ਸਾਬਕਾ ਸਰਪੰਚ ਕਰਮਜੀਤ ਸਿੰਘ ਕੋਠੇ ਸ਼ੇਰਜੰਗ, ਪੰਚ ਸ਼ਿੰਦਰ ਸਿੰਘ ਲੱਖਾ, ਹਰਦੀਪ ਸਿੰਘ ਸਿੱਧਵਾਂ ਕਲਾਂ , ਹਰਵਿੰਦਰ ਸਿੰਘ ਸਿੱਧਵਾਂ ਕਲਾਂ,ਪੰਚ ਭਗਵਾਨ ਸਿੰਘ ਕਮਾਲਪੁਰਾ, ਰਛਪਾਲ ਸਿੰਘ ਚਕਰ, ਭਗਵਾਨ ਸਿੰਘ ਚਕਰ, ਸਾਬਕਾ ਸਰਪੰਚ ਏਕਮ ਸਿੰਘ ਫਤਿਹਗੜ੍ਹ ਸੀਵੀਆ, ਭੋਲਾ ਸਿੰਘ ਸੰਧੂ, ਸਰਤਾਜ ਸਿੰਘ ਗਾਲਿਬ ਰਣ ਸਿੰਘ, ਗੁਰਦੀਪ ਸਿੰਘ ਸ਼ੇਰਪੁਰ ਖੁਰਦ, ਗੁਰਦੀਪ ਸਿੰਘ ਦੁਆ, ਸਰਵੇਸ਼ ਕੁਮਾਰ ਗੁਡਗੋ, ਰਾਜਵਿੰਦਰ ਸਿੰਘ ਬੁਰਜ਼ ਕੁਲਾਰਾਂ ਤੇ ਵੱਡੀ ਗਿਣਤੀ ਵਿੱਚ ਵਰਕਰ ਤੇ ਸੰਗਤਾਂ ਹਾਜ਼ਰ।

## ਇੱਕ ਨਜ਼ਰ ...




# ਐੱਸ ਜੀ ਐੱਨ ਇੰਟਰਨੈਸ਼ਨਲ ਸਕੂਲ ਦੀਵਾਨਾ ਵਿਖੇ ਮੈਂਗੋ ਡੇਅ ਮਨਾਇਆ

ਬਰਨਾਲਾ, 22 ਜੁਲਾਈ (ਵਰਿਆਮ ਹਠੂਰ)– ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਐੱਸ ਜੀ ਐੱਨ ਇੰਟਰਨੈਸ਼ਨਲ ਸਕੂਲ ਦੀਵਾਨਾ ਵਿਖੇ ਅੱਜ ਸੰਸਥਾਂ ਚ ਫ਼ਲਾਂ ਦੇ ਰਾਜੇ ਨੂੰ ਸਮਰਪਿਤ ਰਾਸ਼ਟਰੀ ਮੈਂਗੋ ਡੇਅ (ਅੰਬ ਦਿਵਸ) ਬੜੀ ਧੂਮਧਾਮ ਨਾਲ ਮਨਾਇਆ ਗਿਆ। ਇਸ ਪ੍ਰੋਗਰਾਮ ਦਾ ਉਦੇਸ਼ ਬੱਚਿਆਂ ਨੂੰ ਅੰਬ ਫਲ ਦੇ ਫਾਇਦਿਆਂ ਅਤੇ ਵਿਸ਼ੇਸ਼ਤਾਵਾਂ ਬਾਰੇ ਜਾਗਰੂਕ ਕਰਨਾ ਸੀ। ਨਰਸਰੀ ਅਤੇ ਕੇ ਜੀ ਕਲਾਸ ਦੇ ਛੋਟੇ ਬੱਚਿਆਂ ਨੇ ਮੈਂਗੋ ਡੇਅ ਗਤੀਵਿਧੀਆਂ ਚ ਭਾਗ ਲੈਂਦੇ ਹੋਏ ਪੀਲੇ ਅਤੇ ਹਰੇ ਰੰਗ ਦੀਆਂ ਪੁਸ਼ਾਕਾਂ ਪਹਿਨ ਕੇ ਆਏ। ਐਕਟੀਵਿਟੀ ਹਾਲ ਨੂੰ ਪੀਲੇ ਅਤੇ ਹਰੇ ਰੰਗ ਨਾਲ , ਅੰਬਾਂ ਨੂੰ ਦਰਸਾਉਂਦੇ ਕੱਟ ਆਊਟ ਲਗਾਕੇ ਸਜਾਇਆ ਗਿਆ। ਛੋਟੇ ਬੱਚਿਆਂ ਦੀਆਂ ਮੈਂਗੋ ਰੇਸ, ਮੈਗੋ ਪਾਰਸਲ ਖੇਡ, ਮੈਂਗੋ ਪੇਂਟਿੰਗ ਖੇਡਾਂ ਕਰਵਾਈਆਂ ਗਈਆਂ। ਅਧਿਆਪਕਾਂ ਨੇ ਬੱਚਿਆਂ ਨੂੰ ਅੰਬਾਂ ਦੀਆਂ ਵੱਖ ਵੱਖ ਕਿਸਮਾਂ, ਖਾਣ ਦੇ ਫਾਇਦੇ ਅਤੇ ਖਾਣ ਦੇ ਤਰੀਕੇ ਬਾਰੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਅੰਬ ਫਲ ਕੇਵਲ ਖਾਣ ਚ ਰਸੀਲਾ ਅਤੇ ਮਿੱਠਾ ਹੀ ਨਹੀਂ ਹੁੰਦਾ ਸਗੋਂ ਇਸ ਫਲ ਚ ਕਈ ਪੋਸ਼ਿਟਕ ਤੱਤ ਅਤੇ ਗੁਣਕਾਰੀ ਵਿਟਾਮਿਨ ਵੀ ਹੁੰਦੇ ਹਨ। ਦੁਪਹਿਰ ਦੇ ਲੰਚ ਸਮੇਂ ਬੱਚਿਆਂ ਨੇ ਰਸੀਲੇ ਅੰਬਾਂ ਦਾ ਲੁਤਫ਼ ਲੈਂਦੇ ਹੋਏ ਖ਼ੂਬ ਮਸਤੀ ਕੀਤੀ। ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ ਨੇ ਮੈਂਗੋ ਡੇਅ ਗਤੀਵਿਧੀਆਂ ਦੇ ਵੱਖ ਵੱਖ ਮੁਕਾਬਲਿਆਂ ਚ ਭਾਗ ਲੈਣ ਵਾਲੇ ਵਿਦਿਆਰਥੀਆਂ ਦੀ ਪ੍ਰਸੰਸਾ ਕਰਦੇ ਹੋਏ ਕਿਹਾ ਕਿ ਬੱਚਿਆਂ ਦੇ ਬੌਧਿਕ, ਬਹੁਪੱਖੀ ਵਿਕਾਸ ਅਤੇ ਨਵੀਆਂ ਚੀਜ਼ਾਂ ਦੇ ਗਿਆਨ ਲਈ ਅਜਿਹੀਆ ਸਰਗਰਮੀਆਂ ਦਾ ਆਯੋਜਨ ਕਰਨਾ ਅਤਿ ਜ਼ਰੂਰੀ ਹੈ । ਮੈਂਗੋ ਡੇਅ ਤੇ ਸਕੂਲ ਵਿੱਚ ਅੰਬਾਂ ਦੇ ਬੂਟੇ ਲਗਾਏ ਗਏ। ਇਸ ਮੌਕੇ ਸਕੂਲ ਸਟਾਫ਼ ਅਤੇ ਵਿਦਿਆਰਥੀ ਹਾਜ਼ਰ ਸਨ।

# ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਵਿਖੇ ਮਨਾਇਆ ਗਿਆ ਗਰੀਨ ਡੇ

## ਸਕੂਲ ਦੇ ਨੰਨੇ ਮੁੰਨੇ ਬੱਚਿਆਂ ਨੂੰ ਖੂਬ ਅਨੰਦ ਮਾਣਿਆ: ਪ੍ਰਧਾਨ ਚਰਨ ਸਿੰਘ



ਬਿਲਾਸਪੁਰ, ਮੋਗਾ, 22 ਜੁਲਾਈ (ਵਰਿਆਮ ਹਠੂਰ)– ਇਲਾਕੇ ਦੀ ਚਰਚਿਤ ਅਤੇ ਨਾਮਵਰ ਵਿੱਦਿਅਕ ਸੰਸਥਾ ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ (ਮੋਗਾ) ਵਿਖੇ ਕਲਾਸ ਨਰਸਰੀ ਤੋਂ ਲੈ ਕੇ ਯੂਕੇਜੀ ਕਲਾਸ ਤੱਕ ਦੇ ਵਿਦਿਆਰਥੀਆਂ ਦਾ ਗਰੀਨ ਡੇ ਮਨਾਇਆ ਗਿਆ। ਜਿਸ ਵਿੱਚ ਸਾਰੇ ਹੀ ਨੰਨੇ ਮੁੰਨੇ ਵਿਦਿਆਰਥੀਆਂ ਨੇ ਪੂਰੇ ਉਤਸ਼ਾਹ ਨਾਲ ਭਾਗ ਲਿਆ। ਇਸ ਮੌਕੇ ਤੇ ਹਰੇ ਰੰਗ ਦੇ ਕੱਪੜਿਆਂ ਦੇ ਵਿੱਚ ਆ ਕੇ ਸਾਰੇ ਹੀ ਨੰਨੇ ਮੁੰਨੇ ਵਿਦਿਆਰਥੀ ਬਹੁਤ ਹੀ ਸੁੰਦਰ ਲੱਗ ਰਹੇ ਸਨ।ਵਿਦਿਆਰਥੀਆਂ ਨੇ ਆਪਣੇ ਨਾਲ ਲਿਆਂਦੇ ਹੋਏ ਖਿਡਾਉਣਿਆਂ ਫਲਾਂ ਤੇ ਸਬਜ਼ੀਆਂ ਬਾਰੇ ਬਹੁਤ ਹੀ ਸੋਹਣੇ ਤਰੀਕੇ ਨਾਲ ਬਿਆਨ ਕੀਤਾ।ਅਧਿਆਪਕਾਂ ਦੁਆਰਾ ਵੀ ਵਿਦਿਆਰਥੀਆਂ ਦੇ ਨਾਲ ਵੱਖ–ਵੱਖ ਤਰ੍ਹਾਂ ਦੀਆਂ ਗਤੀਵਿਧੀਆਂ ਕੀਤੀਆਂ ਗਈਆਂ। ਜਿਸ ਵਿੱਚ ਨੰਨੇ ਮੁੰਨੇ ਵਿਦਿਆਰਥੀਆਂ ਨੇ ਖੂਬ ਆਨੰਦ ਮਾਣਿਆ, ਇਸ ਮੌਕੇ ਤੇ ਮੌਜੂਦ ਸਕੂਲ ਪ੍ਰਧਾਨ ਚਰਨ ਸਿੰਘ, ਚੇਅਰਮੈਨ ਯੋਗਿੰਦਰ ਸ਼ਰਮਾ, ਪ੍ਰਿੰਸੀਪਲ ਕੁੰਜੂਮੋਲ ਜੋਅ ਅਤੇ ਵਾਇਸ ਪ੍ਰਿੰਸੀਪਲ ਜਸਮੇਲ ਸਿੰਘ ਨੇ ਕਿਹਾ ਕਿ ਇਸ ਤਰ੍ਹਾਂ ਦੀਆਂ ਗਤੀਵਿਧੀਆਂ ਨੂੰ ਕਰਾਉਣ ਦਾ ਮੁੱਖ ਉਦੇਸ਼ ਬੱਚਿਆਂ ਨੂੰ ਸਾਡੇ ਜੀਵਨ ਵਿੱਚ ਵੱਖ–ਵੱਖ ਰੰਗਾਂ ਦੀ ਮਹੱਤਤਾ ਬਾਰੇ ਜਾਣੂ ਕਰਵਾਉਣ ਦੇ ਨਾਲ ਨਾਲ ਉਹਨਾਂ ਦਾ ਆਤਮ ਬਲ ਵਧਾਉਣਾ ਹੈ। ਇਸ ਤੋਂ ਇਲਾਵਾ ਚੱਲ ਰਹੇ ਸਾਵਣ ਦੇ ਮਹੀਨੇ ਅਤੇ ਹਰ ਪਾਸੇ ਹਰੇ ਭਰੇ ਖੇਤਾ ਦਾ ਸਭ ਨੇ ਆਨੰਦ ਮਾਣਿਆਂ, ਸਕੂਲ ਪ੍ਰਧਾਨ ਚਰਨ ਸਿੰਘ ਨੇ ਕਿਹਾ ਕਿ ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਦਾ ਸਮੁੱਚਾ ਮਿਹਨਤੀ ਸਟਾਫ਼ ਜਿੱਥੇ ਬੱਚਿਆਂ ਦਾ ਉਜਵਲ ਭਵਿੱਖ ਬਣਾਉਣ ਲਈ ਪੜ੍ਹਾਈ ਨੂੰ ਲੈ ਕੇ ਸਖ਼ਤ ਮਿਹਨਤ ਕਰਦਾ ਹੈ। ਉੱਥੇ ਬੱਚਿਆਂ ਦੇ ਮਾਨਸਿਕ ਅਤੇ ਸਰੀਰਕ ਵਿਕਾਸ ਲਈ ਸਕੂਲ ਵਿੱਚ ਵੱਖ ਵੱਖ ਐਕਟੀਵਿਟੀ ਕਰਵਾ ਕੇ ਆਪਣੀ ਅਹਿਮ ਭੂਮਿਕਾ ਨਿਭਾਉਂਦਾ ਹੈ। ਇਸ ਮੌਕੇ ਸਕੂਲ ਸਟਾਫ਼ ਅਤੇ ਬੱਚੇ ਹਾਜ਼ਰ ਸਨ।

# ਪੰਜਾਬ ਫੋਰੈਸਟ ਪੈਨਸ਼ਨਰਜ਼ ਐਸੋਸੀਏਸ਼ਨ ਵੱਲੋਂ ਅਧਿਕਾਰੀਆਂ ਨਾਲ ਕੀਤੀ ਮੀਟਿੰਗ

ਫ਼ਿਰੋਜ਼ਪੁਰ, 22 ਜੁਲਾਈ (ਮਨੋਹਰ ਲਾਲ) : ਪੰਜਾਬ ਫੋਰੈਸਟ ਪੈਨਸ਼ਨਰਜ਼ ਐਸੋਸੀਏਸ਼ਨ ਦੇ ਸਮੂਹ ਅਹੁਦੇਦਾਰ ਅਤੇ ਸਰਗਰਮ ਮੈਂਬਰ ਸਾਹਿਬਾਨ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਮਾਨਯੋਗ ਮਹਾਂ ਲੇਖਾਕਾਰ ਪੰਜਾਬ ਚੰਡੀਗੜ੍ਹ ਵੱਲੋਂ ਪੰਜਾਬ ਸਟੇਟ ਪੈਨਸ਼ਨਰ ਕਨਫੈਡਰੇਸ਼ਨ ਮੁੱਖ ਦਫਤਰ ਲੁਧਿਆਣਾ ਨੂੰ ਪੈਨਸ਼ਨ ਕੇਸਾਂ ਦੇ ਨਿਪਟਾਰੇ ਸਬੰਧੀ ਅੱਜ 21 ਜੁਲਾਈ 2025 ਨੂੰ ਵਿਚਾਰ ਚਰਚਾ ਲਈ ਮੀਟਿੰਗ ਦਾ ਸਮਾਂ ਦਿੱਤਾ ਸੀ ਪਰ ਅੱਜ ਅਚਨਚੇਤ ਕੁੱਛ ਕਾਰਨਾਂ ਕਰਕੇ ਇਹ ਮੀਟਿੰਗ ਕੈਂਸਲ ਕਰ ਦਿੱਤੀ ਗਈ ਜਿਸ ਦੀ ਅਗਲੀ ਮੀਟਿੰਗ ਬਾਰੇ ਜਲਦੀ ਹੀ ਕਨਫੈਡਰੇਸ਼ਨ ਨੂੰ ਸੱਦਾ ਦਿੱਤਾ ਜਾਵੇਗਾ। ਮੀਟਿੰਗ ਨਾ ਹੋਣ ਕਰਕੇ ਪੰਜ਼ਾਬ ਫੋਰੈਸਟ ਪੈਨਸ਼ਨਰਜ਼ ਐਸੋਸੀਏਸ਼ਨ ਦੇ ਸੂਬਾ ਜਨਰਲ ਮੁਹਿੰਦਰ ਸਿੰਘ ਧਾਲੀਵਾਲ ਵੱਲੋਂ ਵਣ ਭਵਨ ਸੈਕਟਰ 68ਮੋਹਾਲੀ ਵਿਖੇ ਵਣ ਪੈਨਸ਼ਨਰਜ ਦੇ ਮਸਲਿਆਂ ਸਬੰਧੀ ਸ੍ਰੀ ਸੰਜੇ ਬਾਂਸਲ ਪੰਜਾਬ ਰਾਜ ਵਣ ਵਿਕਾਸ ਨਿਗਮ ਲਿਮਟਿਡ ਨਾਲ ਮੀਟਿੰਗ ਕੀਤੀ ਅਤੇ ਸੁਪ੍ਰਿੰਟੈਂਡੈਂਟ ਸ਼੍ਰੀ ਅਮੁਨਿਸ਼ ਸੂਦ ਅਤੇ ਸ਼੍ਰੀ ਇੰਦਰਜੀਤ ਹਸਨਪੁਰੀ ਸੁਪ੍ਰਿੰਟੈਂਡੈਂਟ ਨੂੰ ਮਿਲ਼ ਕੇ ਸਵਰਗੀ ਸ਼੍ਰੀ ਜਤਿੰਦਰ ਕੁਮਾਰ ਦੇ ਬੇਟੇ ਸ਼੍ਰੀ ਭੁਪਿੰਦਰ ਕੁਮਾਰ ਦੀ ਨੌਕਰੀ ਬਾਰੇ ਵਿਚਾਰ ਵਟਾਂਦਰਾ ਕੀਤਾ। ਉਨ੍ਹਾਂ ਕਿਹਾ ਕਿ ਕੇਸ ਮਾਣਯੋਗ ਵਧੀਕ ਮੁੱਖ ਸਕੱਤਰ ਵਣ ਵਿਭਾਗ ਚੰਡੀਗੜ੍ਹ ਨੂੰ ਕਦ ਵਿੱਚ ਛੋਟ ਦੇਣ ਲਈ ਭੇਜਿਆ ਹੈ, ਇਹ ਵੀ ਦੱਸਿਆ ਗਿਆ ਕਿ 9 ਜੁਲਾਈ 2025 ਨੂੰ ਮਾਣਯੋਗ ਵਣ ਮੰਤਰੀ ਪੰਜਾਬ ਅਤੇ ਵਣ ਵਿਭਾਗ ਦੇ ਉੱਚ ਅਧਿਕਾਰੀਆਂ ਨਾਲ ਐਸੋਸ਼ੀਏਸ਼ਨ ਦੀ ਮੀਟਿੰਗ ਦੀ ਕਾਰਵਾਈ ਜਲਦੀ ਹੀ ਤਿਆਰ ਕਰਕੇ ਭੇਜ ਦਿੱਤੀ ਜਾਵੇਗੀ।

# ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾਂ ਸ਼ਤਾਬਦੀ ਮਨਾਉਣ ਸਬੰਧੀ ਐਸਜੀਪੀਸੀ ਤੇ ਸਰਕਾਰ ਨੂੰ ਵਿਵਾਦਾਂ 'ਚ ਨਹੀਂ ਪੈਣਾ ਚਾਹੁੰਦਾ ?

## ਸ਼ਤਾਬਦੀ ਮਨਾਉਣ ਦਾ ਸਭ ਨੂੰ ਹੱਕ ਹੈ : ਭਾਈ ਵਿਰਸਾ ਸਿੰਘ ਖਾਲਸਾ



ਜੰਡਿਆਲਾ ਗੁਰੂ 22 ਜੁਲਾਈ (ਕੁਲਵੰਤ ਸਿੰਘ ਵਿਰਦੀ ) ਸਿੱਖ ਧਰਮ ਦੇ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਆ ਰਹੀ 350 ਸਾਲਾਂ ਸ਼ਹੀਦੀ ਸ਼ਤਾਬਦੀ ਨੂੰ ਮਨਾਉਣ ਸਬੰਧੀ ਸਰਕਾਰ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਿੱਚ ਸ਼ਬਦੀ ਬਿਆਨਬਾਜ਼ੀ ਵਧ ਚੁੱਕੀ ਹੈ, ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜਥੇਦਾਰ ਤੇ ਹੋਰ ਕਹਿ ਰਹੇ ਹਨ ਕਿ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਤਾਬਦੀ ਮਨਾਉਣੀ ਸਾਡੀ ਡਿਊਟੀ ਹੈ ਤੁਸੀਂ ਹੋਰ ਕੰਮ ਕਰੋਂ, ਜਦੋਂ ਕਿ ਸਰਕਾਰ ਨੇ ਐਲਾਨ ਕੀਤਾ ਹੈ 350 ਸਾਲਾਂ ਸ਼ਤਾਬਦੀ ਸਬੰਧੀ ਸਰਕਾਰ ਵੱਡੇ ਵੱਡੇ ਨਗਰ ਕੀਰਤਨ ਸਜਾਏਗੀ ਤਾਂ ਕਿ ਸਿੱਖ ਸੰਗਤਾਂ ਨੂੰ ਸਹੀਦੀ ਸ਼ਤਾਬਦੀ ਸਬੰਧੀ ਜਾਗਰੂਕ ਕੀਤਾ ਜਾ ਸਕੇ, ਸਰਕਾਰ ਦਾ ਇਹ ਬਹੁਤ ਵਧੀਆ ਉਪਰਾਲਾ ਹੈ ਅਤੇ ਸਾਡੀ ਜਥੇਬੰਦੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਸਰਕਾਰ ਤੋਂ ਮੰਗ ਕਰਦੀ ਹੈ ਕਿ ਗੁਰੂ ਸਾਹਿਬ ਜੀ ਦੀ ਇਹ 350 ਸਾਲਾਂ ਸ਼ਹੀਦੀ ਸ਼ਤਾਬਦੀ ਸਬੰਧੀ ਆਗਰੇ ਤੋਂ ਲੈਕੇ ਦਿੱਲੀ ਤੱਕ ਇੱਕ ਵਿਸ਼ਾਲ ਨਗਰ ਕੀਰਤਨ ਗੁਰੂ ਸਾਹਿਬ ਜੀ ਦੀ ਗ੍ਰਿਫਤਾਰੀ ਦੀ ਯਾਦ ਨੂੰ ਸਮਰਪਿਤ ਸਜਾਇਆ ਜਾਵੇ ਤਾਂ ਕਿ ਸੰਗਤਾਂ ਨੇ ਦੱਸਿਆ ਜਾ ਸਕੇ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੇ ਹਿੰਦੂ ਧਰਮ ਦੀ ਰਾਖੀ ਕਰਨ ਆਪਣੀ ਸ਼ਹਾਦਤ ਲਈ ਖੁੱਦ ਗ੍ਰਿਫ਼ਤਾਰੀ ਦਿੱਤੀ ਸੀ, ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਪੰਜਾਬ ਸਰਕਾਰ ਵੱਲੋਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸੌ ਸਾਲਾਂ ਸ਼ਹੀਦੀ ਸ਼ਤਾਬਦੀ ਸਬੰਧੀ ਵੱਡੇ ਵੱਡੇ ਨਗਰ ਕੀਰਤਨ ਸਜਾਉਣ ਦੀ ਪੂਰਨ ਹਮਾਇਤ ਅਤੇ ਆਗਰੇ ਤੋਂ ਦਿੱਲੀ ਤੱਕ ਨਗਰ ਕੀਰਤਨ ਸਜਾਉਣ ਦੀ ਸਰਕਾਰ ਤੋਂ ਮੰਗ ਕਰਦਿਆਂ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਕੀਤਾ, ਭਾਈ ਖਾਲਸਾ ਨੇ ਕਿਹਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਜਥੇਦਾਰ ਸਰਕਾਰ ਵੱਲੋਂ ਸ਼ਤਾਬਦੀ ਦਿਵਸ ਮਨਾਉਣ ਤੇ ਟੀਕਾ ਟਿੱਪਣੀ ਕਰ ਰਹੇ ਹਨ ਕਿ ਸ਼ਤਾਬਦੀ ਮਨਾਉਣੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਜੁਮੇਵਾਰੀ ਹੈ ਤੁਸੀਂ ਹੋਰ ਕੰਮ ਕਰੋਂ ਜਨੀ ਕਿ ਜੋ ਬਾਦਲ ਨੇ ਕਹੇਂ ਦਿੱਤਾ ਸੋ ਬੋਲ ਦਿੱਤਾ ਪਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਕੀ ਅਧਿਕਾਰ ਹੈ ਕਿ ਉਹ ਗੁਰੂ ਸਾਹਿਬ ਜੀ ਸ਼ਤਾਬਦੀ ਮਨਾਉਣ ਤੋਂ ਪੰਜਾਬ ਸਰਕਾਰ ਜਾ ਸੈਂਟਰ ਸਰਕਾਰ ਨੂੰ ਰੋਕੇ ਅਤੇ ਨਾ ਹੀ ਰੋਕਿਆ ਜਾ ਸਕਦਾ ਹੈ ਕਿਉਂਕਿ ਉਨ੍ਹਾਂ ਦੇ ਰਾਜ ਸਮੇਂ ਗੁਰੂ ਸਾਹਿਬ ਜੀ ਦੀ 350 ਸਾਲਾਂ ਸ਼ਤਾਬਦੀ ਆਈਂ ਤਾਂ ਫਿਰ ਉਹ ਗੁਰੂ ਸਾਹਿਬ ਜੀ ਦੀ ਸ਼ਤਾਬਦੀ ਮਨਾਉਣ ਤੋਂ ਕੇਵੇ ਪਿਛੇ ਰਹਿ ਸਕਦੇ ਹਨ ਵੈਸੇ ਵੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਆਪਣਾਂ ਉਧਾਰ ਗੁਆ ਬੈਠੀ ਹੈ ਅਤੇ ਧੱਕੇ ਨਾਲ ਕਬਜਾ ਕਰੀ ਬੈਠੀ ਹੈ, ਭਾਈ ਖਾਲਸਾ ਨੇ ਸਪੱਸ਼ਟ ਕੀਤਾ ਜਦੋਂ ਅਕਾਲੀ ਭਾਜਪਾ ਸਰਕਾਰ ਸੀ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ੍ਰ ਗੁਰਚਰਨ ਸਿੰਘ ਟੌਹੜਾ ਸਾਹਿਬ ਸੀ ਉਸ ਵਕਤ ਤਾਂ ਪੰਜਾਬ ਸਰਕਾਰ ਸ਼ਤਾਬਦੀ ਮਨਾਉਣ ਲਈ ਟੌਹੜਾ ਸਾਹਿਬ ਨਾਲ ਛਿਤਰੋ ਛਿਤਰੀ ਹੋ ਰਹੇ ਸੀ ਜਦੋਂ ਕਿ ਟੌਹੜਾ ਸਾਹਿਬ ਨੇ ਕਿਹਾ ਇਹ ਕੰਮ ਸਾਡਾ ਹੈ ਪਰ ਸਰਕਾਰ ਨੇ ਜ਼ਬਰੀ ਸ਼ਤਾਬਦੀ ਮਨਾਈ ਤਾਂ ਫਿਰ ਹੁਣ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸਰਕਾਰ ਨੂੰ ਸ਼ਤਾਬਦੀ ਮਨਾਉਣ ਤੋਂ ਕੇਵੇ ਰੋਕ ਸਕਦੀ ਹੈ , ਭਾਈ ਖਾਲਸਾ ਨੇ ਸਪੱਸ਼ਟ ਕੀਤਾ ਇਹ ਨੌਵੇਂ ਪਾਤਸ਼ਾਹ ਜੀ ਦੀ 350 ਸਾਲਾਂ ਸ਼ਹੀਦੀ ਸ਼ਤਾਬਦੀ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੋਂ ਬਾਹਰੇ ਹੋ ਕੇ ਦਿੱਲੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਹਰਿਆਣਾ ਗੁਰਦੁਆਰਾ ਪ੍ਰਬੰਧਕ ਕਮੇਟੀ ਮਨਾ ਸਕਦੀ ਹੈ ਕੇਂਦਰ ਸਰਕਾਰ ਆਪਣੇ ਪੱਧਰ ਤੇ ਮਨਾ ਸਕਦੀ ਹੈ ਤਾਂ ਪੰਜਾਬ ਸਰਕਾਰ ਇਹ ਸ਼ਤਾਬਦੀ ਕਿਉਂ ਨਹੀਂ ਮਨਾ ਸਕਦੀ ਸਭ ਨੂੰ ਬਰਾਬਰ ਹੱਕ ਹੈ ਇਸ ਕਰਕੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਜਿਥੇ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾਂ ਸ਼ਤਾਬਦੀ ਸਬੰਧੀ ਰਾਜ ਵਿੱਚ ਵੱਡੇ ਵੱਡੇ ਨਗਰ ਕੀਰਤਨ ਸਜਾਉਣ ਵਾਲੇ ਫੈਸਲੇ ਦੀ ਪੂਰਨ ਹਮਾਇਤ ਕਰਦੀ ਹੋਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਅਪੀਲ ਕਰਦੀ ਹੈ ਕਿ ਉਹ ਬਾਦਲਾਂ ਦੇ ਇੰਟਰ 'ਚ ਸ਼ਤਾਬਦੀ ਮਨਾਉਣ ਪਰ ਹਰ ਮਾਈ ਭਾਈ ਨੂੰ ਸ਼ਤਾਬਦੀ ਮਨਾਉਣ ਦਾ ਹੱਕ ਹੈ ।

# ਖੇਤੀਬਾੜੀ ਵਿਭਾਗ ਵੱਲੋਂ ਖਾਦ ਗੁਦਾਮਾਂ ਤੇ ਸਟੋਰਾਂ ਦੀ ਅਚਨਚੇਤ ਚੈਕਿੰਗ



ਫ਼ਿਰੋਜ਼ਪੁਰ, 22 ਜੁਲਾਈ (ਮਨੋਹਰ ਲਾਲ) :– ਖੇਤੀਬਾੜੀ ਵਿਭਾਗ ਪੰਜਾਬ ਵੱਲੋਂ ਕਿਸਾਨਾਂ ਨੂੰ ਗੁਣਵੱਤਾਪੂਰਨ ਖਾਦਾਂ ਦੀ ਯਕੀਨੀ ਸਪਲਾਈ ਨੂੰ ਭਰੋਸੇਯੋਗ ਬਣਾਉਣ ਅਤੇ ਨਕਲੀ ਜਾਂ ਨਿਯਮਾਂ ਵਿਰੁੱਧ ਖਾਦਾਂ ਦੀ ਵਿਕਰੀ ਨੂੰ ਰੋਕਣ ਲਈ ਵੱਡੀ ਕਾਰਵਾਈ ਕੀਤੀ ਗਈ। ਵਿਭਾਗ ਦੀ ਵੱਖ–ਵੱਖ ਟੀਮਾਂ ਨੇ ਜ਼ਿਲ੍ਹਾ ਫਿਰੋਜ਼ਪੁਰ ਅਤੇ ਆਲੇ ਦੁਆਲੇ ਦੇ ਇਲਾਕਿਆਂ ਚ ਚਲ ਰਹੇ ਖਾਦ ਡੀਲਰਾਂ ਦੇ ਚੋਣਵੇਂ ਗੋਦਾਮਾਂ ਦੀ ਚੈਕਿੰਗ ਕੀਤੀ ਅਤੇ ਕਈ ਥਾਵਾਂ ਤੋਂ ਖਾਦ ਦੇ ਸੈਂਪਲ ਭਰੇ। ਇਹ ਕਾਰਵਾਈ ਡਾ: ਗੁਰਜੀਤ ਸਿੰਘ ਬਰਾੜ, ਸੰਯੁਕਤ ਡਾਇਰੈਕਟਰ ਖੇਤੀਬਾੜੀ (ਇਨਪੁਟ) ਦੀ ਅਗਵਾਈ ਹੇਠ ਹੋਈ ਅਤੇ ਉਨ੍ਹਾਂ ਦੇ ਨਾਲ ਡਾ: ਗੁਰਪ੍ਰੀਤ ਸਿੰਘ ਸੀ.ਏ.ਓ. ਫਿਰੋਜ਼ਪੁਰ, ਡਾ: ਨੀਰਜ ਸ਼ਰਮਾ ਖੇਤੀਬਾੜੀ ਅਫ਼ਸਰ, ਡਾ: ਗੁਰਮਿੰਦਰ ਸਿੰਘ ਏ.ਓ., ਡਾ: ਗੁਰਸਾਹਿਬ ਸਿੰਘ ਏ.ਓ., ਡਾ: ਗੁਰਦੀਪ ਸਿੰਘ ਏ.ਓ., ਡਾ: ਜਸਕਵਲ ਸਿੰਘ ਏ.ਡੀ.ਓ. (ਇਨਪੁਟ), ਹੈਡਕੁਆਰਟਰ ਮੋਹਾਲੀ, ਡਾ: ਚਰਨਜੀਤ ਸਿੰਘ ਏ.ਡੀ.ਓ ਅਤੇ ਡਾ: ਜਸਪ੍ਰੀਤ ਸਿੰਘ ਏ.ਡੀ.ਓ ਆਦਿ ਨੇ ਕੀਤੀ। ਫਿਰੋਪੁਰ ਵਿਖੇ ਚੈਕਿੰਗ ਦੌਰਾਨ ਮੈਸਰਜ਼ ਸਚਦੇਵਾ ਟਰੇਡਰਜ਼ ਅਤੇ ਮੈਸਰਜ਼ ਨੈਸ਼ਨਲ ਟ੍ਰੇਡਿੰਗ ਕੰਪਨੀ ਦੇ ਖਾਦ ਗੁਦਾਮਾਂ ਦੀ ਜਾਂਚ ਕੀਤੀ ਗਈ ਅਤੇ ਉਥੋਂ ਖਾਦ ਦੇ ਨਮੂਨੇ ਲੈ ਕੇ ਲੈਬ ਵਿੱਚ ਜਾਂਚ ਲਈ ਭੇਜੇ ਗਏ। ਟੀਮ ਵੱਲੋਂ ਰਿਕਾਰਡ, ਸਟਾਕ ਰਜਿਸਟਰ, ਮਿਆਦ ਅਤੇ ਉਤਪਾਦਕ ਕੰਪਨੀਆਂ ਦੀ ਵੀ ਜਾਂਚ ਕੀਤੀ ਗਈ। ਇਸਦੇ ਨਾਲ ਹੀ ਜੀਰਾ ਇਲਾਕੇ ਵਿੱਚ ਇਕ ਪਲਾਈਵੁਡ ਫੈਕਟਰੀ ਵੱਲੋਂ ਪਲਾਈਵੁੱਡ ਬਣਾਉਣ ਸਮੇਂ ਖਾਦਾਂ ਦੀ ਕਥਿਤ ਵਰਤੋਂ ਸਬਧੀ ਮਿਲੀ ਸ਼ਿਕਾਇਤ ਦੇ ਸਬੰਧ ਵਿੱਚੋਂ ਫੈਕਟਰੀ ਚ ਅਚਨਚੇਤ ਚੈਕਿੰਗ ਕੀਤੀ ਗਈ, ਇਥੇ ਖੇਤੀਬਾੜੀ ਯੋਗ ਖਾਦਾਂ ਦੀ ਵਰਤੋਂ ਹੋਣ ਬਾਰੇ ਸੂਚਨਾ ਮਿਲੀ ਸੀ। ਵਿਭਾਗ ਵੱਲੋਂ ਫੈਕਟਰੀ ਦੇ ਮਾਲਕਾਂ ਤੋਂ ਪੁੱਛਗਿੱਛ ਕੀਤੀ ਗਈ ਅਤੇ ਖਾਦ ਦੀ ਵਰਤੋਂ ਸਬੰਧੀ ਸਾਰਾ ਰਿਕਾਰਡ ਮੰਗਵਾਇਆ ਗਿਆ। ਸੰਯੁਕਤ ਡਾਇਰੈਕਟਰ ਡਾ: ਗੁਰਜੀਤ ਸਿੰਘ ਨੇ ਕਿਹਾ ਕਿ ਕਿਸਾਨਾਂ ਤੱਕ ਮਿਆਰੀ ਅਤੇ ਅਸਲੀ ਖਾਦਾਂ ਦੀ ਸਪਲਾਈ ਪਹੁੰਚਾਉਣਾ ਵਿਭਾਗ ਦੀ ਪਹਿਲੀ ਤਰਜੀਹ ਹੈ। ਉਨ੍ਹਾਂ ਨੇ ਚੇਤਾਵਨੀ ਦਿੱਤੀ ਕਿ ਜੋ ਡੀਲਰ ਜਾਂ ਫੈਕਟਰੀਆਂ ਨਿਯਮਾਂ ਦੀ ਉਲੰਘਣਾ ਕਰਦੀਆਂ ਹਨ, ਉਨ੍ਹਾਂ ਖਿਲਾਫ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਖਾਦ ਖਰੀਦਦਿਆਂ ਸਦਾ ਲਾਈਸੈਂਸ ਸ਼ੁਦਾ ਦੁਕਾਨਾਂ ਤੋਂ ਹੀ ਖਰੀਦਣ, ਰਸੀਦ ਲੈਣ ਅਤੇ ਪੁੱਗੀ ਮਿਆਦ ਜਾਂ ਨਕਲੀ ਖਾਦ ਬਾਰੇ ਕਿਸੇ ਵੀ ਸ਼ੱਕ ਹੋਣ ਤੇ ਤੁਰੰਤ ਖੇਤੀਬਾੜੀ ਵਿਭਾਗ ਨੂੰ ਜਾਣਕਾਰੀ ਦੇਣ। ਇਹ ਚੈਕਿੰਗ ਮੁਹਿੰਮ ਕਿਸਾਨਾਂ ਦੇ ਹਿੱਤਾਂ ਦੀ ਰਾਖੀ ਅਤੇ ਜਨਤਾ ਵਿਚ ਵਿਸ਼ਵਾਸ ਬਣਾਈ ਰੱਖਣ ਲਈ ਇੱਕ ਸਖ਼ਤ ਅਤੇ ਨਿਰਭੀਕ ਕਦਮ ਸਾਬਤ ਹੋਈ ਹੈ।

# ਸਚਖੰਡ ਸਿਰੀ ਦਰਬਾਰ ਸਾਹਿਬ ਨੂੰ ਧਮਕੀਆਂ ਆਰ.ਐਸ.ਐਸ ਹਿੰਦੂ ਜਮਾਤ ਦੀ ਸ਼ਾਜਿਸ: ਬੰਡਾਲਾ



ਫ਼ਿਰੋਜ਼ਪੁਰ, 22 ਜੁਲਾਈ (ਮਨੋਹਰ ਲਾਲ) :– ਦਮਦਮੀ ਟਕਸਾਲ ਦੇ ਜਥੇਦਾਰ ਗੁਰਨਾਮ ਸਿੰਘ ਬੰਡਾਲਾ, ਜਥੇਦਾਰ ਮਲਕੀਤ ਸਿੰਘ ਮਝੈਲ, ਗਿਆਨੀ ਜਗਰਾਜ ਸਿੰਘ ਆਦਿ ਨੇ ਮੁਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਅਪੀਲ ਕੀਤੀ ਕਿ ਪੰਜਾਬ ਪੁਲੀਸ ਨੇ ਜੋ ਆਦਮੀ ਧਮਕੀਆਂ ਦੇਣ ਵਾਲਾ ਫੜਿਆ ਹੈ ਉਸ ਨੂੰ ਜਨਤਕ ਕੀਤਾ ਜਾਵੇ, ਉਸ ਦਾ ਪਿਛੋਕੜ ਘੋਖਿਆ ਜਾਵੇ। ਉਕਤ ਆਗੂਆਂ ਨੇ ਕਿਹਾ ਕਿ ਪੰਥਕ ਜਥੇਬੰਦੀਆਂ ਨੂੰ ਸ਼ੱਕ ਹੈ ਪੰਜਾਬ ਸਰਕਾਰ ਤੇ ਭਾਜਪਾ ਦਾ ਦਬਾਅ ਹੈ ਜਿਸ ਕਾਰਨ ਉਸ ਆਦਮੀ ਨੂੰ ਸਰਕਾਰ ਜਨਤਕ ਨਹੀਂ ਕਰ ਰਹੀ ਉਹ ਆਦਮੀ ਆਰ.ਐਸ.ਐਸ ਹਿੰਦੂ ਜਥੇਬੰਦੀ ਦਾ ਅਹਿਮ ਮੈਂਬਰ ਹੈ ਉਸ ਨੂੰ ਛਡਾਓਣ ਲਈ ਪੰਜਾਬ ਦੀਆਂ ਸ਼ਿਵ ਸੈਨਾ ਹਿੰਦੂ ਜਥੇਬੰਦੀ ਤੇ ਏਜੰਸੀਆਂ ਦਬਾਅ ਪਾ ਰਹੀਆਂ ਹਨ ਕਾਰਨ ਇਹ ਹੈ ਬਾਹਰਲੀਆਂ ਸਟੇਟਾਂ ਤੋਂ ਹਿੰਦੂ ਲੋਕ ਵੱਡੀ ਗਿਣਤੀ ਵਿਚ ਸਿਰੀ ਦਰਬਾਰ ਸਾਹਿਬ ਆਉਣ ਲੱਗ ਪਏ ਹਨ ਸਿੱਖ ਧਰਮ ਦੀ ਮਹਾਨਤਾ ਵਧ ਰਹੀ ਹੈ ਰੋਜਾਨਾ ਹਿੰਦੂ ਇਕਲੇ ਲੋਕ ਦੋ ਤਿੰਨ ਲੱਖ ਦੀ ਗਿਣਤੀ ਵਿਚ ਅਮ੍ਰਿਤਸਰ ਸਿਰੀ ਦਰਬਾਰ ਪਹੁਚਣ ਲੱਗ ਪਏ ਹਨ। ਉਨ੍ਹਾਂ ਲੋਕਾਂ ਨੂੰ ਪੁਛਿਆ ਪਤਾ ਲਗਦਾ ਹੈ ਉਹ ਕਹਿ ਰਹੇ ਹਨ ਦੁਨੀਆ ਵਿਚ ਏਹੀ ਅਸਲੀ ਭਗਵਾਨ ਦਾ ਅਸਥਾਨ ਹੈ ਜਿਥੇ ਇਸਨਾਨ ਕਰਨ ਨਾਲ ਤਨ ਦੇ ਰੋਗ ਦੂਰ ਹੁੰਦੇ ਹਨ ਸ਼ਬਦ ਕੀਰਤਨ ਸੁਣ ਕੈ ਮਨ ਨੂੰ ਸ਼ਾਤੀ ਮਿਲਦੀ ਹੈ ਗੁਰੂ ਰਾਮ ਦਾਸ ਜੀ ਦਾ ਸਾਫ ਸੁਥਰਾ ਲੰਗਰ ਵੀ ਕਈ ਬਿਮਾਰੀਆਂ ਨੂੰ ਦੂਰ ਕਰਦਾ ਹੈ, ਜਦੋਂ ਅਸੀਂ ਉਨ੍ਹਾਂ ਹਿੰਦੂ ਲੋਕਾਂ ਦਾ ਧਿਆਨ ਬੰਬ ਨਾਲ ਉਡਾਉਣ ਵਾਲੀਆਂ ਧਮਕੀਆਂ ਵੱਲ ਦਿਵਾਇਆ ਤਾਂ ਉਨ੍ਹਾਂ ਕਿਹਾ ਸਰਕਾਰੀ ਏਜੰਸੀਆਂ ਦੀ ਹਿੰਦੂ ਸੰਗਤ ਰੋਕਣ ਲਈ ਡਰਾਉਣ ਲਈ ਇਕ ਸ਼ਾਜਿਸ ਹੈ ਬੰਬਾਂ ਤੋਂ ਡਰਦੀ ਬਾਰਲੀਆਂ ਸਟੇਟਾਂ ਦੀ ਸੰਗਤ ਦਰਬਾਰ ਸਾਹਿਬ ਨਾ ਆਵੈ ਹਮ ਤੋਂ ਯਹ ਸਰਕਾਰ ਕੀ ਚਾਲ ਸਮਝਤੇ ਹੈ ਯਹ ਅਸਥਾਨ ਅਸਲੀ ਭਗਵਾਰ ਕਾ ਘਰ ਹੈ ਅਬਦਾਲੀ ਨੇ ਬਰੂਦ ਇਥੇ ਵਰਤਿਆ ਸੀ ਉਸ ਦੇ ਨਕ ਤੇ ਉਡ ਕੇ ਇਟ ਨਕ ਤੇ ਵਜੀ ਸੀ ਉਸ ਜਖਮ ਨਾਲ ਉਸ ਦੀ ਜੀਬ ਤੇ ਵੀ ਕੋਹੜ ਹੋ ਗਿਆ ਸੀ ਛੇ ਮਹਿਨੇ ਕੋਹੜ ਨਾਲ ਤੜਫਦਾ ਮਰਿਆ ਖਾਲਸਾ ਜੀ ਸਿਰੀ ਆਕਾਲ ਸਾਹਿਬ ਜੀ ਕੇਵਲ ਦਰਸ਼ਨਾਂ ਲਈ ਨਹੀਂ ਬਣਿਆ ਸਿਰੀ ਦਰਬਾਰ ਸਾਹਿਬ ਦੀ ਰਖਿਆ ਲਈ ਬਣਾਇਆ ਗਿਆ ਹੈ ਸਿਖ ਕੌਮ ਦੀ ਮਾੜੀ ਕਿਸਮਤ ਇਸਤੇ ਬਾਦਲ ਪਰਿਵਾਰ ਦਾ ਕਬਜਾ ਹੈ ਜੋ ਭਾਜਪਾ ਨਾਲ ਮਿਲ ਕੇ ਸਿੱਖ ਕੌਮ ਦਾ ਨੁਕਸਾਨ ਕਰਦਾ ਹੈ ਪਰ ਫਿਰ ਵੀ ਖਾਲਸਾ ਜਿਉਂਦਾ ਹੈ ਸਚਖੰਡ ਸਿਰੀ ਦਰਬਾਰ ਤੇ ਕਿਸੇ ਜਾਲਮ ਦੀ ਕੋਈ ਸ਼ਾਜਿਸ ਨਹੀਂ ਚੱਲਣ ਦੇਵੇਗਾ।

# ਇੱਕ ਨਜ਼ਰ...



## ਭੀਖ ਮੰਗਦੇ ਹੋਏ 2 ਬੱਚਿਆਂ ਨੂੰ ਰੈਸਕਿਊ ਕਰਨ ਉਪਰੰਤ ਉਹਨਾਂ ਦੇ ਪਛਾਣ ਪੱਤਰਾਂ ਦੀ ਪੁਸ਼ਟੀ ਕੀਤੀ

ਸੰਗਰੂਰ, 22 ਜੁਲਾਈ (ਰਣਜੀਤ ਸਿੰਘ ਪੇਧਨੀ)-ਪੰਜਾਬ ਸਰਕਾਰ ਵੱਲੋਂ ਜਾਰੀ ਪ੍ਰੋਜੈਕਟ ਜੀਵਨਜੋਤ 2.0 ਦੀਆਂ ਹਦਾਇਤਾਂ ਅਨੁਸਾਰ ਡਿਪਟੀ ਕਮਿਸ਼ਨਰ, ਸੰਗਰੂਰ ਸ਼੍ਰੀ ਵੀਰਾਜ ਐੱਸ. ਤਿੜਕੇ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਜ਼ਿਲ੍ਹਾ ਪ੍ਰੋਗਰਾਮ ਅਫਸਰ ਦੀ ਅਗਵਾਈ ਹੇਠ ਟਾਸਕ ਟੀਮ ਵੱਲੋਂ ਜ਼ਿਲ੍ਹਾ ਸੰਗਰੂਰ ਵਿਖੇ ਬੱਚਿਆਂ ਨੂੰ ਭੀਖ ਮੰਗਣ ਤੋਂ ਰੋਕਣ ਲਈ ਵਿਸ਼ੇਸ਼ ਚੈਕਿੰਗਾਂ ਕੀਤੀਆਂ ਗਈਆਂ ਤੇ ਜ਼ਿਲ੍ਹੇ ਦੇ ਵੱਖ-ਵੱਖ ਬਲਾਕਾਂ ਵਿੱਚ ਛਾਪੇਮਾਰੀ ਕੀਤੀ ਕੀਤੀ ਗਈ। ਇਹ ਜਾਣਕਾਰੀ ਸਾਂਝੀ ਕਰਦਿਆਂ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸ਼੍ਰੀ ਅਮਿਤ ਬੈਂਬੀ ਨੇ ਦੱਸਿਆ ਕਿ ਬਾਲ ਭਿਖਿਆ ਦੇ ਖਾਤਮੇ ਸਬੰਧੀ ਬਣਾਈ ਗਈ ਇੱਕ ਵਿਸ਼ੇਸ਼ ਟੀਮ, ਜਿਸ ਵਿੱਚ ਜ਼ਿਲ੍ਹਾ ਬਾਲ ਸੁਰੱਖਿਆ ਅਫਸਰ, ਬਾਲ ਵਿਕਾਸ ਤੇ ਪ੍ਰੋਜੈਕਟ ਅਫਸਰ, ਪੁਲਿਸ ਵਿਭਾਗ, ਸਿਹਤ ਵਿਭਾਗ ਅਤੇ ਵੱਖ-ਵੱਖ ਸਰਕਾਰੀ ਵਿਭਾਗਾਂ ਦੇ ਅਧਿਕਾਰੀ ਤੇ ਕਰਮਚਾਰੀ ਸ਼ਾਮਿਲ ਹਨ, ਦੁਆਰਾ ਜ਼ਿਲ੍ਹੇ ਦੇ ਹੌਟ ਸਪਾਟ ਸਥਾਨਾਂ ਦੀ ਚੈਕਿੰਗ ਕੀਤੀਆਂ ਗਈਆਂ ਅਤੇ ਧੂਰੀ ਵਿਖੇ ਭੀਖ ਮੰਗਦੇ ਹੋਏ 02 ਬੱਚਿਆਂ ਨੂੰ ਰੈਸਕਿਊ ਕਰਨ ਉਪਰੰਤ ਉਹਨਾਂ ਦੇ ਪਛਾਣ ਪੱਤਰਾਂ ਦੀ ਪੁਸ਼ਟੀ ਕੀਤੀ ਗਈ ਤੇ ਉਹਨਾਂ ਨੂੰ ਮਾਪਿਆਂ ਨੂੰ ਸੌਂਪਿਆ ਗਿਆ। ਬੱਚੇ ਨਾਲ ਵਿਅਕਤੀ ਦਾ ਸਬੰਧ ਸਾਬਿਤ ਨਾ ਹੋਣ ਦੀ ਸੂਰਤ ਵਿੱਚ ਵਿਅਕਤੀ ਅਤੇ ਬੱਚੇ ਦੋਨਾਂ ਦਾ ਡੀ.ਐਨ.ਏ. ਟੈਸਟ ਕੀਤਾ ਜਾਵੇਗਾ ਅਤੇ ਜੂਵਿਨਾਇਲ ਜਸਟਿਸ ਐਕਟ ਤਹਿਤ ਕਾਰਵਾਈ ਕੀਤੀ ਜਾਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

## ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਰਪੰਚ ਲਾਲੀ ਬੰਗਾਵਾਲੀ ਨੂੰ 24 ਲੱਖ 99 ਹਜਾਰ ਰੁਪਏ ਦਾ ਚੈੱਕ ਭੇਟ ਕੀਤਾ

ਧੂਰੀ, 22 ਜੁਲਾਈ ( ਰਣਜੀਤ ਸਿੰਘ ਪੇਧਨੀ)- ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਵੱਲੋਂ ਧੂਰੀ ਵਿਧਾਨ ਸਭਾ ਹਲਕੇ ਦੇ ਪਿੰਡਾਂ ਨੂੰ ਕਰੋੜਾਂ ਰੁਪਏ ਦੇ ਚੈੱਕ ਦੇ ਕੇ ਨਿਵਾਜਿਆ ਗਿਆ। ਇਸੇ ਹੀ ਤਹਿਤ ਪਿੰਡ ਨੂੰ 24 ਲੱਖ 99 ਹਜਾਰ ਰੁਪਏ ਪਿੰਡ ਦੇ ਸਰਪੰਚ ਹਰਬਿੰਦਰ ਸਿੰਘ ਲਾਲੀ ਬੰਗਾਵਾਲੀ ਨੂੰ ਚੈੱਕ ਭੇਟ ਕੀਤਾ ਗਿਆ। ਇਸ ਮੌਕੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਰਪੰਚ ਲਾਲੀ ਬੰਗਾਵਾਲੀ ਨੇ ਕਿਹਾ ਕਿ ਅਸੀਂ ਨਗਰ ਬੰਗਾਵਾਲੀ ਵੱਲੋਂ ਮੁੱਖ ਮੰਤਰੀ ਭਗਵੰਤ ਮਾਨ ਜੀ ਦਾ ਦਿਲ ਦੀਆਂ ਗਹਿਰਾਈਆਂ ਚ ਧੰਨਵਾਦ ਕਰਦੇ ਹਾਂ ਜਿਨ੍ਹਾਂ ਨੇ ਸਾਡੇ ਪਿੰਡ ਨੂੰ ਗਰਾਂਟਾਂ ਦੇ ਗੱਫੇ ਦੇ ਕੇ ਨਿਵਾਜਿਆ ਹੈ। ਉਹਨਾਂ ਕਿਹਾ ਕਿ ਅਸੀਂ ਸਰਕਾਰ ਵੱਲੋਂ ਯੁੱਧ ਨੱਸਿਆਂ ਵਿਰੁੱਧ ਚਲਾਈ ਗਈ ਮੁਹਿੰਮ ਦਾ ਵੀ ਸਵਾਗਤ ਕਰਦੇ ਹਾਂ ਜਿਨਾਂ ਨੇ ਪਿੰਡਾਂ, ਸ਼ਹਿਰਾਂ ਵਿੱਚ ਨਸ਼ੇ ਦੀ ਦਲ ਦਲ ਵਿੱਚ ਫਸੇ ਨੌਜਵਾਨਾਂ ਨੂੰ ਕੱਢਣ ਦਾ ਬੀੜਾ ਚੁੱਕਿਆ ਹੈ ਅਸੀਂ ਵੀ ਸਾਡੇ ਪਿੰਡ ਬੰਗਾਵਾਲੀ ਵਿਖੇ ਯੁੱਧ ਨੱਸਿਆ ਵਿਰੁੱਧ ਸਮਾਗਮ ਵਿੱਚ ਵੱਡਾ ਇਕੱਠ ਕਰਕੇ ਵਿਸ਼ਵਾਸ ਦਵਾਇਆ ਕਿ ਅਸੀਂ ਪਿੰਡ ਵਿੱਚ ਕੋਈ ਵੀ ਨਸ਼ਾ ਵਿਕਣ ਨਹੀਂ ਦੇਵਾਂਗੇ ਅਤੇ ਨਾ ਹੀ ਵੇਚਣ ਵਾਲੇ ਦੀ ਜਮਾਨਤ ਦੇਣ ਜਾਵਾਂਗੇ। ਇਸ ਮੌਕੇ ਪੰਚ ਜਸਵੀਰ ਕੌਰ,ਗੁਰਮੇਲ ਕੌਰ ,ਬੰਤ ਕੌਰ. ਯਾਦਵਿੰਦਰ ਸਿੰਘ. ਨਿਰਮਲ ਸਿੰਘ. ਮੋਹਨ ਖਾਂ. ਗੁਰਪ੍ਰੀਤ ਸਿੰਘ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਸ਼੍ਰੀ ਗੁਰੂ ਰਾਮਦਾਸ ਸੀਨੀਅਰ ਸੈਕੰਡਰੀ ਸਕੂਲ ਵਿਖੇ ਤੀਆਂ ਦਾ ਤਿਉਹਾਰ ਮਨਾਇਆ ਗਿਆ





ਚੌਕ ਮਹਿਤਾ, 22 ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ)- ਪੰਜਾਬੀ ਸੱਭਿਆਚਾਰ ਨੂੰ ਪ੍ਰਫੁੱਲਿਤ ਕਰਨ ਦੇ ਉਦੇਸ਼ ਅਤੇ ਅਜੋਕੀ ਨੌਜਵਾਨ ਪੀੜ੍ਹੀ ਨੂੰ ਆਪਣੀਆਂ ਸੱਭਿਆਚਾਰ ਵੰਨਗੀਆਂ ਨਾਲ ਜੋੜਨ ਦੇ ਉਪਰਾਲੇ ਵਜੋਂ ਸ਼੍ਰੀ ਗੁਰੂ ਰਾਮਦਾਸ ਸੀਨੀਅਰ ਸੈਕੰਡਰੀ ਸਕੂਲ,ਨਾਥ ਦੀ ਖੂਹੀ ( ਚੰਨਣਕੇ) ਵਿਖੇ ਸਾਉਣ ਮਹੀਨੇ ਦਾ ਪ੍ਰਮੁੱਖ ਤਿਓਹਾਰ 'ਤੀਆਂ ਤੀਜ ਦੀਆਂ' ਮਨਾਇਆ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਧਾਰਮਿਕ ਗੀਤ ਨਾਲ ਕੀਤੀ ਗਈ। ਇਸ ਤੋਂ ਇਲਾਵਾ ਨਰਸਰੀ ਵਿੰਗ ਦੇ ਵਿਦਿਆਰਥੀਆਂ ਵਲੋਂ 'ਪੰਜਾਬਣਾਂ' ਗੀਤ ਤੇ ਡਾਂਸ ਪੇਸ਼ ਕੀਤਾ ਗਿਆ। ਪਹਿਲੀ ਅਤੇ ਦੂਸਰੀ ਜਮਾਤ ਦੀਆਂ ਵਿਦਿਆਰਥਣਾਂ ਮਨਸੀਰਤ ਕੌਰ ਅਤੇ ਸਾਥਣਾਂ ਵੱਲੋਂ 'ਕੁੱਟ-ਕੁੱਟ ਬਾਜਰਾ' ਗੀਤ ਅਤੇ ਸਾਉਣ ਦੇ ਮਹੀਨੇ ਨਾਲ ਸੰਬੰਧਿਤ ਗਿੱਧਾ , ਤੀਸਰੀ ਅਤੇ ਚੌਥੀ ਜਮਾਤ ਦੀਆਂ ਵਿਦਿਆਰਥਣਾਂ ਸੱਚਲੀਨ ਕੌਰ ਤੇ ਸਾਥਣਾਂ ਵੱਲੋਂ 'ਜੁੱਤੀ ਕਸੂਰ ਦੀ', ਮਹਿਕ ਪ੍ਰੀਤ ਕੌਰ ਅਤੇ ਨਵਜੋਤ ਕੌਰ ਵੱਲੋਂ 'ਪੰਜਾਬੀ ਮੁਟਿਆਰਾਂ' ਗੀਤ ਤੇ ਡਾਂਸ ਪੇਸ਼ ਕੀਤਾ ਗਿਆ। ਰਿਪਨਪ੍ਰੀਤ ਕੌਰ ਤੇ ਸਾਥਣਾਂ ਵੱਲੋਂ ਗਿੱਧਾ ਪੇਸ਼ ਕੀਤਾ ਗਿਆ। ਸੱਤਵੀਂ ਜਮਾਤ ਦੇ ਵਿਦਿਆਰਥੀ ਵੀਰਾਜ ਸ਼ੇਰ ਗਿੱਲ ਅਤੇ ਸਾਥੀਆਂ ਵੱਲੋਂ ਭੰਗੜਾ ਪੇਸ਼ ਕੀਤਾ ਗਿਆ। ਵੀਰਪਾਲ ਕੌਰ ਅਤੇ ਅਨੂਰੀਤ ਕੌਰ ਵੱਲੋਂ ਤੀਆਂ ਦੇ ਸੱਭਿਆਚਾਰ ਬਾਰੇ ਚਾਨਣਾ ਪਾਇਆ ਗਿਆ। ਮਹਿਕ ਪ੍ਰੀਤ, ਮੈਡਮ ਗੁਰਪ੍ਰੀਤ ਕੌਰ, ਮੈਡਮ ਰਮਨਪ੍ਰੀਤ ਕੌਰ ਤੇ ਗੁਰਮੀਤ ਕੌਰ ਵਲੋਂ ਲੋਕ - ਗੀਤ ਪੇਸ਼ ਕੀਤੇ ਗਏ। ਇਸ ਦੇ ਨਾਲ ਹੀ ਮਹਿੰਦੀ ਮੁਕਾਬਲੇ ਵੀ ਕਰਵਾਏ ਗਏ ਜਿਸ ਵਿੱਚ ਵਿਦਿਆਰਥਣਾਂ ਵੱਲੋਂ ਵੱਧ ਚੜ੍ਹ ਕੇ ਹਿੱਸਾ ਲਿਆ ਗਿਆ। ਸਟੇਜ ਸੰਚਾਲਨ ਦੀ ਜ਼ਿੰਮੇਵਾਰੀ ਬਾਰ੍ਹਵੀਂ ਜਮਾਤ ਦੀਆਂ ਵਿਦਿਆਰਥਣਾਂ ਅਨੂਰੀਤ ਕੌਰ ਅਤੇ ਸਰਗੁਣਪ੍ਰੀਤ ਕੌਰ ਨੇ ਬਾਖ਼ੂਬੀ ਨਿਭਾਈ। ਇਸ ਮੌਕੇ ਪ੍ਰਿੰਸੀਪਲ ਸ੍ਰੀ ਮਤੀ ਗੁਰਦੀਪ ਕੌਰ ਤੇ ਸਮੂਹ ਸਟਾਫ਼ ਮੈਂਬਰ ਹਾਜ਼ਰ ਸਨ ।

# ਕੈਬਨਿਟ ਮੰਤਰੀ ਅਮਨ ਅਰੋੜਾ ਨੇ ਹਲਕੇ ਦੇ 32 ਪਿੰਡਾਂ ਦੇ ਵਿਕਾਸ ਲਈ ਕਰੀਬ 3 ਕਰੋੜ 85 ਲੱਖ ਰੁਪਏ ਦੇ ਚੈੱਕ ਸੌਂਪੇ ਤੇ ਨੀਂਹ ਪੱਥਰ ਰੱਖੇ





## 31 ਜੁਲਾਈ ਨੂੰ ਸੁਨਾਮ ਵਿਖੇ ਸ਼ਹੀਦ ਊਧਮ ਸਿੰਘ ਜੀ ਦੇ ਰਾਜ ਪੱਧਰੀ ਸ਼ਹੀਦੀ ਸਮਾਗਮ ਵਿੱਚ ਸ਼ਿਰਕਤ ਕਰਨ ਦੀ ਅਪੀਲ

ਸੰਗਰੂਰ, ਸੁਨਾਮ, 22 ਜੁਲਾਈ (ਰਣਜੀਤ ਸਿੰਘ ਪੇਧਨੀ )-ਕੈਬਨਿਟ ਮੰਤਰੀ ਅਤੇ ਆਮ ਆਦਮੀ ਪਾਰਟੀ ਦੇ ਪ੍ਰਧਾਨ ਸ਼੍ਰੀ ਅਮਨ ਅਰੋੜਾ ਨੇ ਹਲਕੇ ਦੇ ਵੱਖੋ-ਵੱਖ ਪਿੰਡਾਂ ਖੇੜੀ, ਨਾਗਰਾ, ਬਿਗੜਵਾਲ, ਘਾਸੀਵਾਲ, ਬੀਰਕਲਾਂ, ਤੋਗਾਵਾਲ ਅਤੇ ਪਿੰਡ ਮੰਡੇਰ ਕਲਾਂ ਵਿਖੇ ਕਰਵਾਏ ਸਮਾਗਮਾਂ ਦੌਰਾਨ ਹਲਕੇ ਦੇ 32 ਪਿੰਡਾਂ ਦੇ ਵਿਕਾਸ ਕਾਰਜਾਂ ਲਈ ਕਰੀਬ 03 ਕਰੋੜ 85 ਲੱਖ ਰੁਪਏ ਦੇ ਵਿਕਾਸ ਕਾਰਜਾਂ ਸਬੰਧੀ ਨੀਂਹ ਪੱਥਰ ਰੱਖੇ ਤੇ ਪੰਚਾਇਤਾਂ ਨੂੰ ਚੈੱਕ ਸੌਂਪੇ। ਇਸ ਮੌਕੇ ਸ਼੍ਰੀ ਅਰੋੜਾ ਨੇ ਕਿਹਾ ਕਿ ਲੋਕਾਂ ਨੇ ਜਿਨ੍ਹਾਂ ਉਮੀਦਾਂ ਨਾਲ ਸੂਬੇ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਚੁਣੀ ਸੀ, ਉਹਨਾਂ ਉਮੀਦਾਂ 'ਤੇ ਪੰਜਾਬ ਸਰਕਾਰ ਖਰੀ ਉੱਤਰ ਰਹੀ ਹੈ। ਵਿਧਾਨ ਸਭਾ ਹਲਕਾ ਸੁਨਾਮ ਸਮੇਤ ਪੂਰੇ ਸੂਬੇ ਵਿੱਚ ਵਿਕਾਸ ਕਾਰਜ ਜੰਗੀ ਪੱਧਰ ਉੱਤੇ ਜਾਰੀ ਹਨ, ਜਿਸ ਨਾਲ ਸੂਬੇ ਦੀ ਕਾਇਆ ਕਲਪ ਹੋ ਰਹੀ ਹੈ। ਵੱਖ ਵੱਖ ਸਮਾਗਮਾਂ ਦੌਰਾਨ ਸੰਬੋਧਨ ਕਰਦਿਆਂ ਸ਼੍ਰੀ ਅਮਨ ਅਰੋੜਾ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਦਾ ਵਿਕਾਸ ਯੋਜਨਾਬੱਧ ਤਰੀਕੇ ਨਾਲ ਕੀਤਾ ਜਾ ਰਿਹਾ ਹੈ। ਜਿੱਥੇ ਸਿੱਖਿਆ ਅਤੇ ਸਿਹਤ ਨੂੰ ਸਭ ਤੋਂ ਵੱਧ ਤਰਜੀਹ ਦਿੱਤੀ ਜਾ ਰਹੀ ਹੈ, ਉਥੇ ਹੀ ਬੁਨਿਆਦੀ ਢਾਂਚੇ ਦੇ ਨਿਰੰਤਰ ਵਿਕਾਸ ਨੂੰ ਵੀ ਯਕੀਨੀ ਬਣਾਇਆ ਜਾ ਰਿਹਾ ਹੈ। ਉਹਨਾਂ ਕਿਹਾ ਕਿ ਦੇਸ਼ ਵਿੱਚ ਇਹ ਪਹਿਲੀ ਵਾਰ ਹੋਵੇਗਾ ਕਿ ਜਿੱਥੇ ਹਰੇਕ ਪਰਿਵਾਰ ਦਾ 10 ਲੱਖ ਰੁਪਏ ਦਾ ਇਲਾਜ ਬੀਮਾ ਹੋਵੇਗਾ। ਬਿਮਾਰੀ ਦੀ ਹਾਲਤ ਵਿੱਚ ਵਿਅਕਤੀ ਨੇ ਸਿਰਫ ਹਸਪਤਾਲ ਵਿੱਚ ਜਾ ਕੇ ਦਾਖ਼ਲ ਹੀ ਹੋਣਾ ਹੈ। ਬਾਕੀ ਸਾਰਾ ਕੰਮ ਪੰਜਾਬ ਸਰਕਾਰ ਕਰੇਗੀ। ਇਹ ਇਲਾਜ ਸਰਕਾਰੀ ਅਤੇ ਇਮਪੈਨਲਡ ਨਿੱਜੀ ਹਸਪਤਾਲਾਂ ਵਿੱਚ ਬਿਲਕੁਲ ਮੁਫ਼ਤ ਉਪਲਬਧ ਹੋਵੇਗਾ। ਇਸ ਦੌਰਾਨ ਕੈਬਨਿਟ ਮੰਤਰੀ ਨੇ ਪਿੰਡ ਬੀਰ ਕਲਾਂ, ਤੋਲਾਵਾਲ, ਮਾਡਲ ਟਾਊਨ 01, ਮਾਡਲ ਟਾਊਨ 02 , ਬਿਗੜਵਾਲ, ਸਿੰਘਪੁਰਾ , ਜਗਤਪੁਰਾ , ਅਕਾਲਗੜ੍ਹ , ਮੰਡੇਰ ਕਲਾਂ, ਮੰਡੇਰ ਖੁਰਦ , ਬੁੱਗਰਾਂ , ਲੋਹਾਖੇੜਾ , ਰੱਤੋਕੇ , ਤਕੀਪੁਰ , ਨਾਗਰਾ , ਤੋਗਾਵਾਲ, ਦਿਆਲਗੜ੍ਹ, ਸਾਹੋਕੇ, ਖੇੜੀ, ਗੱਗੜਪੁਰ, ਕੰਮੋਮਾਜਰਾ, ਕਨੋਈ, ਕੰਮੋਮਾਜਰਾ ਖੁਰਦ, ਖੁਰਾਣਾ, ਖੁਰਾਣੀ, ਬਲਵਾੜ ਕਲਾਂ, ਬਲਵਾੜ ਖੁਰਦ, ਸੋਹੀਆਂ ਕਲਾਂ, ਘਾਸੀਵਾਲਾ, ਬਖਸ਼ੀਵਾਲਾ, ਕੋਟੜਾ ਅਮਰੂ ਅਤੇ ਟਿੱਬੀ ਰਵਿਦਾਸਪੁਰਾ ਵਿਖੇ ਕਰਵਾਏ ਜਾਣ ਵਾਲੇ ਵਿਕਾਸ ਕਾਰਜਾਂ ਲਈ ਨੀਂਹ ਪੱਥਰ ਰੱਖੇ ਤੇ ਚੈੱਕ ਵੰਡੇ। ਕੈਬਨਿਟ ਮੰਤਰੀ ਨੇ ਇਸ ਦੌਰਾਨ ਵੱਖੋ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਵਿਕਾਸ ਕਾਰਜਾਂ ਦੇ ਮਿਆਰ ਬਾਬਤ ਕਿਸੇ ਕਿਸਮ ਦਾ ਸਮਝੌਤਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਤੇ ਸਾਰੇ ਵਿਕਾਸ ਕਾਰਜ ਤੈਅ ਸਮੇਂ ਵਿੱਚ ਮੁਕੰਮਲ ਹੋਣੇ ਯਕੀਨੀ ਬਣਾਏ ਜਾਣ। ਉਹਨਾਂ ਨੇ ਨਾਲ ਹੀ ਲੋਕਾਂ ਨੂੰ ਵੀ ਇਹ ਅਪੀਲ ਕੀਤੀ ਕਿ ਉਹ ਆਪ ਵੀ ਵਿਕਾਸ ਕਾਰਜਾਂ ਉੱਤੇ ਨਿਗ੍ਹਾ ਰੱਖਣ, ਜੇਕਰ ਕਿਤੇ ਕੋਈ ਊਣਤਾਈ ਨਜ਼ਰ ਆਵੇ ਤਾਂ ਫੌਰੀ ਉਹਨਾਂ ਦੇ ਧਿਆਨ ਵਿੱਚ ਲਿਆਂਦੀ ਜਾਵੇ। ਸ਼੍ਰੀ ਅਰੋੜਾ ਨੇ ਹਾਜ਼ਰੀਨ ਨੂੰ ਇਹ ਵੀ ਅਪੀਲ ਕੀਤੀ ਕਿ ਪੰਜਾਬ ਸਰਕਾਰ ਵੱਡੇ ਪੱਧਰ ਉੱਤੇ ਨਸ਼ਿਆਂ ਖ਼ਿਲਾਫ਼ ਜੰਗ ਲੜ ਰਹੀ ਹੈ ਤੇ ਵਿਆਪਕ ਰੂਪ ਵਿੱਚ ਕਾਮਯਾਬ ਵੀ ਹੋਈ ਹੈ ਪਰ ਸਰਕਾਰ ਵੱਲੋਂ ਵਿੱਢੀ ਕੋਈ ਵੀ ਮੁਹਿੰਮ ਤਾਂ ਹੀ ਮੁਕੰਮਲ ਤੌਰ ਉੱਤੇ ਕਾਮਯਾਬ ਹੋ ਸਕਦੀ ਹੈ ਜੇਕਰ ਲੋਕਾਂ ਵੱਲੋਂ ਉਸ ਮੁਹਿੰਮ ਵਿੱਚ ਪੂਰਨ ਸਹਿਯੋਗ ਦਿੱਤਾ ਜਾਵੇ। ਇਸ ਲਈ ਲੋਕ ਸਾਬਤ ਕਦਮੀਂ ਇਸ ਮੁਹਿੰਮ ਵਿੱਚ ਸਰਕਾਰ ਨੂੰ ਸਹਿਯੋਗ ਜ਼ਰੂਰ ਦੇਣ। ਇਸ ਮੌਕੇ ਐਸ ਡੀ ਐਮ ਸੁਨਾਮ ਸ਼੍ਰੀ ਪ੍ਰਮੋਦ ਸਿੰਗਲਾ, ਡੀ.ਐੱਸ.ਪੀ.ਸੁਖਦੇਵ ਸਿੰਘ, ਬੀ.ਡੀ.ਪੀ.ਓ.ਗੁਰਦਰਸ਼ਨ ਸਿੰਘ ਸਮੇਤ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਹਲਕੇ ਦੇ ਵੱਡੇ ਗਿਣਤੀ ਵਿੱਚ ਸਰਪੰਚ, ਪੰਚ ਅਤੇ ਹੋਰ ਲੋਕ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸੈਟ ਸੋਲਜਰ ਇਲੀਟ ਕਾਨਵੈਂਟ ਸਕੂਲ ਦੇ ਲੜਕਿਆਂ ਨੇ ਅੰਡਰ 19 ਕੈਟੀਗਰੀ 'ਚ ਸੈਕੰਡ ਰਨਰ ਅੱਪ ਟਰੋਫੀ ਤੇ ਕੀਤਾ ਕਬਜ਼ਾ



ਜੰਡਿਆਲਾ ਗੁਰੂ 22 ਜੁਲਾਈ ( ਕੁਲਵੰਤ ਸਿੰਘ ਵਿਰਦੀ ) ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਕਪੂਰਥਲਾ ਵਿਖੇ ਸੀਬੀਐਸਈ ਦੀਆਂ 18ਵੀਆਂ ਕਲਸਟਰ ਖੇਡਾਂ ਵਾਲੀਵਾਲ ਈਵੈਂਟ ਦੀਆਂ 17 ਜੁਲਾਈ ਤੋਂ 19 ਜੁਲਾਈ ਤੱਕ ਕਰਵਾਈਆਂ ਗਈਆਂ। ਜਿਸ ਵਿੱਚ ਜੰਮੂ ਕਸ਼ਮੀਰ ਅਤੇ ਪੰਜਾਬ ਦੀਆਂ ਲਗਭਗ 42 ਸਕੂਲਾਂ ਦੀਆਂ ਟੀਮਾਂ ਨੇ ਭਾਗ ਲਿਆ। ਜਿਨਾਂ ਵਿੱਚ ਸੈਟ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਦੇ ਲੜਕਿਆਂ ਨੇ ਅੰਡਰ 19 ਕੈਟੀਗਰੀ ਵਿਚ ਸੈਕੰਡ ਰਨਰ ਅੱਪ ਟਰੋਫੀ ਤੇ ਕਬਜਾ ਕੀਤਾ। ਸੀਬੀਐਸਈ ਵੱਲੋਂ ਖਿਡਾਰੀਆਂ ਨੂੰ ਟਰੋਫੀ ਦੇ ਕੇ ਸਨਮਾਨਿਤ ਕੀਤਾ। ਇਹਨਾਂ ਖਿਡਾਰੀਆਂ ਵਿੱਚ ਦਿਲਪ੍ਰੀਤ ਸਿੰਘ, ਸਰਪਰਾਈਸ ਸਿੰਘ, ਦਿਲਸ਼ਾਨ ਸਿੰਘ, ਗੁਰਸੇਵਕ ਸਿੰਘ ,ਪ੍ਰਭ ਸਿਮਰਨ ਸਿੰਘ ਨਿਖਿਲ ਜੋਤ ਸਿੰਘ, ਅਰਸ਼ਦੀਪ ਸਿੰਘ, ਸਹਜ ਦੀਪ ਸਿੰਘ ਬਲਰਾਜ ਸਿੰਘ ਅਵਿਤਾਜ਼ ਸਿੰਘ, ਯੁਵਰਾਜ ਸਿੰਘ ਅਤੇ ਸੁਖਮਨ ਸਿੰਘ ਸ਼ਾਮਿਲ ਹਨ। ਸਕੂਲ ਪਹੁੰਚਣ ਤੇ ਸਕੂਲ ਦੇ ਖਿਡਾਰੀਆਂ ਦਾ ਭਰਵਾਂ ਸਵਾਗਤ ਕੀਤਾ ਗਿਆ। ਜੇਤੂ ਬੱਚਿਆਂ ਨੂੰ ਫੁੱਲਾਂ ਦੇ ਹਾਰ ਪਾ ਕੇ ਉਹਨਾਂ ਦਾ ਸਵਾਗਤ ਕੀਤਾ ਗਿਆ ਅਤੇ ਬੈਂਡ ਦੀਆਂ ਧੁੰਨਾਂ ਦੇ ਨਾਲ ਉਹਨਾਂ ਨੂੰ ਸਟੇਜ ਤੱਕ ਲਿਜਾਇਆ ਗਿਆ। ਖਿਡਾਰੀਆਂ ਦੇ ਕੋਚ ਸਰਦਾਰ ਜਤਿੰਦਰ ਸਿੰਘ ਡੀਪੀ ਨੂੰ ਵੀ ਸਨਮਾਨਿਤ ਕੀਤਾ ਗਿਆ ਜਿਨਾਂ ਦੀ ਬਦੌਲਤ ਇਹਨਾਂ ਬੱਚਿਆਂ ਨੇ ਜਿੱਤ ਪ੍ਰਾਪਤ ਕੀਤੀ। ਇਸ ਮੌਕੇ ਤੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ: ਮੰਗਲ ਸਿੰਘ ਕਿਸ਼ਨਪੁਰੀ ਜੀ ਅਤੇ ਪ੍ਰਿੰਸੀਪਲ ਅਮਰਪ੍ਰੀਤ ਕੌਰ ਜੀ ਨੇ ਬੱਚਿਆਂ ਨੂੰ ਅਤੇ ਉਨਾਂ ਦੇ ਕੋਚ ਨੂੰ ਇਸ ਜਿੱਤ ਦੀ ਵਧਾਈ ਅਤੇ ਸ਼ਾਬਾਸ਼ੀ ਦੇ ਕੇ ਖੁਸ਼ੀ ਦਾ ਇਜ਼ਹਾਰ ਕੀਤਾ। ਅਤੇ ਕਿਹਾ ਕਿ ਅਗਰ ਅਸੀਂ ਜਜ਼ਬੇ ਅਤੇ ਜਨੂਨ ਨਾਲ ਮਿਹਨਤ ਕਰਦੇ ਹਾਂ ਤਾਂ ਸਫਲਤਾ ਸਾਡੇ ਜਰੂਰ ਕਦਮ ਚੁੰਮਦੀ ਹੈ। ਉਹਨਾਂ ਨੇ ਇਸੇ ਤਰ੍ਹਾਂ ਬੱਚਿਆਂ ਨੂੰ ਕਾਮਯਾਬੀ ਦੀਆਂ ਬੁਲੰਦੀਆਂ ਛੂਹਣ ਦੀ ਪ੍ਰੇਰਨਾ ਦਿੱਤੀ। ਇਸ ਮੌਕੇ ਤੇ ਫਤਿਹ ਸਿੰਘ ਡੀਪੀ, ਯਾਦਵਿੰਦਰ ਸਿੰਘ ਡੀਪੀ, ਮਨਪ੍ਰੀਤ ਕੌਰ ਡੀਪੀ ,ਨਵਦੀਪ ਸਿੰਘ ਡੀਪੀ ,ਰਾਜਬੀਰ ਕੌਰ ਡੀਪੀ ਨੀਲਮ ਕੌਰ ਡੀਪੀ, ਰੁਪਿੰਦਰ ਕੌਰ ਡੀਪੀ ਅਤੇ ਸਕੂਲ ਦੇ ਵਾਈਸ ਪ੍ਰਿੰਸੀਪਲ ਸ੍ਰੀਮਤੀ ਗੁਰਪ੍ਰੀਤ ਕੌਰ ਸ਼ਿਲਪਾ ਸ਼ਰਮਾ ਕੁਆਰਡੀਨੇਟਰ ,ਨਿਲਾਕਸ਼ੀ ਗੁਪਤਾ ਕੋਆਰਡੀਨੇਟਰ ਸਮੂਹ ਸਟਾਫ ਅਤੇ ਬੱਚੇ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਅੰਮ੍ਰਿਤਸਰ ਵੱਲਾ ਜੀਟੀ ਰੋਡ ਤੇ ਹੋਇਆ ਭਿਆਨਕ ਐਕਸੀਡੈਂਟ ਤਿੰਨ ਜਣੇ ਗੰਭੀਰ ਰੂਪ 'ਚ ਹੋਏ ਜ਼ਖ਼ਮੀ ਸਮਾਜ ਸੇਵੀ ਤੇ ਸਿੱਖ ਆਗੂ ਸੋਨੂੰ ਜੰਡਿਆਲਾ ਨੇ ਗੱਡੀ ਰੋਕ ਜਖਮੀਆਂ ਨੂੰ ਪਹੁੰਚਾਇਆ ਹਸਪਤਾਲ



ਜੰਡਿਆਲਾ ਗੁਰੂ 22 ਜੁਲਾਈ ( ਕੁਲਵੰਤ ਸਿੰਘ ਵਿਰਦੀ ) ਅੱਜ ਅੰਮ੍ਰਿਤਸਰ ਦੇ ਵੱਲਾ ਜੀ ਟੀ ਰੋਡ ਤੇ ਇੱਕ ਭਿਆਨਕ ਐਕਸੀਡੈਂਟ ਹੋ ਗਿਆ ਦੋ ਔਰਤਾਂ ਤੇ ਇੱਕ ਨੌਜਵਾਨ ਗੰਭੀਰ ਰੂਪ ਵਿੱਚ ਜਖਮੀ ਹੋ ਗਏ ਜਿਨਾਂ ਨੂੰ ਸਮਾਂ ਰਹਿੰਦਿਆਂ ਹੀ ਆਪਣੀ ਗੱਡੀ ਵਿੱਚ ਲੱਦ ਕੇ ਹਸਪਤਾਲ ਦਾਖਲ ਕਰਵਾਉਣ ਦੇ ਲਈ ਸਮਾਜ ਸੇਵੀ ਤੇ ਸਿੱਖ ਆਗੂ ਸਰਬਜੀਤ ਸਿੰਘ ਸੋਨੂੰ ਜੰਡਿਆਲਾ ਲੈ ਗਏ ਤੇ ਰਸਤੇ ਵਿੱਚ ਹੀ ਐਂਬੂਲੈਂਸ ਮੌਕੇ ਤੇ ਪਹੁੰਚ ਗਈ ਤੇ ਗੁਰੂ ਰਾਮਦਾਸ ਹਸਪਤਾਲ ਹੇਠੀਆਂ ਵਿੱਚ ਪਰਿਵਾਰ ਨੂੰ ਇਲਾਜ ਦੇ ਲਈ ਦਾਖਲ ਕਰਵਾ ਦਿੱਤਾ ਜਾਣਕਾਰੀ ਦਿੰਦੇ ਹੋਏ ਸੋਨੂੰ ਜੰਡਿਆਲਾ ਗੁਰੂ ਨੇ ਦੱਸਿਆ ਕਿ ਜੇਕਰ ਰੋਡ ਤੇ ਕੋਈ ਵੀ ਐਕਸੀਡੈਂਟ ਹੁੰਦਾ ਹੈ ਤੇ 112 ਨੰਬਰ ਡਾਇਲ ਕਰੋ ਤੇ ਪੁਲਿਸ ਸੁਰੱਖਿਆ ਫੋਰਸ ਮੌਕੇ ਤੇ ਪਹੁੰਚ ਜਾਂਦੀ ਹੈ ਤੇ 108 ਨੰਬਰ ਡਾਇਲ ਕਰੋ ਤੇ ਐਬੂਲੈਂਸ ਵੀ ਪਹੁੰਚ ਜਾਂਦੀ ਹੈ। ਜੇਕਰ ਕੋਈ ਇਨਸਾਨ ਰੋਡ ਤੇ ਜਖਮੀ ਹੋਏ ਇਨਸਾਨ ਨੂੰ ਸਮਾਂ ਰਹਿੰਦਿਆਂ ਹਸਪਤਾਲ ਪਹੁੰਚਾ ਦਿੰਦਾ ਹੈ ਤੇ ਸਰਕਾਰ ਉਸ ਨੂੰ ਭਾਈ ਘਨਈਆ ਜੀ ਸਰਟੀਫਿਕੇਟ ਨਾਲ ਸਨਮਾਨ ਕਰਦੀ ਹੈ ਤੇ ਸੈਂਟਰ ਸਰਕਾਰ ਫਰਿਸ਼ਤਾ ਸਕੀਮ ਨਾਲ ਸਨਮਾਨਿਤ ਕਰਦੀ ਹੈ। ਤੇ ਸਾਡਾ ਸਾਰਿਆਂ ਦਾ ਫਰਜ਼ ਬਣਦਾ ਹੈ ਕਿ ਇਨਸਾਨੀਅਤ ਦੇ ਨਾਤੇ ਰੋਡ ਤੇ ਕੋਈ ਐਕਸੀਡੈਂਟ ਹੋਵੇ ਤੇ ਤੁਰੰਤ ਸਮਾਂ ਰਹਿੰਦਿਆਂ ਹੀ ਮਰੀਜ਼ ਨੂੰ ਹਸਪਤਾਲ ਪਹੁੰਚਾ ਦਿੱਤਾ ਜਾਵੇ ਕਿਉਂਕਿ ਕਿਸੇ ਵੇਲੇ ਉਹੀ ਜੀ ਪਰਿਵਾਰ ਦਾ ਕਮਾਉਣ ਵਾਲਾ ਹੁੰਦਾ ਉਹਨਾਂ ਦੱਸਿਆ ਕਿ ਮੈਂ ਹੁਣ ਤੱਕ 94 ਬੰਦਿਆਂ ਨੂੰ ਹਸਪਤਾਲ ਪਹੁੰਚਾ ਚੁੱਕਾ ਹਾਂ ਕਿਉਂਕਿ ਇਹੀ ਸੱਚੀ ਸੇਵਾ ਹੈ ਇਨਸਾਨੀਅਤ ਦੇ ਨਾਤੇ ਸਾਡਾ ਫਰਜ ਬਣਦਾ ਹੈ ਕਿ ਅਸੀਂ ਇੱਕ ਜਿੰਮੇਵਾਰ ਨਾਗਰਿਕ ਬਣੀਏ ਤੇ ਆਪਣਾ ਫਰਜ ਸਮਝੀਏ ਉਹਨਾਂ ਕਿਹਾ ਕਿ ਮੈਂ ਜਦੋਂ ਮੌਕੇ ਤੇ ਪਹੁੰਚਿਆ ਤੇ ਤੁਰਨ ਤੇ 112 ਨੰਬਰ ਤੇ ਕਾਲ ਲਗਾਈ ਤੇ ਥੋੜੀ ਹੀ ਦੇਰ ਬਾਅਦ ਮੌਕੇ ਤੇ ਗੱਡੀ ਪਹੁੰਚ ਗਈ ਕਿਉਂਕਿ ਜਦੋਂ ਮੈਂ ਆਪਣੀ ਗੱਡੀ ਵਿੱਚ ਲੱਦ ਕੇ ਤੁਰਨ ਹੀ ਲੱਗਾ ਤੇ ਥੋੜੀ ਦੇਰ ਬਾਅਦ ਐਮਬੂਲੈਂਸ ਆ ਗਈ ਤੇ ਸਮਾਂ ਰਹਿੰਦਿਆਂ ਪਰਿਵਾਰ ਨੂੰ ਗੁਰੂ ਰਾਮਦਾਸ ਹੇਠੀਆਂ ਹਸਪਤਾਲ ਵਿੱਚ ਪਹੁੰਚਾ ਦਿੱਤਾ ਗਿਆ ਪਰਿਵਾਰ ਹਲਕਾ ਫਤਿਹਗੜ੍ਹ ਚੂੜੀਆਂ ਦੇ ਪਿੰਡ ਮੱਦੀਪੁਰ ਦਾ ਰਹਿਣ ਵਾਲਾ ਹੈ ਜਿਨਾਂ ਦਾ ਸੀਟ ਹੋਇਆ ਹੈ ਉਹਨਾਂ ਦਾ ਨਾਮ ਪ੍ਰੀਤ ਕੌਰ ਦਵਿੰਦਰ ਕੌਰ ਨਿਰਮਲ ਸਿੰਘ ਹੈ

# ਇੱਕ ਨਜ਼ਰ ...



## ਭਾਰਤੀ ਕਿਸਾਨ ਯੂਨੀਅਨ ਏਕਤਾ ਉਗੁਰਾਹਾਂ ਪਿੰਡ ਬੁਗਰਾਂ ਅਤੇ ਭਸੌੜ ਇਕਾਈ ਚੋਣ ਕੀਤੀ ਗਈ

ਧੂਰੀ, 22 ਜੁਲਾਈ (ਰਣਜੀਤ ਸਿੰਘ ਪੇਧਨੀ)- ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਧੂਰੀ ਦੇ ਪਿੰਡ ਬੁਗਰਾਂ ਅਤੇ ਭਸੌੜ ਦੀ ਚੋਣ ਜਨਰਲ ਸਕੱਤਰ ਹਰਪਾਲ ਸਿੰਘ ਪੇਧਨੀ, ਹਰਬੰਸ ਸਿੰਘ ਲੱਡਾ, ਕਰਮਜੀਤ ਸਿੰਘ ਬੇਨੜਾ ਅਤੇ ਰਾਮ ਸਿੰਘ ਕੱਕੜਵਾਲ ਦੀ ਅਗਵਾਈ ਹੇਠ ਕੀਤੀ ਗਈ। ਜਿਸ ਵਿੱਚ ਪਿੰਡ ਬੁਗਰਾਂ ਦੇ ਪ੍ਰਧਾਨ ਸੁਖਦੇਵ ਸਿੰਘ ਸਿੰਘ , ਜਰਨਲ ਸਕੱਤਰ ਸੁਰਜੀਤ ਸਿੰਘ, ਬਘੇਲ ਸਿੰਘ ਮੀਤ ਪ੍ਰਧਾਨ, ਜਗਦੇਵ ਸਿੰਘ ਸੀਨੀਅਰ ਮੀਤ ਪ੍ਰਧਾਨ ,ਚਰਨਜੀਤ ਸਿੰਘ ਖਜਾਨਚੀ, ਸਹਾਇਕ ਬਲਵੀਰ ਸਿੰਘ, ਪ੍ਰਚਾਰਕ ਸਕੱਤਰ ਹਰਪਾਲ ਸਿੰਘ, ਪ੍ਰੈਸ ਸਕੱਤਰ ਹਰਜਿੰਦਰ ਸਿੰਘ , ਸੰਗਠਨ ਸਕੱਤਰ ਗੁਰਮੀਤ ਸਿੰਘ, ਸਲਾਹਕਾਰ ਇਕਬਾਲ ਸਿੰਘ ਕਮੇਟੀ ਮੈਂਬਰ ਕੇਵਲ ਸਿੰਘ, ਚਰਨ ਸਿੰਘ , ਗੁਰਬਖ਼ਸ਼ ਸਿੰਘ, ਬਹਾਦਰ ਸਿੰਘ, ਜਗਦੇਵ ਸਿੰਘ, ਮੱਖਣ ਸਿੰਘ, ਲਾਲ ਸਿੰਘ, ਨਾਜਰ ਸਿੰਘ, ਜਗਦੇਵ ਸਿੰਘ, ਗੁਰਬਾਰਾ ਸਿੰਘ ਚੁਣੇ ਗਏ। ਇਸੇ ਹੀ ਤਰ੍ਹਾਂ ਪਿੰਡ ਭਸੌੜ ਦੇ ਪ੍ਰਧਾਨ ਸੁਰਜੀਤ ਕੌਰ, ਜਨਰਲ ਸਕੱਤਰ ਹਰਮਿੰਦਰ ਕੌਰ , ਗੁਰਮੀਤ ਕੌਰ ਮੀਤ ਪ੍ਰਧਾਨ, ਸੀਨੀਅਰ ਮੀਤ ਪ੍ਰਧਾਨ ਗੁਰਮੇਲ ਕੌਰ , ਖਜਾਨਚੀ ਹਰਜੀਤ ਕੌਰ , ਸਹਾਇਕ ਹਰਜਿੰਦਰ ਕੌਰ ਪਰਚਾਰਕ ਸਕੱਤਰ ਜਸਵੀਰ ਕੌਰ , ਸੰਗਠਨ ਸਕੱਤਰ ਸਿੰਦਰ ਕੌਰ , ਪ੍ਰੈਸ ਸਕੱਤਰ ਬਿੰਦਰ ਕੌਰ ਅਤੇ ਬਲਜੀਤ ਕੌਰ ,ਅਮਰਜੀਤ ਕੌਰ, ਪਰਮਜੀਤ ਕੌਰ ,ਮਨਜੀਤ ਕੌਰ ,ਬਲਜੀਤ ਕੌਰ ,ਗੁਰਮੀਤ ਕੌਰ ,ਕੁਲਵਿੰਦਰ ਕੌਰ, ਗੁਰਮੀਤ ਕੌਰ ,ਹਰਜੀਤ ਕੌਰ ,ਹਰਮਿੰਦਰ ਕੌਰ ,ਬਲਜੀਤ ਕੌਰ ,ਬਿੰਦਰ ਕੌਰ ਮੈਬਰ ਚੁਣੇ ਗਏ।

## ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਵੱਲੋਂ ਪਲੇਸਮੈਂਟ ਕੈਂਪ 23 ਜੁਲਾਈ ਨੂੰ

ਸੰਗਰੂਰ, 22 ਜੁਲਾਈ (ਰਣਜੀਤ ਸਿੰਘ ਪੇਧਨੀ )- ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਸੰਗਰੂਰ ਵੱਲੋਂ ਇਨੋਵੇਟਿਵ ਲਾਈਟਨਿੰਗ ਸਲਿਊਸ਼ਨਜ਼ ਲਿਟੋਮੈਟਿਕ ਕੰਪਨੀ ਨਾਲ ਤਾਲਮੇਲ ਕਰ ਕੇ ਮਿਤੀ 23.07.2025 ਦਿਨ ਬੁੱਧਵਾਰ ਨੂੰ ਨੌਕਰੀ ਦੇ ਚਾਹਵਾਨ ਪ੍ਰਾਰਥੀਆਂ ਲਈ ਰੋਜ਼ਗਾਰ ਦਫ਼ਤਰ, ਸੰਗਰੂਰ ਵਿਖੇ ਇੱਕ ਪਲੇਸਮੈਂਟ ਕੈਂਪ ਲਗਾਇਆ ਜਾ ਰਿਹਾ ਹੈ। ਇਸ ਸਬੰਧੀ ਜ਼ਿਲ੍ਹਾ ਰੋਜ਼ਗਾਰ ਉਤਪੱਤੀ ਹੁਨਰ ਵਿਕਾਸ ਅਤੇ ਸਿਖਲਾਈ ਅਫਸਰ, ਸ਼੍ਰੀਮਤੀ ਸਿੰਪੀ ਸਿੰਗਲਾ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਕੰਪਨੀ ਵੱਲੋਂ ਸੇਲਜ਼ ਅਫਸਰ (ਕੇਵਲ ਲੜਕੇ) ਦੀ ਅਸਾਮੀ ਲਈ ਇੰਟਰਵਿਊ ਲਈ ਜਾਵੇਗੀ। ਜਿਸ ਲਈ ਪ੍ਰਾਰਥੀ ਦੀ ਵਿਦਿੱਅਕ ਯੋਗਤਾ ਗਰੈਜੂਏਸ਼ਨ ਹੋਣੀ ਚਾਹੀਦੀ ਹੈ। ਇਸ ਤੋਂ ਇਲਾਵਾ ਉਮਰ 18 ਤੋਂ 30 ਸਾਲ ਹੋਣੀ ਚਾਹੀਦੀ ਹੈ। ਚਾਹਵਾਨ ਅਤੇ ਯੋਗ ਪ੍ਰਾਰਥੀ ਰਜ਼ਿਊਮ/ ਰੈਜ਼ਮੇਅ ਅਤੇ ਵਿੱਦਿਅਕ ਯੋਗਤਾ ਦੇ ਸਰਟੀਫਿਕੇਟ ਦੀਆਂ ਫੋਟੋ ਕਾਪੀਆਂ ਲੈ ਕੇ ਇਸ ਇੰਟਰਵਿਊ ਵਿੱਚ ਭਾਗ ਲੈ ਸਕਦੇ ਹਨ। ਇੰਟਰਵਿਊ ਵਿੱਚ ਭਾਗ ਲੈਣ ਲਈ ਕੋਈ ਵੀ ਟੀ.ਏ. ਅਤੇ ਡੀ.ਏ. ਦੇਣ ਯੋਗ ਨਹੀਂ ਹੋਵੇਗਾ। ਵਧੇਰੇ ਜਾਣਕਾਰੀ ਲਈ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਸੰਗਰੂਰ ਵਿਖੇ ਸੰਪਰਕ ਕੀਤਾ ਜਾ ਸਕਦਾ ਹੈ।

## ਸਰਪੰਚ ਰਾਜੂ ਰੰਗੀਆ ਨੇ ਕੁਲਦੀਪ ਸਿੰਘ ਚਾਹਲ ਨੂੰ ਡੀਆਈਜੀ ਪਟਿਆਲਾ ਰੇਂਜ ਲੱਗਣ ’ਤੇ ਮੁਬਾਰਕਵਾਦ ਦਿੱਤੀ



ਪਟਿਆਲਾ, 22 ਜੁਲਾਈ ( ਰਣਜੀਤ ਸਿੰਘ ਪੇਧਨੀ)- ਉੱਘੇ ਸਮਾਜ ਸੇਵੀ ਪੰਚਾਇਤ ਯੂਨੀਅਨ ਸ਼ੇਰਪੁਰ ਦੇ ਸੀਨੀਅਰ ਆਗੂ, ਹਰਮਨ ਪਿਆਰੇ, ਨੌਜਵਾਨ ਆਗੂ, ਕਿਸਾਨਾਂ, ਮਜਦੂਰਾਂ ਦੇ ਹਮਦਰਦ ਸਰਪੰਚ ਅੰਮ੍ਰਿਤਪਾਲ ਸਿੰਘ ( ਰਾਜੂ ਰੰਗੀਆਂ ) ਨੇ ਕੁਲਦੀਪ ਸਿੰਘ ਚਾਹਲ ਨੂੰ ਡੀਆਈਜੀ ਪਟਿਆਲਾ ਰੇਂਜ ਲੱਗਣ ’ਤੇ ਮਿਲ ਕੇ ਮੁਬਾਰਕਵਾਦ ਦਿੱਤੀ । ਉਹਨਾਂ ਕਿਹਾ ਕਿ ਚਾਹਲ ਸਾਬ ਇੱਕ ਇਮਾਨਦਾਰ ਅਫਸਰ ਹਨ ਅੱਜ ਉਨ੍ਹਾਂ ਮਿਲ ਕੇ ਮਨ ਨੂੰ ਬਹੁਤ ਖੁਸ਼ੀ ਮਿਲੀ। ਉਨ੍ਹਾਂ ਕਿਹਾ ਕਿ ਮੇਰੇ ਵੱਡੇ ਭਰਾ ਦੀਪ ਘੁਮਾਣ ਆਸਟਰੇਲੀਆ ਸਾਡੇ ਪੂਰੇ ਪਰਿਵਾਰ ਵੱਲੋਂ ਉਹਨਾਂ ਨੂੰ ਦਿਲ ਦੀਆਂ ਗਹਿਰਾਈਆਂ ਚੋਂ ਮੁਬਾਰਕਬਾਦ ਦਿੰਦੇ ਹਾਂ ਅਤੇ ਪਰਮਾਤਮਾ ਅੱਗੇ ਅਰਦਾਸ ਕਰਦੇ ਹਾਂ ਕਿ ਪਰਮਾਤਮਾ ਚਾਹਲ ਸਾਬ ਦੇ ਪਰਿਵਾਰ ਅਤੇ ਚਾਹਲ ਸਾਬ ਨੂੰ ਦਿਨ ਦੁਗਣੀ ਰਾਤ ਚੌਗਣੀ ਤਰੱਕੀ ਬਖਸ਼ੇ ।

## ਬੀਕੇਯੂ ਉਗਰਾਹਾਂ ਪਿੰਡ ਸਾਰੋਂ ਇਕਾਈ ਦੀ ਚੋਣ ਕੀਤੀ ਗਈ



ਸੰਗਰੂਰ, 22 ਜੁਲਾਈ (ਰਣਜੀਤ ਸਿੰਘ ਪੇਧਨੀ )- ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਸੰਗਰੂਰ ਦੇ ਪਿੰਡ ਸਾਰੋਂ ਦੀ ਬਲਾਕ ਆਗੂ ਹਰਬੰਸ ਸਿੰਘ ਲੱਡਾ, ਹਰਪਾਲ ਸਿੰਘ ਪੇਧਨੀ, ਕਰਮਜੀਤ ਸਿੰਘ ਭਲਵਾਨ ਅਤੇ ਰਾਮ ਸਿੰਘ ਕੱਕੜਵਾਲ ਦੀ ਅਗਵਾਈ ਹੇਠ ਕੀਤੀ ਗਈ। ਜਿਸ ਵਿੱਚ ਪਿੰਡ ਸਾਰੋਂ ਦੇ ਪ੍ਰਧਾਨ ਗੁਰਜੰਟ ਸਿੰਘ ਸਿੰਘ , ਜਰਨਲ ਸਕੱਤਰ ਨਾਜਰ ਸਿੰਘ, ਖੁਸਵਿਦਰ ਸਿੰਘ ਮੀਤ ਪ੍ਰਧਾਨ, ਕਰਮਜੀਤ ਸਿੰਘ ਸੀਨੀਅਰ ਮੀਤ ਪ੍ਰਧਾਨ , ਹਾਕਮ ਸਿੰਘ ਖਜਾਨਚੀ, ਸਹਾਇਕ ਗੱਜਣ ਸਿੰਘ, ਪ੍ਰਚਾਰਕ ਸਕੱਤਰ ਪਿਆਰਾ ਸਿੰਘ, ਪ੍ਰੈਸ ਸਕੱਤਰ ਹਰਜਿੰਦਰ ਸਿੰਘ , ਸੰਗਠਨ ਸਕੱਤਰ ਗੋਬਿੰਦਰ ਸਿੰਘ ਆਦਿ ਆਗੂ ਅਹੁਦੇਦਾਰ ਚੁਣੇ ਗਏ।

# ਵਿਸ਼ਵ ਪ੍ਰਸਿੱਧ ਦੌੜਾਕ ਬਾਬਾ ਫੌਜਾ ਸਿੰਘ ਨੇ ਕੀਤਾ ਸੀ ਸਮਾਜ ਸੇਵੀ ਭਾਨ ਸਿੰਘ ਜੱਸੀ ਦਾ ਸਨਮਾਨ

## ਝੁੱਗੀਆਂ ਵਿੱਚ ਪਹੁੰਚਕੇ ਗਰੀਬ ਬੱਚਿਆਂ ਨੂੰ ਪੜ੍ਹਨ ਦੀ ਦਿੱਤੀ ਸੀ ਹੱਲਾਸ਼ੇਰੀ



ਸੰਗਰੂਰ, 22 ਜੁਲਾਈ ( ਰਣਜੀਤ ਸਿੰਘ ਪੇਧਨੀ)- ਮੈਰਾਥਨ ਦੌੜਾ ਵਿੱਚ ਵਿਸ਼ਵ ਪੱਧਰ ਤੇ ਪੰਜਾਬੀਆਂ , ਖਾਸ ਕਰਕੇ ਸਿੱਖਾਂ ਦਾ ਨਾਂ ਰੋਸ਼ਨ ਕਰਨ ਵਾਲੇ 114 ਸਾਲਾ ਬਾਬਾ ਫੌਜਾ ਇਸ ਦੁਨੀਆ ਉੱਤੇ ਨਹੀਂ ਰਹੇ, ਮੈਰਾਥਨ ਦੌੜਾ ਵਿੱਚ 100 ਸਾਲ ਦੀ ਉਮਰ ਤੱਕ ਉਨਾਂ ਆਪਣੀ ਝੰਡੀ ਕਾਇਮ ਰੱਖਦਿਆਂ ਦੁਨੀਆਂ ਭਰ ਵਿੱਚ ਵਸਦੇ ਪੰਜਾਬੀਆਂ ਦੀ ਬੱਲੇ ਬੱਲੇ ਕਰਵਾਈ, ਝੋਪੜੀਆਂ ਵਿੱਚ ਰਹਿੰਦੇ ਗਰੀਬ ਬੱਚਿਆਂ ਨੂੰ ਮੁਫਤ ਪੜ੍ਹਾਉਣ ਦੀ ਚਲਦੀ ਸੇਵਾ ਤੋਂ ਪ੍ਰਭਾਵਿਤ ਹੁੰਦਿਆਂ “ਝੁੱਗੀਆਂ” ਵਿੱਚ ਪਹੁੰਚਕੇ ਉਹਨਾਂ ਇਸ ਮਿਸ਼ਨ ਨੂੰ “ਸਰਬੱਤ ਦੇ ਭਲੇ ਦਾ ਮਿਸ਼ਨ” ਕਰਾਰ ਦਿੰਦਿਆਂ ਮੇਰੇ ( ਭਾਨ ਸਿੰਘ ਜੱਸੀ ) ਸਮੇਤ , ਸੇਵਾ ਦਾ ਕਾਰਜ ਕਰਨ ਵਾਲੀਆਂ ਕੁਝ ਹੋਰ ਸ਼ਖਸੀਅਤਾਂ ਨੂੰ ਸਨਮਾਨਿਤ ਕਰਦਿਆਂ ਉਹਨਾਂ ਦੱਬੇ ਕੁਚਲੇ ਅਤੇ ਬੇਇਨਸਾਫੀਆਂ ਦਾ ਸ਼ਿਕਾਰ ਹੋਏ ਲੋਕਾਂ ਲਈ ਕੁਝ ਚੰਗਾ ਕਰਨ ਦੀ ਪ੍ਰੇਰਨਾ ਅਤੇ ਹੱਲਾਸ਼ੇਰੀ ਦਿੱਤੀ ਸੀ। ਸੰਗਰੂਰ ਤੋਂ ਚੱਲਕੇ ਉਹ ਬਰਨਾਲਾ ਬਾਇਆ ਸੇਰਪੁਰ ਹੁੰਦਿਆਂ ਹੋਇਆਂ ਜੱਖਲਾਂ ਵਿਖੇ ਬਾਪੂ ਰਾਮ ਸਿੰਘ ਅਤੇ ਪਿੰਡ ਜੱਖਲਾਂ ਦੀਆਂ ਸੰਗਤਾਂ ਦੇ ਦਰਸ਼ਨ ਕਰਨ ਉਪਰੰਤ ਉਹ ਪਟਿਆਲੇ ਦੀਆਂ ਝੁੱਗੀਆਂ ਵਿੱਚ ਪੜ੍ਹਦੇ ਬੱਚਿਆਂ ਨੂੰ ਮਿਲਣ ਪਹੁੰਚੇ ਸਨ, ਦੁਨੀਆਂ ਪੱਧਰ ਤੇ ਮੈਰਾਥਨ ਦੌੜਾ ਵਿੱਚ ਧਾਂਕ ਜਮਾਉਣ , “ਐਡੀਡਾਸ” ਵਰਗੀਆਂ ਵਿਸਵ ਪ੍ਰਸਿੱਧ ਕੰਪਨੀਆਂ ਦੇ ਬ੍ਰਾਂਡ ਅੰਬੈਸਟਰ ਰਹੇ ਅਤੇ 114 ਸਾਲ ਦੇ ਵਿਸਵ ਪ੍ਰਸਿੱਧ ਮੈਰਾਥਨ ਦੌੜਾਕ ਬਾਬਾ ਫੌਜਾ ਸਿੰਘ ਦੇ ਹਾਦਸੇ ਵਿੱਚ ਮਾਰੇ ਜਾਣ ਤੇ ਸਮਾਜ ਸੇਵੀ ਭਾਨ ਸਿੰਘ ਜੱਸੀ (ਜੱਸੀ ਪੇਧਨੀ ) , ਭਾਰਤੀ ਘੱਟ ਗਿਣਤੀਆਂ ਕਮਿਸ਼ਨ (ਭਾਰਤ ਸਰਕਾਰ ) ਦੇ ਸਾਬਕਾ ਉਪ ਚੇਅਰਮੈਨ ਪ੍ਰੋਫੈਸਰ ਬਾਵਾ ਸਿੰਘ ਅਤੇ ਬਾਈ ਹਰਦੀਪ ਸਿੰਘ ਬਬਲੂ ਜੱਖਲਾਂ ਨੇ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਦੋਸ਼ੀਆਂ ਵਿਰੁੱਧ ਸਖਤ ਕਾਰਵਾਈ ਦੀ ਮੰਗ ਕੀਤੀ ਹੈ।

# ਸ੍ਰੀ ਗੁਰੂ ਹਰਿਗੋਬਿੰਦ ਪਬਲਿਕ ਸਕੂਲ ਵੈਰੋਨੰਗਲ ਦੇ ਵਿਦਿਆਰਥੀਆਂ ਨੇ ਵਿੱਦਿਅਕ ਟੂਰ ਲਗਾਇਆ



ਚੌਕ ਮਹਿਤਾ, 22 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)- ਨਰਿੰਦਰ ਸਿੰਘ ਜੀ ਬਾਠ ਅਗਵਾਈ ਹੇਠ ਇਲਾਕੇ ਦੀ ਨਾਮਵਰ ਸਿੱਖਿਆ ਸੰਸਥਾ ਸ੍ਰੀ ਗੁਰੂ ਹਰਿਗੋਬਿੰਦ ਪਬਲਿਕ ਸਕੂਲ ਵੈਰੋਨੰਗਲ ਦੇ ਵਿਦਿਆਰਥੀਆਂ ਵਲੋਂ ਪੁਸ਼ਪਾ ਗੁਜਰਾਲ ਸਾਇੰਸ ਸਿਟੀ ਕਪੂਰਥਲਾ ਦਾ ਟੂਰ ਲਗਾਇਆ। ਇਸ ਮੌਕੇ ਪ੍ਰਿੰਸੀਪਲ ਸਿਮਰਨਜੀਤ ਕੌਰ, ਪ੍ਰਭਜੋਤ ਕੌਰ, ਸਾਖਸ਼ੀ ਬੇਦੀ, ਨਵਜੋਤ ਕੌਰ, ਰਾਜਵਿੰਦਰ ਕੌਰ ਆਦਿ ਆਧਿਆਪਕਾਂ ਦੀ ਅਗਵਾਈ ਹੇਠ ਟੂਰ ’ਤੇ ਗਏ ਵਿਦਿਆਰਥੀਆਂ ਵਲੋਂ ਇੰਟਰਐਕਟਿਵ ਵਿਗਿਆਨ ਗੈਲਰੀ, ਡਿਜ਼ੀਟਲ ਪਲੇਨੈਰੀਅਮ, ਡਾਇਨਾਸੋਰ ਪਾਰਕ ਅਤੇ ਵਾਤਾਵਰਨ ਗੈਲਰੀ ਦਾ ਆਨੰਦ ਮਾਣਿਆ। ਇਸ ਮੌਕੇ ਪ੍ਰਿੰਸੀਪਲ ਅਤੇ ਵਿਗਿਆਨ ਅਧਿਆਪਕ ਨੇ ਦੱਸਿਆ ਕਿ ਇਸ ਯਾਤਰਾ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਕਿਤਾਬੀ ਗਿਆਨ ਤੋਂ ਇਲਾਵਾ ਸਾਇੰਸ ਦੇ ਬ੍ਰਹਿਮੰਡੀ ਕੁਦਰਤੀ ਵਰਤਾਰਿਆਂ ਤੋਂ ਜਾਣੂ ਕਰਵਾਉਣਾ ਸੀ। ਉਨ੍ਹਾਂ ਦੱਸਿਆ ਕਿ ਵਿਦਿਆਰਥੀਆਂ ਵਲੋਂ ਵੀ ਵਿਗਿਆਨਕ ਨਾਲ ਸਬੰਧਤ ਅਨੇਕਾਂ ਸਵਾਲ ਕੀਤੇ ਗਏ ਅਤੇ ਨਵੇਂ ਆਵਿਸਕਾਰਾਂ ਵੱਲ ਰੁਚੀ ਦਿਖਾਈ ਇਹ ਯਾਤਰਾ ਉਨ੍ਹਾਂ ਲਈ ਵਿਗਿਆਨਕ ਨੂੰ ਸਮਝਣ ਦਾ ਇਕ ਯੋਗਾਤਮਕ ਮੌਕਾ ਸੀ, ਵਿਦਿਆਰਥੀਆਂ ਨੇ ਆਪਣੀ ਉਤਸ਼ਾਹ ਭਰੀ ਭਾਵਨਾ ਨੂੰ ਸਾਂਝਾ ਕਰਦਿਆਂ ਦੱਸਿਆ ਕਿ ਇਹ ਯਾਤਰਾ ਉਨ੍ਹਾਂ ਲਈ ਸਿਰਫ ਮਨੋਰੰਜਨ ਹੀ ਨਹੀਂ ਸੀ, ਬਲਕਿ ਉਨ੍ਹਾਂ ਨੇ ਵਿਗਿਆਨ ਨੂੰ ਨਵੀਂ ਨਜ਼ਰ ਨਾਲ ਦੇਖਿਆ।

# ਚੇਅਰਮੈਨ ਸੋਹੀ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੂਰੀ ਹਲਕੇ ਨੂੰ ਗਰਾਂਟਾਂ ਦੇਣ ਤੇ ਕੀਤਾ ਸਵਾਗਤ



_ਰੀ, 22 ਜੁਲਾਈ (ਰਣਜੀਤ ਸਿੰਘ ਪੇਧਨੀ)- ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਨੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਚਲਾ ਕੇ ਪੰਜਾਬ ਵਿੱਚ ਲੱਗੇ ਹੋਏ ਨਸ਼ਿਆਂ ਦੇ ਕਲੰਕ ਨੂੰ ਉਤਾਰਨ ਦਾ ਵੱਡਾ ਉਪਰਾਲਾ ਕੀਤਾ ਹੈ । ਇਸ ਮੁਹਿੰਮ ਨੂੰ ਪਿੰਡਾਂ ਵਿੱਚ ਭਰਮਾ ਹੁੰਗਾਰਾ ਮਿਲ ਰਿਹਾ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਮਰੀਕ ਸਿੰਘ ਸੋਹੀ ਭੋਜੋਵਾਲੀ ਚੇਅਰਮੈਨ ਵੇਰਕਾ ਮਿਲਕ ਪਲਾਂਟ ਸੰਗਰੂਰ ਨੇ ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਦਾ ਸਵਾਗਤ ਕਰਦਿਆਂ ਕੀਤਾ ਉਹਨਾਂ ਕਿਹਾ ਕਿ ਅਸੀਂ ਦਿਲ ਦੀਆਂ ਗਹਿਰਾਈਆਂ ਚੋਂ ਧੰਨਵਾਦ ਕਰਦੇ ਹਾਂ ਪੰਜਾਬ ਦੇ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਦਾ ਜਿਨਾਂ ਨੇ ਧੂਰੀ ਹਲਕੇ ਦੇ 75 ਪਿੰਡਾਂ ਨੂੰ ਗਰਾਂਟਾਂ ਦੇ ਖੁੱਲੇ ਗੱਫੇ ਦੇ ਕੇ ਨਿਵਾਜਿਆ ਹੈ। ਉਹਨਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਵੱਲੋਂ ਹੁਣੇ ਹੀ ਹਰ ਵਰਗ ਦੇ ਲਈ 10 ਲੱਖ ਰੁਪਏ ਦਾ ਬੀਮਾ ਯੋਜਨਾ ਦੇ ਨਾਲ ਪੰਜਾਬ ਦੇ ਹਰ ਵਰਗ ਨੂੰ ਰਾਹਤ ਮਿਲੇਗੀ। ਇਸ ਮੌਕੇ ਪੰਚਾਇਤ ਯੂਨੀਅਨ ਧੂਰੀ ਦੇ ਮੁੱਖ ਸੇਵਾਦਾਰ ਸਰਪੰਚ ਜਗਸੀਰ ਸਿੰਘ ਜੱਗਾ ਭੋਜੋਵਾਲੀ ਹਾਜ਼ਰ ਸਨ।

# ਪੁਰਾਣਾ ਪ੍ਰਾਪਰਟੀ ਅਤੇ ਹਾਊਸ ਟੈਕਸ ਜਮਾਂ ਕਰਵਾਉਣ ਲਈ ਵਨ ਟਾਈਮ ਸੈਟਲਮੈਂਟ ਸਕੀਮ ਲਾਗੂ, 31 ਜੁਲਾਈ 2025 ਆਖਰੀ ਮਿਤੀ- ਨਗਰ ਕੌਂਸਲ ਪ੍ਰਧਾਨ ਅੰਜੂ ਚੰਦਰ

ਖਰੜ, 22 ਜੁਲਾਈ ( ਆਵਾਜ਼ਿ ਕੌਮ ਬਿਊਰੋ) ਪੰਜਾਬ ਸਰਕਾਰ ਵੱਲੋਂ ਸ਼ਹਿਰੀ ਨਿਵਾਸੀਆਂ ਲਈ ਇੱਕ ਮਹੱਤਵਪੂਰਨ ਐਲਾਨ ਕੀਤਾ ਗਿਆ ਹੈ। ਸਾਲ 2013 ਤੋਂ ਲਾਗੂ ਹੋਏ ਪ੍ਰਾਪਰਟੀ ਟੈਕਸ ਦੇ ਤਹਿਤ, ਜਿਨ੍ਹਾਂ ਨਾਗਰਿਕਾਂ ਵੱਲੋਂ ਅਜੇ ਤੱਕ ਆਪਣਾ ਬਣਦਾ ਟੈਕਸ ਜਮਾਂ ਨਹੀਂ ਕਰਵਾਇਆ ਗਿਆ, ਉਨ੍ਹਾਂ ਲਈ ਵਨ ਟਾਈਮ ਸੈਟਲਮੈਂਟ ਸਕੀਮ ਲਿਆਂਦੀ ਗਈ ਹੈ ਇਸ ਸਕੀਮ ਤਹਿਤ, ਨਾਗਰਿਕ ਮਿਤੀ 31 ਜੁਲਾਈ 2025 ਤੱਕ ਆਪਣਾ ਬਕਾਇਆ ਪ੍ਰਾਪਰਟੀ ਜਾਂ ਹਾਊਸ ਟੈਕਸ ਬਿਨਾਂ ਕਿਸੇ ਵਿਆਜ ਜਾਂ ਜੁਰਮਾਨੇ ਦੇ ਜਮਾਂ ਕਰਵਾ ਸਕਦੇ ਹਨ। ਇਹ ਸਕੀਮ ਉਨ੍ਹਾਂ ਲਈ ਇੱਕ ਵੱਡਾ ਮੌਕਾ ਹੈ ਜੋ ਲੰਮੇ ਸਮੇਂ ਤੋਂ ਟੈਕਸ ਜਮਾਂ ਨਹੀਂ ਕਰਵਾ ਸਕੇ। ਖਰੜ ਨਗਰ ਕੌਂਸਲ ਦੇ ਪ੍ਰਧਾਨ ਅੰਜੂ ਚੰਦਰ ਨੇ ਸੂਚਨਾ ਦਿੰਦਿਆਂ ਕਿਹਾ ਕਿ, “ਸਰਕਾਰ ਵੱਲੋਂ ਦਿੱਤੀ ਗਈ ਇਹ ਛੂਟ ਨਾ ਸਿਰਫ਼ ਨਾਗਰਿਕਾਂ ਲਈ ਲਾਭਕਾਰੀ ਹੈ, ਸਗੋਂ ਨਗਰ ਨਿਗਮ ਦੀ ਆਮਦਨ ਵਧਾਉਣ ਵਿੱਚ ਵੀ ਮਦਦਗਾਰ ਸਾਬਤ ਹੋਵੇਗੀ। ਲੋਕਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ 31-7-2025 ਤੋਂ ਪਹਿਲਾਂ ਆਪਣਾ ਬਕਾਇਆ ਟੈਕਸ ਜਮਾਂ ਕਰਵਾ ਕੇ ਇਸ ਸਕੀਮ ਦਾ ਲਾਭ ਲੈਣ। ਉਹਨਾਂ ਇਹ ਵੀ ਦੱਸਿਆ ਕਿ ਮਿਤੀ ਤੋਂ ਬਾਅਦ ਜੇਕਰ ਟੈਕਸ ਜਮਾਂ ਨਹੀਂ ਕਰਵਾਇਆ ਜਾਂਦਾ, ਤਾਂ ਉਸ ਉੱਤੇ ਬਣਦਾ ਵਿਆਜ ਅਤੇ ਜੁਰਮਾਨਾ ਵਸੂਲ ਕੀਤਾ ਜਾਵੇਗਾ।

ਇਹ ਸਕੀਮ ਉਨ੍ਹਾਂ ਵਿਅਕਤੀਆਂ ਲਈ ਵੀ ਲਾਗੂ ਹੈ ਜੋ ਅਜੇ ਤੱਕ ਪੁਰਾਣਾ ਹਾਊਸ ਟੈਕਸ ਜਮਾਂ ਨਹੀਂ ਕਰਵਾ ਸਕੇ। ਉਨ੍ਹਾਂ ਲਈ ਵੀ ਇਹ ਮੌਕਾ ਹੈ ਕਿ ਆਪਣੇ ਟੈਕਸ ਦੀ ਭੁਗਤਾਨੀ ਕਰਕੇ ਵਿੱਤੀ ਬੋਝ ਤੋਂ ਬਚ ਸਕਣ।

ਨਗਰ ਕੌਂਸਲ ਪ੍ਰਧਾਨ ਦੇ ਵੱਲੋ ਸ਼ਹਿਰੀਆਂ ਨੂੰ ਸੁਚੇਤ ਕੀਤਾ ਗਿਆ ਹੈ ਕਿ ਉਹ ਸਮੇਂ-ਸਿਰ ਆਪਣੇ ਕਰਾਂ ਦੀ ਅਦਾਇਗੀ ਕਰਕੇ ਕਾਨੂੰਨੀ ਕਾਰਵਾਈ ਤੋਂ ਬਚਣ ਅਤੇ ਸਰਕਾਰੀ ਛੂਟ ਦਾ ਲਾਭ ਲੈਣ।

# ਇੱਕ ਨਜ਼ਰ ...

## ਗੁਰਬਾਣੀ ਅਤੇ ਵਾਤਾਵਰਨ



ਅਜੋਕੀ ਦੁਨੀਆਂ ਵਿਗਿਆਨ ਅਤੇ ਤਕਨੀਕ ਦਾ ਦਮ ਭਰਦੀ ਦਿਨ ਦੁੱਗਣੀ ਰਾਤ ਚੌਗਣੀ ਤਰੱਕੀ ਦੀਆਂ ਪੌੜੀਆਂ ਚੜ੍ਹ ਰਹੀ ਹੈ। ਦੁਨੀਆਂ ਦੀ ਬੇਲਗਾਮ ਤਰੱਕੀ ਦੀ ਚਾਲ ਨੇ ਬੁੱਧੀਜੀਵੀ ਵਰਗ ਨੂੰ ਚਿੰਤਨ ਵਿੱਚ ਪਾਇਆ ਹੈ। ਦੁਨੀਆਂ ਵਿੱਚ ਹਰ ਘੜੀ ਹਰ ਪਲ ਕੁਝ ਨਾ ਕੁਝ ਨਵਾਂ ਖੋਜਿਆ ਜਾਂ ਸਿਰਜਿਆ ਜਾ ਰਿਹਾ ਹੈ ਪਰੰਤੂ ਇਸ ਦੇ ਨਾਲ ਨਾਲ ਸਮਾਜ ਦੇ ਗਿਆਨਵਾਨ ਤਬਕੇ ਨੂੰ ਪਲੀਤ ਹੁੰਦੇ ਵਾਤਾਵਰਨ ਦੀ ਚਿੰਤਾ ਅੰਦਰੋਂ ਅੰਦਰੀ ਘੁਣ ਵਾਂਗੂੰ ਖਾ ਰਹੀ ਹੈ। ਦੁਨੀਆ ਦੇ ਲੋਕਾਂ ਨੂੰ ਵਾਤਾਵਰਨ ਪ੍ਰਤੀ ਸੁਹਿਰਦ ਕਰਨ ਲਈ ਕੁਝ ਖਾਸ ਦਿਨ ਮਨਾਉਣ ਦੀ ਕਵਾਇਦ ਪਿਛਲੇ ਕਾਫੀ ਲੰਮੇ ਸਮੇਂ ਤੋਂ ਚੱਲ ਰਹੀ ਹੈ। ਇਹਨਾਂ ਖਾਸ ਦਿਨਾਂ ਨੂੰ ਮਨਾਉਣ ਦਾ ਮੁੱਖ ਮੰਤਵ ਦੁਨੀਆਂ ਨੂੰ ਵਾਤਾਵਰਨ ਪ੍ਰਤੀ ਸੁਚੇਤ ਕਰਨਾ ਹੈ। ਤਰੱਕੀ ਅਤੇ ਉਨਤੀ ਦੇ ਪੈਂਡੇ ਨੂੰ ਤੈਅ ਕਰਨ ਵਿੱਚ ਦੁਨੀਆ ਪ੍ਰਦੂਸ਼ਣ ਦਾ ਸ਼ਿਕਾਰ ਹੋ ਗਈ ਹੈ ਜਿਸ ਵਿੱਚ ਜਲ ਪ੍ਰਦੂਸ਼ਣ ,ਪਾਣੀ ਪ੍ਰਦੂਸ਼ਣ , ਆਵਾਜ਼ ਦਾ ਪ੍ਰਦੂਸ਼ਣ ਅਤੇ ਧਰਤੀ ਪ੍ਰਦੂਸ਼ਣ ਆਦਿ ਮੁੱਖ ਰੂਪ ਵਿੱਚ ਸ਼ਾਮਿਲ ਹਨ। ਜਿਸ ਕਾਰਜ ਨੂੰ ਮਨੁੱਖੀ ਚੇਤਨਾ ਨੇ ਅੱਜ ਸਵੀਕਾਰਿਆ ਹੈ ਉਸੇ ਹੀ ਕਾਰਜ ਨੂੰ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਸਦੀਆਂ ਪਹਿਲਾਂ ਆਪਣੀ ਪਵਿੱਤਰ ਬਾਣੀ ਸ੍ਰੀ ਜਪੁਜੀ ਸਾਹਿਬ ਵਿੱਚ ਖਾਸ ਤਰਜ਼ੀਹ ਦਿੱਤੀ ਹੈ। ਸ੍ਰੀ ਜਪੁ ਜੀ ਸਾਹਿਬ ਦੀ ਬਾਣੀ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪਵਿੱਤਰ ਮੁਖਾਰ ਬਿੰਦ ਤੋਂ ਉਚਾਰਿਤ ਹੈ ਅਤੇ ਇਹ ਪਾਵਨ ਬਾਣੀ ਜੁਗੋ ਜੁਗ ਅਟੱਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਆਰੰਭਤਾ ਵਿੱਚ ਦਰਜ ਹੈ। ਸ੍ਰੀ ਜਪੁ ਜੀ ਸਾਹਿਬ ਜੀ ਦੇ ਦੋ ਸਲੋਕ ਹਨ।

ਪਹਿਲਾ ਸਲੋਕ<br>
ਆਦਿ ਸਚੁ ਜੁਗਾਦਿ ਸਚੁ ਹੈ ਭੀ ਸਚੁ ਨਾਨਕ ਹੋਸੀ ਭੀ ਸਚੁ ॥ ਅੰਗ 1<br>
ਇਹ ਉਪਕਰਣ ਸਲੋਕ ਹੈ ਜਿਸ ਨੂੰ ਪਹਿਲਾ ਸਲੋਕ ਕਹਿੰਦੇ ਹਨ।<br>
ਦੂਜਾ ਸਲੋਕ<br>
ਪਵਣੁ ਗੁਰੂ ਪਾਣੀ ਪਿਤਾ ਮਾਤਾ ਧਰਤਿ ਮਹਤੁ ॥ ਅੰਗ 8<br>
ਜੋ ਆਖ਼ਰੀ ਸਲੋਕ ਹੈ ਜਿਸਨੂੰ ਉਪਸੰਘਾਰ ਸਲੋਕ ਕਹਿੰਦੇ ਹਨ।<br>
ਸਲੋਕੁ ॥<br>
ਪਵਣੁ ਗੁਰੂ ਪਾਣੀ ਪਿਤਾ ਮਾਤਾ ਧਰਤਿ ਮਹਤੁ ॥

ਉਪਰੋਕਤ ਸ਼ਬਦਾਂ ਰਾਹੀਂ ਗੁਰੂ ਨਾਨਕ ਦੇਵ ਜੀ ਮਨੁੱਖੀ ਚੇਤਨਾਂ ਨੂੰ ਝੰਝੋੜਦੇ ਹੋਏ ਪਾਣੀ ਨੂੰ ਪਿਤਾ ,ਧਰਤੀ ਨੂੰ ਮਾਤਾ ਅਤੇ ਹਵਾ ਨੂੰ ਗੁਰੂ ਦਾ ਦਰਜਾ ਦਿੰਦੇ ਸਮੁੱਚੀ ਲੋਕਾਈ ਨੂੰ ਵਾਤਾਵਰਨ ਪ੍ਰਤੀ ਸੁਹਿਰਦਤਾ ਦੀ ਸੇਧ ਦਿੱਤੀ ਹੈ ਹੈ। ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਆਪਣੀ ਬਾਣੀ ਆਸਾ ਦੀ ਵਾਰ ਵਿੱਚ ਪਾਣੀ ਦੀ ਮਹਤੱਤਾ ਦਾ ਜ਼ਿਕਰ ਕਰਦਿਆਂ ਲਿਖਿਆ ਹੈਃ- ਪਹਿਲਾ ਪਾਣੀ ਜੀਉ ਹੈ ਜਿਤੁ ਹਰਿਆ ਸਭੁ ਕੋਇ।।

ਉਪਰੋਕਤ ਸ਼ਬਦ ਵਿੱਚ ਗੁਰੂ ਨਾਨਕ ਦੇਵ ਜੀ ਨੇ ਮਨੁੱਖਾਂ ਨੂੰ ਪਾਣੀ ਦੀ ਮਹੱਤਤਾ ਬਾਰੇ ਬਹੁਤ ਡੂੰਘਾ ਸਮਝਾਇਆ ਹੈ। ਅੱਜ ਦੁਨੀਆਂ ਭਰ ਦੇ ਵਿੱਦਿਅਕ ਮਾਹਰ ਅਤੇ ਸਿੱਖਿਆ ਸ਼ਾਸਤਰੀ ਕਹਿੰਦੇ ਹਨ ਕਿ ਪਾਣੀ ਕੁਦਰਤ ਦਾ ਅਨਮੋਲ ਦਾਤ ਹੈ ਤੇ ਧਰਤੀ ਉੱਤੇ ਸਮੁੱਚੇ ਜੀਵਨ ਦਾ ਮੂਲ ਅਧਾਰ ਪਾਣੀ ਹੀ ਹੈ। ਪਾਣੀ ਇਸ ਕਾਇਨਾਤ ਦੀ ਜੀਵਨ ਰੇਖਾ ਹੈ। ਪਾਣੀ ਤੋਂ ਬਿਨਾਂ ਧਰਤੀ 'ਤੇ ਜੀਵਨ ਅਸੰਭਵ ਹੈ। ਮਨੁੱਖੀ ਸਰੀਰ ਦਾ ਦੋ ਤਿਹਾਈ ਹਿੱਸਾ ਪਾਣੀ ਹੈ ਸਰੀਰ ਦੇ ਅੱਸੀ ਫੀਸਦੀ ਭਾਗ ਵਿੱਚ ਪਾਣੀ ਹੈ। ਉਪਰੋਕਤ ਤੋਂ ਇਹ ਸਿੱਧ ਹੁੰਦਾ ਹੈ ਕਿ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਸੋਚ ਕਿੰਨੀ ਦੂਰ ਅੰਦੇਸ਼ੀ ਸੀ ਜੋ ਉਹਨਾਂ ਨੇ ਸਦੀਆਂ ਪਹਿਲਾਂ ਮਨੁੱਖਾਂ ਨੂੰ ਵਾਤਾਵਰਨ ਦੀ ਸਾਂਭ ਸੰਭਾਲ ਲਈ ਤਾਕੀਦ ਕੀਤਾ ਸੀ। ਇਸ ਧਰਤੀ ਉੱਤੇ ਜੀਵਾਂ ਨੂੰ ਹਵਾ ਦੀ ਲੋੜ ਹੈ ਅਤੇ ਪਾਵਨ ਗੁਰਬਾਣੀ ਅਨੁਸਾਰ ਹਵਾ ਨੂੰ ਬਹੁਤ ਪਵਿੱਤਰ ਦਰਜਾ ਦਿੱਤਾ ਗਿਆ ਹੈ ਅਤੇ "ਪਵਣ ਗੁਰੂ" ਅਤੇ " ਗੁਰਮੁਖਿ" ਵਰਗੇ ਉਤਮ ਸ਼ਬਦਾਂ ਨਾਲ ਸੰਬੋਧਿਤ ਕੀਤਾ ਗਿਆ ਹੈਃ

ਗੁਰਮੁਖਿ ਧਰਤੀ ਗੁਰਮੁਖਿ ਪਾਣੀ।।<br>
ਗੁਰਮੁਖਿ ਪਵਣੁ ਬੈਸੰਤਰੁ ਖੇਲੈ ਵਿਡਾਣੀ।। ਮਾਝ ਮਹਲਾ 3 ਅੰਗ 117

ਸੰਸਾਰਿਕ ਗਿਆਨ ਅਨੁਸਾਰ ਜੀਵਨ ਦੀ ਰੇਖਾ ਹਵਾ ਰਾਹੀਂ ਹੀ ਚੱਲਦੀ ਹੈ ਅਤੇ ਇਹ ਵਿਗਿਆਨਿਕ ਤੌਰ ਦੇ ਉੱਤੇ ਸਿੱਧ ਕੀਤਾ ਗਿਆ ਹੈ ਕਿ ਸਾਫ ਹਵਾ ਫੇਫੜਿਆਂ ਵਿੱਚ ਜਾਂਦੀ ਤੇ ਗੰਦੀ ਹਵਾ ਬਾਹਰ ਨਿਕਲਦੀ ਹੈ।ਇਸੇ ਸਾਹ ਪ੍ਰਕਿਰਿਆ ਰਾਹੀਂ ਜੀਵਾਂ ਵਿੱਚ ਆਕਸੀਜ਼ਨ ਰੂਪੀ ਗੈਸ ਅੰਦਰ ਜਾਂਦੀ ਹੈ ਅਤੇ ਕਾਰਬਨ ਡਾਈਆਕਸਾਈਡ ਰੂਪੀ ਗੈਸ ਬਾਹਰ ਆਉਂਦੀ ਹੈ। ਉਸ ਕਾਦਰ ਦੀ ਅਜ਼ਬ ਕੁਦਰਤ ਵਿੱਚ ਬਨਸਪਤੀ ਰੂਪੀ ਰੁੱਖ ਅਤੇ ਪੌਦੇ ਦਿਨ ਵੇਲੇ ਆਕਸੀਜ਼ਨ ਪੈਦਾ ਕਰਦੇ ਹਨ ਅਤੇ ਕਾਰਬਨ ਡਾਈਆਕਸਾਈਡ ਧਰਤੀ ਦੇ ਵਾਤਾਵਰਨ ਵਿੱਚੋਂ ਸੋਖਦੇ ਹਨ। ਬਨਸਪਤੀ ਦੀ ਇਹ ਕਿਰਿਆ ਕਰਕੇ ਹੀ ਕਰਕੇ ਧਰਤੀ ਦੇ ਸਮੁੱਚੇ ਜੀਵਾਂ ਦੇ ਸਾਹ ਚਲਦੇ ਹਨ ਅਤੇ ਜਿਸ ਨਾਲ ਜੀਵਨ ਚਲਦਾ ਹੈ। ਗੁਰਬਾਣੀ ਮਨੁੱਖਾਂ ਨੂੰ ਸਪਸ਼ਟ ਸੇਧ ਦੇ ਰਹੀ ਹੈ ਕਿ ਧਰਤੀ ਬਚਾਉਣ ਲਈ ਸਿਆਣੇ ਖੋਜਕਾਰਾਂ, ਵਾਤਾਵਰਣ ਮਾਹਰਾਂ ਨਾਲ ਮਿਲ ਕੇ ਬੈਠੋ, ਵਿਚਾਰਾਂ ਕਰੋ ਅਤੇ ਪ੍ਰਦੂਸ਼ਨ ਖਤਮ ਕਰਨ ਲਈ ਠੋਸ ਕਦਮ ਚੁੱਕੋ। ਉਸ ਪਵਿੱਤਰ ਕੁਦਰਤ ਦੀ ਸਾਂਭ ਸੰਭਾਲ ਕਰਕੇ ਹੀ ਧਰਤੀ ਦੇ ਜੀਵ ਆਪਣਾ ਅਤੇ ਸਮੁੱਚੇ ਜੀਵਾਂ ਦਾ ਜੀਵਨ ਸੰਵਾਰ ਸਕਦੇ ਹਨ।

ਸਮੁੱਚੀ ਮਨੁੱਖਤਾ ਨੂੰ ਵਾਤਾਵਰਨ ਦੀ ਸਾਫ ਸਫ਼ਾਈ ਪ੍ਰਤੀ ਸੁਚੇਤ ਕਰਦੇ ਹੋਏ ਧੰਨ ਧੰਨ ਸ੍ਰੀ ਗੁਰੂ ਰਾਮਦਾਸ ਜੀ ਫਰਮਾਉਂਦੇ ਹਨ ਪਉਣ ਪਾਣੀ ਧਰਤੀ ਆਕਾਸੁ ਘਰ ਮੰਦਰ ਹਰਿ ਬਨੀ।। ਪੰਨਾ 723

'ਹਵਾ, ਜਲ, ਧਰਤੀ ਤੇ ਅਕਾਸ਼ ਉਸ ਪਰਮ ਪਿਤਾ ਅਕਾਲ ਪੁਰਖ ਦਾ ਘਰ ਰੂਪੀ ਪਵਿੱਤਰ ਮੰਦਰ ਹੈ ਜਿਸ ਵਿੱਚ ਸਰਬ ਸ਼ਕਤੀਮਾਨ ਅਕਾਲ ਪੁਰਖ ਵਾਸ ਕਰਦੇ ਹਨ ।ਗੁਰੂ ਸਾਹਿਬ ਉਪਰੋਕਤ ਸ਼ਬਦਾਂ ਰਾਹੀਂ ਸਮੁੱਚੀ ਲੁਕਾਈ ਨੂੰ ਵਾਤਾਵਰਨ ਦੂਸ਼ਿਤ ਕਰਨ ਤੋਂ ਗੁਰੇਜ਼ ਕਰਨ ਲਈ ਸੇਧ ਪ੍ਰਦਾਨ ਕਰਦੇ ਹਨ। ਪਵਿੱਤਰ ਗੁਰਬਾਣੀ ਮਨੁੱਖਾਂ ਨੂੰ ਸਿਖਾਉਂਦੀ ਹੈ ਕਿ ਮਨੁੱਖ ਕੁਦਰਤ ਤੋਂ ਬਹੁਤ ਕੁਝ ਸਿੱਖ ਸਕਦਾ ਹੈ। ਉਸ ਕਾਦਰ ਦੀ ਕੁਦਰਤ ਸਮੁੱਚੇ ਜੀਵਾਂ ਨੂੰ ਤਿਆਗ, ਕੁਰਬਾਨੀ, ਸਬਰ, ਪਿਆਰ, ਹੌਸਲਾ, ਸਫਾਈ ਤੇ ਨਿਰਪਖ ਸੇਵਾ ਦੀ ਭਾਵਨਾ ਦਾ ਸਬਕ ਸਿਖਾਉਂਦੀ ਹੈ। ਜੀਵਾਂ ਦਾ ਪ੍ਰਕਿਰਤੀ ਨਾਲ ਰਿਸ਼ਤਾ ਕੇਵਲ ਸਰੀਰਕ ਹੀ ਨਹੀਂ ਆਤਮਕ ਵੀ ਹੈ। ਗੁਰੂ ਸਾਹਿਬਾਨ ਦੀ ਬਾਣੀ ਵਿੱਚ ਮਨੁੱਖ ਨੂੰ ਸਦਾ ਪ੍ਰਕਿਰਤੀ ਦੀ ਇੱਜ਼ਤ ਕਰਨ ਅਤੇ ਇਸ ਦੀ ਸੰਭਾਲ ਕਰਨ ਦੀ ਸਿੱਖਿਆ ਮਿਲਦੀ ਹੈ। ਆਧੁਨਿਕ ਦੁਨੀਆ ਵਿੱਚ ਜਿੱਥੇ ਵਾਤਾਵਰਨ ਪ੍ਰਦੂਸ਼ਣ, ਜੰਗਲਾਂ ਦੀ ਕਟਾਈ, ਪਾਣੀ ਦੀ ਕਮੀ ਅਤੇ ਗਲੋਬਲ ਵਾਰਮਿੰਗ ਵਧ ਰਹੀ ਹੈ, ਉੱਥੇ ਗੁਰਬਾਣੀ ਦੀ ਸਿੱਖਿਆ ਅਜੋਕੇ ਸਮਾਜ ਤੇ ਉਧਾਰ ਲਈ ਬਹੁਤ ਮਹੱਤਵਪੂਰਨ ਹੋ ਜਾਂਦੀ ਹੈ।

ਵਾਤਾਵਰਨ ਸੰਭਾਲ ਦੀ ਲੋੜ

ਅੱਜਕਲ ਪੈਸਾ ਕਮਾਉਣ ਦੀ ਅੰਨ੍ਹੀ ਦੌੜ ਵਿੱਚ ਮਨੁੱਖ ਨੇ ਪ੍ਰਕਿਰਤੀ ਨਾਲ ਖਿਲਵਾੜ ਕੀਤੀ ਹੈ। ਦਰੱਖਤਾਂ ਦੀ ਬੇਲਗਾਮ ਕਟਾਈ, ਨਦੀਆਂ ਦੇ ਗੰਦੇ ਹੋਣ, ਹਵਾ ਵਿੱਚ ਜ਼ਿਹਰੀਲੇ ਧੂੰਏ ਕਾਰਨ ਜੀਵਨ ਖਤਰੇ ਵਿੱਚ ਪੈ ਗਿਆ ਹੈ। ਗੁਰਬਾਣੀ ਸਾਨੂੰ ਸਧਾਰਨ ਜੀਵਨ, ਸੰਤੁਲਿਤ ਭੋਗ ਅਤੇ ਪ੍ਰਕਿਰਤੀ ਨਾਲ ਪਵਿੱਤਰ ਬਣਾਈ ਰੱਖਣ ਦੀ ਪ੍ਰੇਰਣਾ ਦਿੰਦੀ ਹੈ। ਗੁਰਬਾਣੀ ਦੇ ਅਮਲ ਨਾਲ ਵਾਤਾਵਰਨ ਦੀ ਰੱਖਿਆ

ਸਿਮਰਨ ਅਤੇ ਸ਼ੁਕਰਾਣਾਃ

ਗੁਰਬਾਣੀ ਸਾਨੂੰ ਸਿਖਾਉਂਦੀ ਹੈ ਕਿ ਧਰਤੀ ਤੇ ਜੋ ਕੁਝ ਹੈ, ਉਹ ਵਾਹਿਗੁਰੂ ਦੀ ਨੇਮਤ ਹੈ। ਇਸ ਲਈ ਹਰ ਚੀਜ਼ ਦੀ ਕਦਰ ਕਰਨੀ ਚਾਹੀਦੀ ਹੈ। ਦਰੱਖਤ ਲਗਾਉਣਾਃ

ਬਲਿਹਾਰੀ ਕੁਦਰਤਿ ਵਸਿਆ ॥ ਤੇਰਾ ਅੰਤੁ ਨ ਜਾਈ ਲਖਿਆ ॥1॥

ਗੁਰਬਾਣੀ ਨੇ ਮਨੁੱਖ ਨੂੰ ਧਰਤੀ ਦੀ ਸੰਭਾਲ ਲਈ ਪ੍ਰੇਰਿਤ ਕੀਤਾ ਹੈ ਅਤੇ ਗੁਰਬਾਣੀ ਮਨੁੱਖ ਨੂੰ ਕੁਦਰਤ ਤੋਂ ਬਲਿਹਾਰੇ ਜਾਣ ਦੀ ਪ੍ਰੇਰਨਾ ਦਿੰਦੀ ਹੈ।

ਜੀਵ ਜੰਤੂਆਂ ਨਾਲ ਦਇਆ ਭਾਵਨਾਃ ਗੁਰਬਾਣੀ ਦੱਸਦੀ ਹੈ ਕਿ ਹਰ ਜੀਵ ਵਿਚ ਵਾਹਿਗੁਰੂ ਦੀ ਜੋਤ ਵਿਅਪਕ ਹੈ। ਇਸ ਲਈ ਜੀਵ ਜੰਤੂਆਂ ਦੀ ਰੱਖਿਆ ਕਰਨੀ ਚਾਹੀਦੀ ਹੈ।

**ਸੁਰਿੰਦਰਪਾਲ ਸਿੰਘ, ਵਿਗਿਆਨ ਅਧਿਆਪਕ , ਸ੍ਰੀ ਅੰਮ੍ਰਿਤਸਰ ਸਾਹਿਬ, ਪੰਜਾਬ।**

# ਗੁਰੂ ਸਾਹਿਬ ਦੀ ਸ਼ਹੀਦੀ ਸ਼ਤਾਬਦੀ ਸਬੰਧੀ ਟਕਰਾਅ ਵਾਲਾ ਮਾਹੌਲ ਪੈਦਾ ਨਾ ਕਰੇ ਪੰਜਾਬ ਸਰਕਾਰ- ਐਡਵੋਕੇਟ ਧਾਮੀ



## ਸ਼੍ਰੋਮਣੀ ਕਮੇਟੀ ਵੱਲੋਂ ਐਲਾਨੇ ਪ੍ਰੋਗਰਾਮਾਂ ਦੇ ਮੁਕਾਬਲੇ ਸਰਕਾਰ ਵੱਲੋਂ ਵੱਖਰੇ ਸਮਾਗਮ ਪੰਥਕ ਪ੍ਰੰਪਰਾਵਾਂ ਦੇ ਵਿਰੁੱਧ

ਅੰਮ੍ਰਿਤਸਰ, 22 ਜੁਲਾਈ -ਆਵਾਜ਼ਿ ਕੌਮ ਬਿਊਰੋ)- ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਮੌਕੇ ਪੰਜਾਬ ਸਰਕਾਰ ਇਸ ਦਿਹਾੜੇ ਨੂੰ ਸਮਰਪਿਤ ਢੁਕਵੀਆਂ ਯਾਦਗਾਰਾਂ ਬਨਾਉਣ ਵੱਲ ਧਿਆਨ ਦੇਵੇ, ਨਾ ਕਿ ਧਾਰਮਿਕ ਸਮਾਗਮਾਂ ਰਾਹੀਂ ਟਕਰਾਅ ਵਾਲਾ ਮਾਹੌਲ ਪੈਦਾ ਕਰੇ। ਇਹ ਪ੍ਰਗਟਾਵਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਅੱਜ ਦਫ਼ਤਰ ਵਿਖੇ ਪ੍ਰੈਸ ਕਾਨਫਰੰਸ ਦੌਰਾਨ ਕੀਤਾ। ਐਡਵੋਕੇਟ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਇਕ ਸਾਲ ਪਹਿਲਾਂ ਹੀ ਸ਼ਤਾਬਦੀ ਸਬੰਧੀ ਪ੍ਰੋਗਰਾਮ ਉਲੀਕੇ ਜਾ ਚੁੱਕੇ ਹਨ, ਜਿਸ ਦੀ ਸ਼ੁਰੂਆਤ ਅਪ੍ਰੈਲ 2025 'ਚ ਗੁਰਦੁਆਰਾ ਗੁਰੂ ਕੇ ਮਹਿਲ ਅੰਮ੍ਰਿਤਸਰ ਤੋਂ ਕੀਤੀ ਗਈ ਸੀ। ਇਸੇ ਤਹਿਤ ਹੁਣ ਦੇਸ਼ ਭਰ ਦੇ ਵੱਖ-ਵੱਖ ਹਿੱਸਿਆ ਵਿਚ ਸਮਾਗਮ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਸ੍ਰੀ ਅਨੰਦਪੁਰ ਸਾਹਿਬ ਵਿਖੇ ਉਲੀਕੇ ਸਮਾਗਮਾਂ ਦੀਆਂ ਤਰੀਕਾਂ ਅਨੁਸਾਰ ਹੀ ਸਰਕਾਰ ਵੱਲੋਂ ਵੱਖਰੇ ਪ੍ਰੋਗਰਾਮਾਂ ਦਾ ਐਲਾਨ ਕਰਨਾ ਸੰਗਤਾਂ ਵਿਚ ਦੁਬਿਧਾ ਦਾ ਕਾਰਨ ਬਣੇਗਾ, ਜੋ ਖਾਲਸਾ ਪੰਥ ਦੀਆਂ ਮਾਣਮੱਤੀਆਂ ਰਵਾਇਤਾਂ ਦੇ ਬਿਲਕੁਲ ਵਿਰੁੱਧ ਹੈ। ਉਨ੍ਹਾਂ ਕਿਹਾ ਕਿ ਇੰਜ ਮਹਿਸੂਸ ਹੁੰਦਾ ਹੈ ਕਿ ਸਰਕਾਰ ਜਾਣਬੁਝ ਕੇ ਸਿੱਖ ਸੰਸਥਾਵਾਂ ਨੂੰ ਨਜ਼ਰਅੰਦਾਜ਼ ਕਰਨ 'ਤੇ ਤੁਲੀ ਹੋਈ ਹੈ। ਉਨ੍ਹਾਂ ਕਿਹਾ ਕਿ ਸਿੱਖ ਇਤਿਹਾਸ ਨਾਲ ਸਬੰਧਤ ਸ਼ਤਾਬਦੀਆਂ ਦੇ ਸਮਾਗਮ ਖਾਲਸਾ ਪੰਥ ਆਪ ਕਰਦਾ ਹੈ, ਜਿਸ ਵਿਚ ਸਮੁੱਚੀਆਂ ਸਿੱਖ ਸੰਪ੍ਰਦਾਵਾਂ ਅਤੇ ਜਥੇਬੰਦੀਆਂ ਅਹਿਮ ਹਿੱਸਾ ਪਾਉਂਦੀਆਂ ਹਨ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਸਵਾਲ ਕੀਤਾ ਕਿ ਇਸ ਸਰਕਾਰ ਦੇ ਕਾਰਜਕਾਲ ਦੌਰਾਨ ਗੁਰੂ ਕੇ ਬਾਗ ਦੇ ਮੋਰਚੇ ਦੀ ਸ਼ਤਾਬਦੀ, ਸਾਕਾ ਸ੍ਰੀ ਪੰਜਾ ਸਾਹਿਬ ਦੀ ਸ਼ਤਾਬਦੀ, ਅਕਾਲੀ ਬਾਬਾ ਫੂਲਾ ਸਿੰਘ ਦੀ 200 ਸਾਲਾ ਸ਼ਹੀਦੀ ਸ਼ਤਾਬਦੀ, ਸ੍ਰੀ ਗੁਰੂ ਅੰਗਦ ਦੇਵ ਜੀ ਦਾ ਗੁਰਆਈ ਦਿਵਸ ਅਤੇ ਸ੍ਰੀ ਗੁਰੂ ਅਮਰਦਾਸ ਜੀ ਦੇ ਜੋਤੀ ਜੋਤਿ ਦਿਵਸ ਦੀ 450 ਸਾਲਾ ਸ਼ਤਾਬਦੀ ਸਮੇਤ ਕਰੀਬ 12 ਸ਼ਤਾਬਦੀਆਂ ਆਈਆਂ ਹਨ, ਜਿਨ੍ਹਾਂ ਪ੍ਰਤੀ ਸਰਕਾਰ ਨੇ ਸੰਜੀਦਗੀ ਕਿਉਂ ਨਹੀਂ ਦਿਖਾਈ ? ਉਨ੍ਹਾਂ ਕਿਹਾ ਕਿ ਪਿਛਲੇ ਸਮਿਆਂ ਦੌਰਾਨ ਖਾਲਸਾ ਪੰਥ ਨੇ ਜਦੋਂ ਵੀ ਸ਼ਤਾਬਦੀਆਂ ਮਨਾਈਆਂ, ਤਾਂ ਸਰਕਾਰਾਂ ਨੇ ਉਸ ਵਿਚ ਸਹਿਯੋਗ ਕਰਦਿਆਂ ਉਨ੍ਹਾਂ ਦਿਹਾੜਿਆਂ ਨੂੰ ਸਮਰਪਿਤ ਵੱਡੀਆਂ ਯਾਦਗਾਰਾਂ ਬਣਾਈਆਂ। 1969 'ਚ ਸ੍ਰੀ ਗੁਰੂ ਨਾਨਕ ਦੇਵ ਜੀ ਦੇ 500 ਸਾਲਾ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਗੁਰੂ ਨਾਨਕ ਦੇਵ ਯੂਨੀਵਰਸਿਟੀ, ਗੁਰੂ ਨਾਨਕ ਹਸਪਤਾਲ ਅੰਮ੍ਰਿਤਸਰ ਅਤੇ ਗੁਰੂ ਸਾਹਿਬ ਦੇ ਨਾਂ 'ਤੇ ਕਈ ਕਾਲਜ, 1999 ਵਿਚ ਖਾਲਸਾ ਸਾਜਨਾ ਦਿਵਸ ਦੇ 300 ਸਾਲਾ ਨੂੰ ਸਮਰਪਿਤ ਸ੍ਰੀ ਅਨੰਦਪੁਰ ਸਾਹਿਬ ਵਿਖੇ ਸਰਕਾਰ ਵੱਲੋਂ ਵਿਰਾਸਤ-ਏ-ਖਾਲਸਾ ਤੇ ਪੰਜ ਪਿਆਰਾ ਪਾਰਕ ਅਤੇ 2010 'ਚ ਬਾਬਾ ਬੰਦਾ ਸਿੰਘ ਬਹਾਦਰ ਵੱਲੋਂ ਸਰਹੰਦ ਫ਼ਤਹਿ ਦਿਵਸ ਨੂੰ ਸਮਰਪਿਤ ਚੱਪੜਚਿੜੀ ਵਿਖੇ ਇਤਿਹਾਸਕ ਯਾਦਗਾਰ ਇਸ ਦੀ ਉਦਾਹਰਣ ਹਨ। ਪਰੰਤੂ ਮੌਜੂਦਾ ਮਾਨ ਸਰਕਾਰ ਇਸ ਦੇ ਉਲਟ ਜਾ ਕੇ ਖਾਲਸਾ ਪੰਥ ਦੀਆਂ ਸੰਸਥਾਵਾਂ ਤੇ ਜਥੇਬੰਦੀਆਂ ਦੇ ਅਧਿਕਾਰ ਖੇਤਰ ਵਿਚ ਦਖ਼ਲ ਦੇ ਰਹੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਸਿੱਖ ਪੰਥ ਦੀ ਸਿਰਮੌਰ ਸੰਸਥਾ ਹੈ, ਜੋ ਪਹਿਲਾਂ ਹੀ ਇਹ ਸਪੱਸ਼ਟ ਕਰ ਚੁੱਕੀ ਹੈ ਕਿ ਇਨ੍ਹਾਂ ਸਮਾਗਮਾਂ ਵਿਚ ਸਾਰਿਆਂ ਦੀ ਸ਼ਮੂਲੀਅਤ ਨੂੰ ਯਕੀਨੀ ਬਨਾਉਣ ਲਈ ਸਾਰੀਆਂ ਸਰਕਾਰਾਂ ਦੇ ਮੁਖੀਆਂ ਨੂੰ ਸੱਦਾ ਦਿੱਤਾ ਜਾਵੇਗਾ। ਅਜਿਹੇ ਵਿਚ ਸਰਕਾਰ ਵੱਲੋਂ ਵੱਖਰੇ ਪ੍ਰੋਗਰਾਮ ਉਲੀਕਣੇ ਵੱਡੇ ਸਵਾਲ ਪੈਦਾ ਕਰਦੇ ਹਨ। ਐਡਵੋਕੇਟ ਧਾਮੀ ਨੇ ਕਿਹਾ ਕਿ ਸ੍ਰੀ ਅਨੰਦਪੁਰ ਸਾਹਿਬ ਖਾਲਸੇ ਦੀ ਜਨਮ ਭੂਮੀ ਹੈ ਅਤੇ ਉਸ ਵੱਲ ਜਾਂਦੇ ਰਸਤਿਆਂ ਦੇ ਮਾੜੇ ਹਾਲਾਤ ਵੱਲ ਸਰਕਾਰ ਵੱਲੋਂ ਬਿਲਕੁਲ ਧਿਆਨ ਨਹੀਂ ਦਿੱਤਾ ਗਿਆ, ਜਦਕਿ ਸੰਗਤਾਂ ਦੀ ਪ੍ਰੇਸ਼ਾਨੀ ਨੂੰ ਮੁੱਖ ਰੱਖਦਿਆਂ ਕਾਰ ਸੇਵਾ ਵਾਲੇ ਮਹਾਂਪੁਰਸ਼ਾਂ ਵੱਲੋਂ ਸੜਕ ਬਨਾਉਣ ਦੇ ਕਾਰਜ ਨੂੰ ਆਪਣੇ ਹੱਥਾਂ ਵਿਚ ਲਿਆ ਗਿਆ ਹੈ। ਉਨ੍ਹਾਂ ਕਿਹਾ ਕਿ ਸਰਕਾਰ ਸ਼ਤਾਬਦੀ ਮੌਕੇ ਗੁਰੂ ਸਾਹਿਬ ਨੂੰ ਸਮਰਪਿਤ ਕੋਈ ਵੱਡੀ ਯੂਨੀਵਰਸਿਟੀ, ਮੈਡੀਕਲ ਕਾਲਜ ਜਾਂ ਹਸਪਤਾਲ ਸਥਾਪਤ ਕਰੇ, ਜੋ ਲੋਕ ਭਲਾਈ ਕਾਰਜਾਂ ਲਈ ਲਾਹੇਵੰਦ ਹੋਵੇ। ਇਸ ਦੇ ਨਾਲ ਹੀ ਨੌਵੇਂ ਪਾਤਸ਼ਾਹ ਜੀ ਨਾਲ ਸ਼ਹਾਦਤ ਪ੍ਰਾਪਤ ਕਰਨ ਵਾਲੇ ਭਾਈ ਮਤੀਦਾਸ ਜੀ, ਭਾਈ ਸਤੀਦਾਸ ਜੀ ਅਤੇ ਭਾਈ ਦਿਆਲਾ ਜੀ ਦੇ ਨਾਂ 'ਤੇ ਵੀ ਯਾਦਗਾਰ ਬਣਾਈਆਂ ਜਾਣ, ਨਾ ਕਿ ਸਿਆਸਤ ਕਰਕੇ ਪੰਥ ਵਿਚ ਦੁਬਿਧਾ ਪੈਦਾ ਕੀਤੀ ਜਾਵੇ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਸ. ਸੁਰਜੀਤ ਸਿੰਘ ਭਿੱਟੇਵੱਡ, ਸ. ਅਮਰਜੀਤ ਸਿੰਘ ਭਲਾਈਪੁਰ, ਸ. ਅਵਤਾਰ ਸਿੰਘ ਰਿਆ, ਸ. ਗੁਰਮੀਤ ਸਿੰਘ ਬੂਹ, ਓਐਸਡੀ ਸ. ਸਤਬੀਰ ਸਿੰਘ ਧਾਮੀ, ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਮੀਤ ਸਕੱਤਰ ਪ੍ਰੋ. ਸੁਖਦੇਵ ਸਿੰਘ, ਸ. ਜਸਵਿੰਦਰ ਸਿੰਘ ਜੱਸੀ, ਸ. ਹਰਭਜਨ ਸਿੰਘ ਵਕਤਾ, ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ ਆਦਿ ਹਾਜ਼ਰ ਸਨ।

# ਕੈਬਨਿਟ ਮੰਤਰੀ ਪੰਜਾਬ ਲਾਲਜੀਤ ਸਿੰਘ ਭੁੱਲਰ ਨੇ ਅਵਾਮ ਨੂੰ ਨਸ਼ਾ ਮੁਕਤ ਕਰਕੇ ਮੁੜ ਰੰਗਲਾ ਪੰਜਾਬ ਬਣਾਉਣ ਦਾ ਸੱਦਾ ਦਿੱਤਾ



ਪੱਟੀ, 22 ਜੁਲਾਈ (ਆਵਾਜ਼ਿ ਕੌਮ ਬਿਊਰੋ)- ਕੈਬਿਨੇਟ ਮੰਤਰੀ ਪੰਜਾਬ ਲਾਲਜੀਤ ਸਿੰਘ ਭੁੱਲਰ ਨੇ ਅਵਾਮ ਨੂੰ ਸੱਦਾ ਦਿੱਤਾ ਹੈ ਕਿ ਉਹ ਪੰਜਾਬ ਸਰਕਾਰ ਵੱਲੋਂ ਚਲਾਏ ਜਾ ਰਹੇ ਯੁੱਧ ਨਸ਼ਿਆਂ ਵਿਰੁੱਧ ਵਿੱਚ ਆਪਣਾ ਮੋਹਰੀ ਯੋਗਦਾਨ ਪਾਉਣ ਤਾਂ ਜੋ ਪੰਜਾਬ ਨੂੰ ਨਸ਼ਾ ਮੁਕਤ ਕਰਕੇ ਮੁੜ ਰੰਗਲਾ ਪੰਜਾਬ ਬਣਾਇਆ ਜਾ ਸਕੇ। ਮੰਤਰੀ ਭੁੱਲਰ ਵਿਧਾਨ ਸਭਾ ਹਲਕਾ ਪੱਟੀ ਦੀ ਵਾਰਡ 1, 3 ਅਤੇ 5 ਵਿੱਖੇ ਮੋਹਿਤ ਅਰੋੜਾ ਪੱਟੀ, ਕੌਂਸਲਰ ਅਸ਼ਵਨੀ ਕੁਮਾਰ, ਕੌਂਸਲਰ ਲਾਲੀ ਮੰਡ, ਬਲਜਿੰਦਰ ਸਿੰਘ ਮਲਹਾਰ ਵਲੋਂ ਰੱਖੇ ਨਸ਼ਾ ਮੁਕਤੀ ਯਾਤਰਾ ਦੌਰਾਨ ਹੋਈਆਂ ਜਾਗਰੂਕਤਾ ਸਭਾਵਾਂ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚੋਂ ਨਸ਼ਾ ਖਤਮ ਕਰਨ ਲਈ ਜਿੱਥੇ ਨਸ਼ਾ ਤਸਕਰਾਂ ਖਿਲਾਫ ਵੱਡੀ ਕਾਰਵਾਈ ਕੀਤੀ ਜਾ ਰਹੀ ਹੈ ਓਥੇ ਲੋਕਾਂ ਨੂੰ ਨਸ਼ਿਆਂ ਵਿਰੁੱਧ ਲਾਮਬੱਧ ਕਰਨ ਲਈ ਵਿਸ਼ੇਸ਼ ਜਾਗਰੂਕਤਾ ਮੁਹਿੰਮ ਵੀ ਚਲਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸੂਬੇ ਭਰ ਵਿੱਚ ਨਸ਼ਾ ਮੁਕਤੀ ਯਾਤਰਾ ਤਹਿਤ ਪਿੰਡ-ਪਿੰਡ ਅਤੇ ਸ਼ਹਿਰਾਂ ਦੇ ਵਾਰਡਾਂ ਵਿੱਚ ਜਾ ਕੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਣ ਦਾ ਹੋਕਾ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਜਿਹੜੇ ਵਿਅਕਤੀ ਨਸ਼ਿਆਂ ਦੀ ਦਲ-ਦਲ ਵਿੱਚ ਫਸ ਗਏ ਸਨ ਉਨ੍ਹਾਂ ਨੂੰ ਨਸ਼ਿਆਂ ਤੋਂ ਮੁਕਤੀ ਦਿਵਾਉਣ ਲਈ ਉਨ੍ਹਾਂ ਦਾ ਮੁਫ਼ਤ ਇਲਾਜ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਨਸ਼ਾ ਛੱਡ ਰਹੇ ਨੌਜਵਾਨਾਂ ਦੇ ਪੁਨਰਵਾਸ ਲਈ ਵੀ ਸਰਕਾਰ ਵੱਲੋਂ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਮੰਤਰੀ ਭੁੱਲਰ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੀ ਜਵਾਨੀ ਨੂੰ ਨਸ਼ਿਆਂ ਤੋਂ ਬਚਾਉਣ ਲਈ ਉਨ੍ਹਾਂ ਨੂੰ ਖੇਡਾਂ ਨਾਲ ਜੋੜ ਰਹੀ ਹੈ। ਇਸ ਮਕਸਦ ਲਈ ਸੂਬੇ ਭਰ ਵਿੱਚ 13000 ਖੇਡ ਸਟੇਡੀਅਮ ਅਤੇ ਖੇਡ ਮੈਦਾਨ ਬਣਾਏ ਜਾ ਰਹੇ ਹਨ। ਪੰਜਾਬ ਸਰਕਾਰ ਨੇ ਬੀਤੇ ਤਿੰਨ ਸਾਲਾਂ ਦੌਰਾਨ ਨੌਜਵਾਨਾਂ ਨੂੰ 50000 ਤੋਂ ਵੱਧ ਸਰਕਾਰੀ ਨੌਕਰੀਆਂ ਦਿੱਤੀਆਂ ਹਨ। ਇਸ ਮੌਕੇ ਕੈਬਿਨੇਟ ਮੰਤਰੀ ਨੇ ਜਾਗਰੂਕਤਾ ਸਭਾਵਾਂ ਦੌਰਾਨ ਹਾਜ਼ਰ ਇਲਾਕੇ ਦੇ ਲੋਕਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਨਸ਼ਾ ਮੁਕਤੀ ਮੁਹਿੰਮ ਵਿੱਚ ਆਪਣਾ ਯੋਗਦਾਨ ਪਾਉਣ ਦਾ ਪ੍ਰਣ ਵੀ ਦਿਵਾਇਆ।ਇਸ ਮੌਕੇ ਤੇ ਚੇਅਰਮੈਨ ਦਿਲਬਾਗ ਸਿੰਘ ਪੀ ਏ, ਈ ਓ ਪੱਟੀ ਅਨਿਲ ਚੋਪੜਾ, ਐਸ ਐਚ ਓ ਸਿਟੀ ਪੱਟੀ ਕਵੰਲਜੀਤ ਰਾਏ, ਮੀਡੀਆ ਇੰਚਾਰਜ ਅਵਤਾਰ ਸਿੰਘ ਢਿੱਲੋਂ, ਸ਼ੋਸ਼ਲ ਮੀਡੀਆ ਇੰਚਾਰਜ ਮੋਹਿਤ ਅਰੋੜਾ ਪੱਟੀ, ਬਲਜਿੰਦਰ ਸਿੰਘ ਮਲਹਾਰ, ਅਮਨ ਕੁਮਾਰ ਵਿਪੀ, ਤਰਸੇਮ ਲਾਲ ਸੂਤਰ ਵਾਲੇ, ਐਡਵੋਕੇਟ ਮਨਦੀਪ ਸਿੰਘ ਭੁੱਲਰ ਪ੍ਰਧਾਨ ਲੀਗਲ ਸੈੱਲ, ਦਿਲਪ੍ਰੀਤ ਮਲਹਾਰ, ਚੰਦਨ ਭਨੋਟ, ਰਾਜਨ ਅਰੋੜਾ, ਸਰਪੰਚ ਗੁਰਪ੍ਰਤਾਪ ਸਿੰਘ ਲਾਡੀ, ਬਾਜ਼ ਸਿੰਘ, ਗੁਰਮੀਤ ਸਿੰਘ ਪੱਪੂ, ਦਿਵੀਆਨਸੁ ਤੇਜੀ, ਪ੍ਰਧਾਨ ਮੁਖਤਿਆਰ ਸਿੰਘ, ਮੋਨੂੰ ਸ਼ਰਮਾ, ਦੀਪਕ ਸ਼ਰਮਾ, ਜੱਜ ਸਿੰਘ ਮਾਲੜਾ, ਮਲਕੀਤ ਸਿੰਘ ਮੱਲੂ, ਮਨਪ੍ਰੀਤ ਸਿੰਘ ਮੰਨਾ, ਗੁਰਸਿਮਰਨ ਜੀਤ ਵਿਕੀ ਛੀਨਾ, ਨਿਤਿਨ ਜੈਨ, ਵਰੁਣ ਜੈਨ, ਸੋਨੂ ਵਡੇਰਾ, ਗੁਰਮੀਤ ਸਿੰਘ ਵਿਰਦੀ, ਰਾਜੂ ਕਲਾਥ ਆਦਿ ਹਾਜਿਰ ਸਨ।

## ਇੱਕ ਨਜ਼ਰ ...



## ਬਰਸਾਤ ਦੇ ਮੌਸਮ ਦੇ ਮਦੇ ਨਜਰ ਸੜਕਾਂ ਤੇ ਪਾਣੀ ਦੀ ਨਿਕਾਸੀ ਨੂੰ ਲੈ ਕੇ ਕਮਿਸ਼ਨਰ ਵਲੋਂ ਇੰਜੀਨਿਅਰਿੰਗ ਵਿੰਗ ਦੇ ਅਧਿਕਾਰਿਆਂ ਨਾਲ ਕੀਤੀ ਗਈ ਜੋਨ ਵਾਈਸ ਮੀਟਿੰਗ

### ਨਜਾਇਜ ਪਾਣੀ ਸੀਵਰੇਜ ਦੇ ਕਨੇਕਸ਼ਨ ਅਤੇ ਸਰਵਿਸ ਸਟੇਸ਼ਨਾ ਦੇ ਕਟੇ ਜਾਣ ਚਲਾਣ

ਅੰਮ੍ਰਿਤਸਰ, 22 ਜੁਲਾਈ (ਆਵਾਜ਼ਿ ਕੌਮ ਬਿਊਰੋ)- ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਵਲੋਂ ਬਰਸਾਤ ਦੇ ਮੌਸਮ ਵਿੱਚ ਸ਼ਹਿਰ ਦੀਆਂ ਸੜਕਾਂ ਤੇ ਪਾਣੀ ਦੇ ਜਮਾਂਵ ਨੂੰ ਲੈ ਕੇ ਓ ਐਂਡ ਐਮ ਸੈਲ ਵਿਭਾਗ ਅਤੇ ਸਿਵਲ ਵਿਭਾਗ ਦੇ ਅਧਿਕਾਰੀਆਂ ਨਾਲ ਜੋਨ ਵਾਇਸ ਮੀਟਿੰਗ ਕੀਤੀ। ਮੀਟਿੰਗ ਦੌਰਾਨ ਇੰਜੀਨਿਅਰਿੰਗ ਵਿਭਾਗ ਵਲੋਂ ਬਰਸਾਤ ਤੋ ਬਾਅਦ ਸੜਕਾਂ ਤੇ ਜਮਾਂ ਹੋਣ ਵਾਲੇ ਪਾਣੀ ਅਤੇ ਉਸ ਦੀ ਨਿਕਾਸੀ ਲਈ ਕੀਤੇ ਜਾ ਰਹੇ ਉਪਰਾਲਿਆਂ ਬਾਰੇ ਸਮੀਖਿਆ ਕੀਤੀ। ਕਮਿਸ਼ਨਰ ਵਲੋਂ ਸਰਕਾਰ ਦੇ ਆਨ-ਲਾਇਨ ਪੋਰਟਲ ਐਮ.ਸੈਵਾ ਤੇ ਆਉਣ ਵਾਲੀਆਂ ਲੋਕਾਂ ਦੀ ਸ਼ਿਕਾਇਤਾ ਦੇ ਨਿਪਟਾਰੇ ਦੀ ਜਾਣਕਾਰੀ ਵੀ ਲਈ ਗਈ, ਇਸ ਤੋ ਇਲਾਵਾ ਸ਼ਹਿਰ ਦੀਆਂ ਵੱਖ-ਵੱਖ ਆਬਾਦੀਆਂ ਵਿੱਚ ਰਿਹਾਇਸ਼ੀ , ਕਮਰਸ਼ੀਅਲ , ਅਤੇ ਹੋਰ ਅਦਾਰਿਆਂ ਵਲੋਂ ਲਏ ਗਏ ਨਜਾਇਜ ਕੁਨੈਕਸ਼ਨਾ ਦੇ ਰੈਗੁਲਰਾਇਜੇਸ਼ਨ ਨੂੰ ਲੈ ਕੇ ਕੀਤੀ ਗਈ ਵਿਭਾਗੀ ਕਾਰਵਾਈ ਬਾਰੇ ਵੀ ਜਾਣਕਾਰੀ ਹਾਸਲ ਕੀਤੀ ਗਈ। ਮੀਟਿੰਗ ਵਿੱਚ ਕਮਿਸ਼ਨਰ ਵਲੋਂ ਹਦਾਇਤ ਕੀਤੀ ਗਈ ਕਿ ਆਪਣੇ ਅਧੀਨ ਕੰਮ ਕਰ ਰਹੇ ਕਰਮਚਾਰੀਆਂ ਦੀ ਡਿਊਟੀ ਲਗਾਈ ਜਾਵੇ ਕਿ ਬਰਸਾਤ ਤੋ ਤੁਰੰਤ ਬਾਅਦ ਸੜਕਾਂ ਦੀ ਚੈਂਕਿਗ ਕੀਤੀ ਜਾਵੇ ਅਤੇ ਜਿਥੇ ਵੀ ਬਰਸਾਤੀ ਪਾਣੀ ਖੜਾ ਹੋਵੇ ਉਸ ਨੂੰ ਬਿਨਾ ਕਿਸੇ ਦੇਰੀ ਦੇ ਸਾਫ ਕੀਤਾ ਜਾਵੇ। ਅਣ-ਅਧਿਕਾਰਤ ਤਰੀਕੇ ਨਾਲ ਲਏ ਗਏ ਪਾਣੀ ਅਤੇ ਸੀਵਰੇਜ ਦੇ ਕੁਨੈਕਸ਼ਨਾ ਲਈ ਚਲਾਣ ਕਟੇ ਜਾਣ ਅਤੇ ਬਣਦੀ ਫੀਸ ਲੇ ਕੇ ਇਹ ਕੁਨੈਕਸ਼ਨ ਰੈਗੁਲਰ ਕਰਵਾਉਣ ਲਈ ਜਾਗਰੂਕ ਕੀਤਾ ਜਾਵੇ । ਮੀਟਿੰਗ ਵਿੱਚ ਵਧੀਕ ਕਮਿਸ਼ਨਰ ਸੁਰਿੰਦਰ ਸਿੰਘ , ਸੰਯੁਕਤ ਕਮਿਸ਼ਨਰ ਜੈ ਇੰਦਰ ਸਿੰਘ, ਨਿਗਰਾਨ ਇੰਜੀਨਿਅਰ ਸੰਦੀਪ ਸਿੰਘ ਕਾਰਜਕਾਰੀ ਇੰਜੀਨਿਅਰ ਭਲਿੰਦਰ ਸਿੰਘ , ਗੁਰਜਿੰਦਰ ਸਿੰਘ , ਐਸ.ਪੀ ਸਿੰਘ ਤੋ ਇਲਾਵਾ ਸਾਰੇ ਜੋਨਾ ਦੇ ਐਸ.ਡੀਓਜ ਅਤੇ ਜੇਈਜ ਸ਼ਾਮਲ ਸਨ । ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਨੇ ਦਸਿਆ ਕੀ ਨਗਰ ਨਿਗਮ, ਅੰਮ੍ਰਿਤਸਰ ਸ਼ਹਿਰ ਵਾਸੀਆਂ ਦੀ ਸਹੂਲਤ ਲਈ ਹਰ ਸੰਭਵ ਉਪਰਾਲਾ ਕਰ ਰਿਹਾ ਹੈ। ਉਹਨਾਂ ਕਿਹਾ ਕਿ ਬਰਸਾਤ ਦੇ ਮੌਸਮ ਨੂੰ ਮੁੱਖ ਰਖਦੇ ਹੋਏ ਓ ਐਂਡ ਐਮ ਸੈਲ ਵਿਭਾਗ ਅਤੇ ਸਿਵਲ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ ਕਿ ਜਦੋਂ ਵੀ ਬਰਸਾਤ ਹੁੰਦੀ ਹੈ ਤਾਂ ਨਿਗਮ ਦੀਆ ਜੋਨਾ ਵਿੱਚ ਕੰਮ ਕਰ ਰਹੇ ਕਰਮਚਾਰੀਆਂ ਨੂੰ ਕਿਹਾ ਜਾਵੇ ਕਿ ਬਰਸਾਤ ਤੋ ਤੁਰੰਤ ਬਾਅਦ 15-20 ਮਿੰਟ ਵਿੱਚ ਸੜਕਾਂ ਦਾ ਮੁਆਇਨਾ ਕਰਨਗੇ ਅਤੇ ਜਿਥੇ ਵੀ ਬਰਸਾਤੀ ਪਾਣੀ ਖੜਾ ਹੈ ਉਸਨੂੰ ਬਿਨਾ ਕਿਸੇ ਦੇਰੀ ਦੇ ਵਿੱਚ ਸਾਫ ਕਰ ਦਿਤਾ ਜਾਵੇ ਉਹਨਾਂ ਕਿਹਾ ਕਿ ਜਿਥੇ ਪਾਣੀ ਦੀ ਨਿਕਾਸੀ ਮੈਨੂਅਲੀ ਨਹੀ ਹੋ ਪਾਉਂਦੀ ਉਥੇ ਰੋਡ ਸਾਇਡ ਦੇ ਚੈਂਬਰਾ ਨੂੰ ਚੈਕ ਕੀਤਾ ਜਾਵੇ ਕਿਉਂਕਿ ਕਈ ਵਾਰ ਇਹਨਾਂ ਚੈਂਬਰਾ ਵਿੱਚ ਪਲਾਸਟਿਕ ਦੇ ਲਿਫਾਫੇ ਜਾ ਕੂੜਾ ਕਰਕਟ ਆਦਿ ਜੰਮ ਜਾਂਦਾ ਹੈ ਤਾਂ ਪਾਣੀ ਦਾ ਨਿਕਾਸ ਨਹੀ ਹੋ ਪਾਂਦਾ ਇਸ ਲਈ ਇਹਨਾਂ ਦੀ ਤੁਰੰਤ ਸਫਾਈ ਕਰਕੇ ਬਰਸਾਤੀ ਪਾਣੀ ਦੀ ਨਿਕਾਸੀ ਯਕੀਨੀ ਬਣਾਈ ਜਾਵੇ । ਕਮਿਸ਼ਨਰ ਨੇ ਇਹ ਵੀ ਕਿਹਾ ਕਿ ਰੇਲਵੇ ਰੋਡ ਅਤੇ ਐਨਮ ਸਿਨੇਮਾ ਦੇ ਕੋਲ ਜਿਨੇ ਵੀ ਗੈਰ ਕਾਨੂੰਨੀ ਸਰਵਿਸ ਸਟੇਸ਼ਨ ਬਣੇ ਹਨ ਉਹਨਾਂ ਦੇ ਤੁਰੰਤ ਪ੍ਰਭਾਵ ਨਾਲ ਚਲਾਣ ਕਟੇ ਜਾਣ ਅਤੇ ਇਨਾਂ ਨੂੰ ਬੰਦ ਕਰਾਉਣ ਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇ ਕਿਉਂ ਜੋ ਇਨਾਂ ਨਜਾਇਜ ਸਰਵਿਸ਼ ਸਟੇਸ਼ਨਾ ਕਾਰਨ ਵੀ ਸੜਕਾਂ ਤੇ ਗੰਦਾ ਪਾਣੀ ਖੜਾ ਰਹਿੰਦਾ ਹੈ ਜਿਸ ਨਾਲ ਸ਼ਹਿਰ ਵਾਸੀਆਂ ਨੂੰ ਪਰੇਸ਼ਾਨੀ ਆਉਂਦੀ ਹੈ । ਕਮਿਸ਼ਨਰ ਨੇ ਕਿਹਾ ਕਿ ਸਰਕਾਰ ਵਲੋਂ ਸ਼ਹਿਰ ਵਾਸੀਆਂ ਦੀ ਸਹੁਲਤ ਲਈ ਆਨ-ਲਾਈਨ ਐਮ.ਸੇਵਾ ਪੋਰਟਲ ਬਣਾਇਆ ਗਿਆ ਹੈ ਜਿਸ ਤੇ ਕੋਈ ਵੀ ਸ਼ਹਿਰਵਾਸੀ ਆਪਣੀ ਸ਼ਿਕਾਇਤ ਦਰਜ ਕਰਵਾ ਸਕਦਾ ਹੈ ਅਤੇ ਨਿਗਮ ਕਰਮਚਾਰੀ ਇਨਾਂ ਸ਼ਿਕਾਇਤਾ ਦਾ ਨਿਪਟਾਰਾ ਕਰਕੇ ਸ਼ਿਕਾਇਤ ਕਰਤਾ ਨੂੰ ਸੁਚਿਤ ਕਰਦੇ ਹਨ ਉਹਨਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਐਮ.ਸੇਵਾ ਤੇ ਆਉਣ ਵਾਲੀਆਂ ਸ਼ਿਕਾਇਤਾ ਦਾ ਰੋਜਾਨਾ ਪੱਧਰ ਤੇ ਨਿਪਟਾਰਾ ਕੀਤਾ ਜਾਣਾ ਯਕੀਨੀ ਬਣਾਇਆ ਜਾਵੇ ਕਮਿਸ਼ਨਰ ਨੇ ਸ਼ਹਿਰ ਵਾਸੀਆਂ ਨੂੰ ਭਰੋਸਾ ਦਿਵਾਇਆ ਕਿ ਨਗਰ ਨਿਗਮ ਅੰਮ੍ਰਿਤਸਰ ਬਰਸਾਤੀ ਪਾਣੀ ਦੀ ਨਿਕਾਸੀ ਲਈ ਆਪਣੀ ਮੈਨ ਪਾਵਰ ਅਤੇ ਮਸ਼ੀਨਰੀ ਵਿੱਚ ਕੋਈ ਵੀ ਕਮੀ ਨਹੀ ਆਉਂਣ ਦੇਵੇਗਾ ।

ਆਵਾਜ਼ਿ ਕੌਮ AWAZE QAUM International Newspaper & WEB TV



ਗੁਰੂ ਵਾਲਮੀਕੀ ਏਕਤਾ ਧਰਮ ਸਮਾਜ ਪੰਜਾਬ ਭਾਰਤ ਦੇ ਯੂਥ ਵਿੰਗ ਚੇਅਰਮੈਨ ਪੰਜਾਬ ਗੁਰਪ੍ਰੀਤ ਸਿੰਘ ਛਿੱਡਣ ਦੀ ਅਗਵਾਈ ਹੇਠ ਗੁਰੂ ਗਿਆਨ ਨਾਥ ਧਰਮ ਸਮਾਜ ਸੇਵਾ ਸੁਸਾਇਟੀ ਦੇ ਕੌਮੀ ਚੇਅਰਮੈਨ ਬਾਬਾ ਲੱਖਾ ਸਿੰਘ ਰਾਮੂਵਾਲ ਅਤੇ ਦੋਵਾਂ ਜਥੇਬੰਦੀਆਂ ਵੱਲੋਂ ਨਵ- ਨਿਯੁਕਤ ਡੀਆਈਜੀ ਬਾਰਡਰ ਰੇਂਜ ਸਰਦਾਰ ਨਾਨਕ ਸਿੰਘ ਨੂੰ ਵਿਸ਼ੇਸ਼ ਤੌਰ ਸਨਮਾਨਿਤ ਕੀਤਾ ਗਿਆ ਅਤੇ ਸ਼ੁਭਕਾਮਨਾਵਾਂ ਦਿੱਤੀਆਂ ਇਸ ਮੌਕੇ ਜਸਵਿੰਦਰ ਸਿੰਘ ਫੌਜੀ ਜਰਨਲ ਵਿੰਗ ਚੇਅਰਮੈਨ ਪੰਜਾਬ ਕੰਵਲਜੀਤ ਸਿੰਘ ਉਰਫ ਕਾਕੂ ਸਾਹਿਬ ਸਿੰਘ ਸਾਰਗਦੇਵ ਬਾਉ ਅਜਨਾਲਾ ਆਦਿ ਹਾਜਰ ਸਨ। ਫੋਟੋ ਅਤੇ ਵੇਰਵਾ : ਆਵਾਜ਼ਿ ਕੌਮ ਬਿਊਰ

# ਭਾਈ ਮਤੀ ਦਾਸ ਜੀ ਦੀ ਨਿਵੇਕਲੀ ਸ਼ਹੀਦੀ



ੴ ਸਤਿਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰਪ੍ਰਸਾਦਿ॥ ਨਾਲ ਹੀ ਜਲਾਦ ਨੇ ਆਰਾ ਚਲਾਉਣਾ ਸ਼ੁਰੂ ਕਰਤਾ ਪਰ ਜਪੁਜੀ ਨਹੀਂ ਰੁਕੀ! "ਜਪੁ"।। ਅਰਧੋ ਅਰਧ ਚਿਰਾਇ ਸੁ ਡਾਰਾ। ਪਰਯੋ ਪ੍ਰਿਥੀ ਪਰ ਹ੍ਵੈ ਦੋ ਫਾਰਾ। ਦੋਨਹੁ ਤਨ ਤੇ ਜਪੁਜੀ ਪਢੈ। ਹੇਰਤਿ ਸਭਿ ਕੇ ਅਚਰਜ ਬਢੈ ਸਿਰ ਵਿਚੋਂ ਲਹੂ ਦੇ ਪਰਨਾਲੇ ਛੁੱਟ ਪਏ ਦੇਖਦੇ ਹੀ ਦੇਖਦੇ ਸਰੀਰ ਦੋ ਫਾੜ ਹੋ ਗਿਆ। ਆਦਿ ਸਚੁ ਜੁਗਾਦਿ ਸਚੁ ॥ ਹੈ ਭੀ ਸਚੁ ਨਾਨਕ ਹੋਸੀ ਭੀ ਸਚੁ ॥1॥ ਹੋਇ ਦੁਖੰਡ ਨ ਜੀਵਤਿ ਕੋਈ। ਇਹ ਤੋ ਪਠਤਿ ਜਿਯਤਿ ਜਿਮ ਹੋਈ। ਭੋਗ ਪਾਇ ਕਰ ਦੋਨਹੁ ਤਨਤੇ। ਗੁਰਪੁਰਿ ਪਹੁੰਚਯੋ ਪ੍ਰੇਮੀ ਮਨ ਤੇ।। ਇਹ ਪਹਿਲੀ ਵਾਰੀ ਸੀ ਦੋ ਹਿੱਸਿਆਂ ਚੋਂ ਆਵਾਜ ਆ ਰਹੀ ਸੀ। ਲੋਕ ਮੂੰਹ ਵਿਚ ਉਗਲਾਂ ਪਾ ਦੇਖਣ ਲੱਗੇ। ਜਪੁਜੀ ਤਾਂ ਬਹੁਤ ਲੋਕਾਂ ਪੜ੍ਹੀ ਤੇ ਰੋਜਾਨਾ ਪੜ੍ਹਦੇ ਹਨ। ਪਰ ਅਜਿਹਾ ਜਪੁਜੀ ਸਾਹਿਬ ਦਾ ਪਾਠ ਕਿਸੇ ਨਾ ਕੀਤਾ। ਮੰਨੇ ਕੀ ਗਤਿ ਕਹੀ ਨ ਜਾਇ ॥ ਜੇ ਕੋ ਕਹੈ ਪਿਛੈ ਪਛੁਤਾਇ ॥ ਕਾਗਦਿ ਕਲਮ ਨ ਲਿਖਣਹਾਰੁ ॥ ਮੰਨੇ ਕਾ ਬਹਿ ਕਰਨਿ ਵੀਚਾਰੁ ॥ ਐਸਾ ਨਾਮੁ ਨਿਰੰਜਨੁ ਹੋਇ ॥ ਜੇ ਕੋ ਮੰਨਿ ਜਾਣੈ ਮਨਿ ਕੋਇ ॥12॥

ਇਉਂ ਜਾਪ ਰਿਹਾ ਸੀ ਜਿਵੇਂ ਹਕੂਮਤ ਨੂੰ ਕਹਿ ਰਹੇ ਹੋਣ ਕਿ ਇਹ ਮੰਨ ਦੇ ਆਖੇ ਲੱਗ ਤੁਸੀਂ ਇਤਨੇ ਜੁਲਮ ਕਰ ਰਹੇ ਹੋ ਇਸਦੀ ਗਤਿ ਭਾਵ ਸਪੀਡ ਕਹੀ ਨਹੀਂ ਜਾ ਸਕਦੀ। ਇਹ ਤੇ ਹਜਾਰਾਂ ਪੈਰ ਤੇ ਅੱਖਾਂ ਲੈ ਕੇ ਪੈਦਾ ਹੋਇਆ ਹੈ (ਪਿਤਾ ਦਸ਼ਮੇਸ਼ ਜੀ ਵੀ ਆਖਦੇ "ਸਹਸਰਾਛ ਜਾ ਕੇ ਸੁਭ ਸੋਹੈ ॥ ਸਹਸ ਪਾਦ ਜਾ ਕੇ ਤਨਿ ਮੋਹੈ॥" (ਹੁਣ ਮਨ ਪੈਦਾ ਹੋਇਆ ਜਿਸ ਦੇ ਹਜਾਰ ਪੈਰ ਤੇ ਹਜਾਰ ਅਖਾਂ ਨੇ (ਭਾਵ ਇਹ ਮਨ ਇਕ ਥਾਂ ਟਿਕ ਕੇ ਨਹੀ ਬੈਠਦਾ) ਇਸ ਨੂੰ ਪੈਰ ਤੇ ਅਖਾਂ ਹੀ ਇਨੀਆ ਮਿਲੀਆਂ ਹੋਈਆਂ ਨੇ) (ਇਸਦੇ ਮਗਰ ਲੱਗੋਗੇ ਤਾਂ ਅੰਤ ਨੂੰ ਪਛਤਾਉਣਾ ਪੈਣੈ) ਜਿਤਨੇ ਮਰਜੀ ਹਿਸਾਬ ਕਿਤਾਬ ਲਾ ਲਓ ਵੱਢੀਆਂ ਖਾ ਕੇ ਫਤਵੇ ਜਾਰੀ ਕਰੀ ਜਾਓ। ਇਸ ਮੰਨ ਦੇ ਲਾਲਚ ਨੂੰ ਕੋਈ ਕਾਗਦ ਕਲਮ ਨਹੀਂ ਲਿਖ ਸਕਦੀ। ਇਸਦਾ ਗੁਰੂ ਚਰਨਾ ਚ ਬੈਠ ਕੇ ਵੀਚਾਰੁ ਕਰਨਾ ਪੈਣਾ ਜੋ ਅੱਜ ਮਤੀ ਦਾਸ ਨੇ ਕੀਤਾ ਤੇ ਮੁਖ ਉਜਲਾ ਲੈ ਅਕਾਲ ਪੁਰਖ ਪਾਸ ਜਾ ਰਿਹਾ। "ਦੋਨੋ ਤਨ ਤੇ ਜਪੁਜੀ ਪੜੈ ਦੇਖਰ ਸਭ ਕੋ ਅਚਰਜ ਬੜੈ" ਅਖੀਰ ਜਦੋਂ ਜਿਨੀ ਨਾਮੁ ਧਿਆਇਆ ਗਏ ਮਸਕਤਿ ਘਾਲਿ ॥ ਨਾਨਕ ਤੇ ਮੁਖ ਉਜਲੇ ਕੇਤੀ ਛੁਟੀ ਨਾਲਿ।। ਪੜ੍ਹਿਆ ਤਾਂ ਸਰੀਰ ਦੇ ਦੋਵੇਂ ਹਿੱਸੇ ਸ਼ਾਂਤ ਹੋ ਗਏ। ਉਦੋਂ ਤੱਕ ਭਾਈ ਮਤੀ ਦਾਸ ਜੀ ਉਜਲਾ ਮੁਖ ਲੈ ਅਕਾਲ ਪੁਰਖ ਦੇ ਚਰਨਾਂ ਪਾਸ ਜਾ ਬਿਰਾਜੇ ਸਨ। ਗੁਰੂ ਦੇ ਸਾਹਮਣੇ ਬੈਠ ਕੇ ਸਿੱਖਾਂ ਨੂੰ ਸ਼ਹੀਦ ਹੋਣ ਦਾ ਵਲ ਦੱਸਣ ਵਾਲਾ ਯੋਧਾ ਛੇਵੇਂ ਪਾਤਸ਼ਾਹ ਜੀ ਦੀ ਫੌਜ ਦੇ ਜਰਨੈਲ 'ਭਾਈ ਪਰਾਗਾ' ਦੀ ਅੰਸ਼ ਬੰਸ਼ ਵਿਚੋਂ ਸੀ। ਕਮਾਲ ਦੀ ਗੱਲ ਇਹ ਹੈ ਅਜਿਹੀ ਅਦੁੱਤੀ ਸ਼ਹਾਦਤ ਦੇਣ ਵਾਲੇ ਯੋਧੇ ਦੇ ਪਿਤਾ ਬਾਰੇ ਹੀ ਸਿੱਖ ਕੌਮ ਨੂੰ ਕੋਈ ਜਾਣਕਾਰੀ ਨਹੀਂ(ਸ਼ੋਸ਼ਲ ਮੀਡੀਆ ਵਾਲੇ ਗਿਆਨੀ ਇਹਨਾਂ ਦੇ ਪਿਤਾ ਭਾਈ ਪਰਾਗਾ ਜੀ ਨੂੰ ਆਖੀ ਜਾਂਦੇ ਤੇ ਯੂਨੀਵਰਸੀਟੀਆਂ ਵਾਲੇ ਪ੍ਰੋ ਸਾਬ 'ਹੀਰਾ ਮੱਲ' ਲਿਖੀ ਜਾਂਦੇ ਹਰਿਦੁਆਰ ਦੇ ਕੁਝ ਪੰਡਿਆ ਨੇ 'ਕਬੂਲ ਦਾਸ' ਲਿਖ ਛੱਡਿਆ) ਭਾਈ ਸਾਹਿਬ ਜੀ ਪਿਤਾ ਹੀਰਾ ਨੰਦ ਦੇ ਘਰ 1641 ਈ. ਨੂੰ ਪਿੰਡ ਕਰਿਆਲਾ (ਕੜਿਆਲਾ)ਜਿਲ੍ਹਾ ਜੇਹਲਮ ਲਹਿੰਦੇ ਪੰਜਾਬ ਅੰਦਰ ਜਨਮਿਆ ਸੀ। ਭਾਈ ਹੀਰਾ ਨੰਦ ਜੀ (ਲੱਖੀ ਦਾਸ ਜੀ ਜੋ ਕਿ ਛੇਵੇਂ,ਸੱਤਵੇਂ ਤੇ ਅੱਠਵੇਂ ਪਾਤਸ਼ਾਹ ਦੇ ਦੀਵਾਨ ਸਨ ਉਹਨਾਂ ਦੇ ਪੁੱਤਰ ਸਨ ਤੇ ਭਾਈ ਪਰਾਗਾ ਜੀ ਦੇ ਪੋਤਰੇ ਭਾਈ ਪਰਾਗਾ ਜੀ ਰਾਜਾ ਗੋਤਮ ਸੈਨ ਦੇ ਪੁੱਤਰ ਸਨ ਜੋ ਗੁਰੂ ਨਾਨਕ ਦੇਵ ਜੀ ਦੇ ਸਿੱਖ ਬਣੇ। ਜਦੋਂ ਸ਼ੀਹੇਂ ਮਸੰਦ ਨੇ ਭਰੇ ਦਿਵਾਨ ਅੰਦਰ ਧੰਨ ਗੁਰੂ ਤੇਗ ਬਹਾਦਰ ਸਾਹਿਬ ਜੀ ਤੇ ਗੋਲੀ ਚਲਾਈ ਤਾਂ ਉਸ ਵਕਤ ਭਾਈ ਮਤੀ ਦਾਸ ਜੀ ਵੀ ਮੌਜੂਦ ਸਨ। ਪਹਿਲਾਂ ਤੇ ਸਾਰੇ ਸਿੰਘ ਨਿਰਾਸ਼ ਹੋ ਗਏ ਫਿਰ ਇਕ ਦਮ ਆਕਰੋਸ਼ ਵਿਚ ਆ ਕੇ ਭਾਈ ਮਤੀ ਦਾਸ ਜੀ ਤੇ ਨਾਲ ਦੇ ਸਿੰਘ ਬੋਲੇ ਗੁਰੂ ਜੀ ਅਸੀਂ ਧੀਰ ਮੱਲੀਆਂ ਤੇ ਮਸੰਦਾਂ ਨੂੰ ਸਬਕ ਸਿਖਾ ਕੇ ਚੈਨ ਲਵਾਂਗੇ ਪਰ ਗੁਰੂ ਸਾਹਿਬ ਜੀ ਨੇ ਆਪ ਜੀ ਨੂੰ ਰੋਕ ਦਿੱਤਾ। ਉਸ ਵਕਤ ਭਾਈ ਸਾਹਿਬ ਜੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਦੀਵਾਨ ਸਨ। ਨੌਵੇਂ ਪਾਤਸ਼ਾਹ ਨੇ "ਤੂੰ ਮਮ ਮ੍ਰਿਤ ਸਹਾਇਕ ਭਾਰੀ"ਕਿ ਇਹ ਸਾਡਾ ਭਾਈ ਹੈ ਤੇ ਇਥੋਂ ਹੀ ਆਪ ਜੀ ਨੂੰ "ਭਾਈ" ਦਾ ਲਕਬ ਨੌਵੇਂ ਪਾਤਸ਼ਾਹ ਪਾਸੋਂ ਮਿਲਿਆ ਇਕੱਲਾ ਲਕਬ ਹੀ ਨਹੀਂ ਦਿੱਤਾ ਨੌਵੇਂ ਪਾਤਸ਼ਾਹ ਨੇ ਆਪ ਦੇ ਸਿਰ ਆਪਣੇ ਹੱਥੀ ਦਸਤਾਰ ਵੀ ਸਜਾਈ। ਜਿਤਿਕ ਮੁਹੰਮਦ ਉਮਤ ਸਾਰੀ।। ਸਭ ਕੇ ਸਿਰ ਫੁਟਹਿੰ ਇਕ ਬਾਰੀ।। ਮਾਂਗਹਿ ਕਹਿਰ, ਕਹਿਰ ਦਿਖਰਾਊਂ।। ਨਾਸ ਕਰੌਂ ਇਨ ਸਫਾ ਉਠਾਊਂ।। ਇੱਟ ਨਾਲ ਇੱਟ ਖੜਕਾਉਣ ਵਾਲਾ ਬੋਲਾ ਫਿਰ ਉਸ ਵਕਤ ਵੀ ਇਸ ਸੂਰਮੇ ਨੇ ਦੁਹਰਾਇਆ ਸੀ ਜਦੋਂ ਗੁਰੂ ਤੇਗ ਬਹਾਦਰ ਜੀ ਨੂੰ ਸ਼ਹੀਦ ਕਰਨ ਲਈ ਇਕ ਪਿੰਜਰੇ ਵਿਚ ਪਾ ਕੇ ਲਿਆਂਦਾ ਗਿਆ ਸੀ ਤੇ ਭਾਈ ਮਤੀ ਦਾਸ ਬੋਲਿਆ ਪਾਤਸ਼ਾਹ ਹੁਕਮ ਕਰੋ ਦਿੱਲੀ ਤੋਂ ਲਾਹੌਰ ਤੱਕ ਹਕੂਮਤ ਦੀ ਇੱਟ ਨਾਲ ਇੱਟ ਖੜਕਾ ਦਿਆਂਗੇ।(ਪਾਤਸ਼ਾਹ ਬੋਲੇ ਮਤੀਦਾਸ ਬਲ ਕਿਥੋਂ ਆਊ? ਮਤੀ ਦਾਸ ਬੋਲਿਆ ਪਾਤਸ਼ਾਹ ਆਪ ਜੀ ਕੇ ਚਰਨਾਂ ਪਾਸੋਂ। ਸੱਚੇ ਸਤਿਗੁਰ ਕਹਿੰਦੇ ਮਤੀ ਦਾਸਾ ਸਮੁੰਦਰ ਕੋਲੋਂ ਇੱਕ ਬੂੰਦ ਜਿੰਨਾਂ ਬਲ ਲੈ ਕੇ ਕਾਹਤੋਂ ਉਛਲਦਾ ਫਿਰਦਾਂ? ਇਹ ਵਕਤ ਭਾਣੇ ਚ ਰਹਿਣ ਦਾ ਮਤੀ ਦਾਸ ਹੱਥ ਜੋੜੇ ਕਹਿਆ ਪਾਤਸ਼ਾਹ ਕ੍ਰਿਪਾ ਕਰੋ ਫਿਰ ਉਹ ਭਾਣਾ ਮੰਨਣ ਦੀ ਤਾਕਤ ਬਖਸ਼ੋਂ! ਅਬ ਇਹ ਇੱਛਾ ਸੀਖ ਹਮਾਰੀ।। ਨਮੋ ਕਰਹੁ ਕਰਤਾਰ ਅਗਾਰੀ।। ਮਤੀਦਾਸ ਸੁਨ ਕੈ ਇਮ ਕਰਨਨ।। ਕਰੀ ਬੰਦਨਾ ਸਤਿਗੁਰ ਚਰਨਨ।। ਜਿਹੜਾ ਮਤੀ ਦਾਸ ਗੁਰੂ ਨੂੰ ਪਿੰਜਰੇ ਚ ਦੇਖ ਇਤਨੇ ਰੋਹ ਚ ਆ ਗਿਆ ਕਿ ਹਕੂਮਤ ਦੀ ਇੱਟ ਨਾਲ ਇੱਟ ਖੜਕਾਉਣ ਲਈ ਕਾਹਲਾ ਸੀ ,ਜਦੋਂ ਆਰਾ ਸੀਸ ਤੇ ਚੱਲਿਆ ਤਾਂ ਅਸੀਮ ਸ਼ਾਂਤੀ ਚ ਡੁੱਬ ਗਿਆ ਸਰੀਰ ਦੋਫਾੜ ਹੋ ਗਿਆ ਪਰ ਮਤੀ ਦਾਸ ਦੀ ਸ਼ਾਂਤੀ ਭੰਗ ਨਾ ਹੋਈ।)

ਇਹ ਗੱਲ ਕੋਲ ਖੜੇ ਸਿਪਾਹੀ ਨੇ ਜਾ ਕਾਜੀ ਨੂੰ ਦੱਸੀ ਕੇ ਮਤੀ ਦਾਸ ਬਗਾਵਤ ਕਰਨ ਦੀ ਗੱਲ ਪਿਆ ਕਰਦਾ। ਕਾਜੀ ਆਂਹਦਾ ਮਤੀ ਦਾਸ ਜੇ ਹਕੂਮਤ ਦੇ ਖਿਲਾਫ ਬਗਾਵਤ ਕਰਨ ਦੀ ਗੱਲ ਕਰਦਾ ਤਾਂ ਇਸ ਦੀ ਜੁਬਾਨ ਕੱਟ ਦਿੱਤੀ ਜਾਵੇ। ਜੁਬਾਨ ਕੱਟਣ ਦਾ ਹੁਕਮ ਦੇ ਕਾਜੀ ਬੋਲਿਆ ਮਤੀ ਦਾਸ ਵਕਤ ਈ ਇਸਲਾਮ ਕਬੂਲ ਕਰ ਲੈ? ਹਰੇਕ ਦੌਲਤ ਸ਼ੌਹਰਤ ਮਿਲੂਗੀ ਭਾਈ ਸਾਹਿਬ ਆਖਿਆ ਕਾਜੀ ਸਾਬ ਇਤਨੇ ਸਾਲ ਦੀ ਗੁਰੂ ਘਰ ਦੀ ਦੀਵਾਨੀ ਕਰ ਰਿਹਾਂ ਬਚਪਨ ਤੋਂ ਹੀ ਪਿਤਾ ਹਜੂਰ ਗੁਰੂ ਹਰਿ ਰਾਇ ਜੀ ਦੇ ਪਾਸ ਛੱਡ ਆਏ ਸਨ। ਮੇਰਾ ਦਾਦਾ ਦੀਵਾਨ ਫਿਰ ਚਾਚਾ ਦਰਗਾਹ ਮੱਲ ਗੁਰੂ ਕਾ ਦੀਵਾਨ ਤੇ ਫਿਰ ਮਤੀ ਦਾਸ ਨੇ ਉਹ ਦੀਵਾਨੀ ਕੀਤੀ। ਦੌਲਤਾਂ ਦਾ ਤੇ ਕਦੇ ਘਾਟਾ ਨਹੀਂ ਰਿਹਾ। ਹਰੇਕ ਦੁਨੀਆਂ ਦੇ ਰੰਗ-ਤਮਾਸ਼ਿਆਂ ਦਾ ਸ਼ਵਾਦ ਚੱਖ ਲਿਆ ਬਸ ਅੱਜ ਤੱਕ ਜੁਬਾਨ ਕਟਵਾਉਣ ਵਾਲਾ ਅਨੰਦ ਨਹੀ ਲਿਆ। ਇਤਨਾ ਸੁਣਦੇ ਕਾਜੀ ਹੋਰ ਅੱਗ ਬਬੂਲਾ ਹੋ ਬੋਲਿਆ ਇਸਦੀ ਜੁਬਾਨ ਅੱਧ ਵਿਚੋਂ ਕੱਟਾਗੇਂ ਫਿਰ ਹੁਕਮ ਦਿੱਤਾ ਕਿ ਆਰੇ ਨਾਲ ਵਿਚਕਾਰੋਂ ਚੀਰ ਦਿੱਤਾ ਜਾਏ। ਮਤੀਦਾਸ ਕੋ ਕੀਨਿ ਬੁਲਾਵਨਿ। ਦੁਇ ਤਖਤੇ ਮਹਿੰ ਕਰਯੋ ਬੰਧਾਵਨਿ।। ਹੁਕਮ ਜਲਾਦਨਿ ਤਬਹਿ ਉਚਾਰਾ।। ਲੈ ਆਰਾ ਸਿਰ ਪਰ ਤਿਸ ਧਾਰਾ।। ਕਾਜੀ ਆਖਿਆ ਮਤੀ ਦਾਸ ਆਖਰੀ ਸਮਾਂ ਸੋਚ ਲੈ ਤੇ ਕੁਝ ਮੰਗ ਲਾ? ਮਤੀ ਦਾਸ ਕਹਿੰਦਾ ਕਾਜੀ ਸਾਬ ਜੇ ਮੰਗ ਪੂਰੀ ਕਰਨੀ ਤਾਂ ਆਰਾ ਫੇਰਨ ਵੇਲੇ ਮੇਰਾ ਮੂੰਹ ਮੇਰੇ ਗੁਰੂ ਵੱਲ ਕਰ ਦਈਂ। ਮਤੀ ਦਾਸ ਗੁਰੂ ਤੋਂ ਪਾਸੇ ਮੂੰਹ ਕਰਕੇ ਸ਼ਹੀਦ ਨਹੀਂ ਹੋਣਾ ਚਾਹੁੰਦਾ। ਅਖੀਰ ਮਿਤੀ 11 ਨਵੰਬਰ 1675 ਈ. ਨੂੰ ਭਾਈ ਸਾਹਿਬ ਦਾ ਮੂੰਹ ਧਰਮ ਦੀ ਚਾਦਰ ਵਾਲੇ ਪਾਸੇ ਕਰਕੇ ਆਰੇ ਨਾਲ ਸਰੀਰ ਦੋਫਾੜ ਕਰ ਦਿੱਤਾ।



ਤਨ ਆਰਿਆਂ ਨਾਲ ਚਿਰਾਏ ਗਏ ਤਿਨਾਂ ਦੀ ਕਮਾਈ ਦਾ ਧਿਆਨ ਧਰ ਕੇ ਖਾਲਸਾ ਜੀ ਬੋਲੋ ਜੀ ਵਾਹਿਗੁਰੂ।।

**- ਡਾ. ਸੁਰਜੀਤ ਸਿੰਘ ਜਰਮਨੀ**



**ਕੁਰੁਕਸ਼ੇਤਰ, 22 ਜੁਲਾਈ: ਜਥੇਦਾਰ ਜਗਦੀਸ਼ ਸਿੰਘ ਝੀਂਡਾ ਨੇ ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ (HSGMC) ਦੀਆਂ ਸਭ ਉਪ-ਕਮੇਟੀਆਂ, ਜਿਵੇਂ ਧਰਮ ਪ੍ਰਚਾਰ, ਆਈਟੀ ਵਿੰਗ, ਸਿੱਖਿਆ, ਖੇਤੀਬਾੜੀ, ਖਰੀਦ ਵਿਭਾਗ, ਆਦਿ ਦੇ ਚੇਅਰਮੈਨਾਂ ਦੀ ਨਿਯੁਕਤੀ ਰੱਦ ਕਰ ਦਿੱਤੀ। ਇਹ ਫੈਸਲਾ ਪ੍ਰਬੰਧਨ ਸੁਧਾਰ ਲਈ ਲਿਆ ਗਿਆ, ਪਰ ਇਸ ਨਾਲ ਕਮੇਟੀ 'ਚ ਤਣਾਅ ਵਧ ਸਕਦਾ ਹੈ। ਜਥੇਦਾਰ ਝੀਂਡਾ ਨੇ ਕਿਹਾ ਕਿ ਇਹ ਕਦਮ ਪਾਰਦਰਸ਼ਤਾ ਅਤੇ ਕੁਸ਼ਲਤਾ ਲਈ ਜ਼ਰੂਰੀ ਸੀ ।**